Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 127 Chief Editor : Chowdhary Prabhjit Singh, Editor : Chhatarpal Singh 98146-32807, Wednesday 4 November 2026 Price : 2 Rs. Page : 6

ਜਗਤਾਰ ਸਿੰਘ ਹਵਾਰਾ ਨੂੰ ਪੰਜਾਬ ਤਬਦੀਲ ਕਰਨ ਨਾਲ ਚੋਣਾਂ 'ਤੇ ਪਵੇਗਾ ਅਸਰ: ਆਈ ਬੀ

ਨਵੀਂ ਦਿੱਲੀ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਖ਼ੁਫ਼ੀਆ ਬਿਊਰੋ (ਆਈ ਬੀ) ਨੇ ਮੰਗਲਵਾਰ ਨੂੰ ਸੁਪਰੀਮ ਕੋਰਟ ਨੂੰ ਦੱਸਿਆ ਕਿ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਜਗਤਾਰ ਸਿੰਘ ਹਵਾਰਾ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਕਿਸੇ ਵੀ ਜੇਲ੍ਹ ਵਿੱਚ ਤਬਦੀਲ ਕਰਨ ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਤੇ ਵੱਡਾ ਅਸਰ ਪੈ ਸਕਦਾ ਹੈ। ਆਈ ਬੀ ਨੇ ਅਦਾਲਤ ਨੂੰ ਇਹ ਵੀ ਦੱਸਿਆ ਕਿ ਹਵਾਰਾ ਉੱਚ ਜੋਖ਼ਮ ਵਾਲੇ ਕੈਦੀਆਂ ਦੀ ਸ਼੍ਰੇਣੀ ਵਿੱਚ ਆਉਂਦਾ ਹੈ ਅਤੇ ਉਸ ਨੂੰ ਪੰਜਾਬ ਤਬਦੀਲ ਨਹੀਂ ਕੀਤਾ ਜਾਣਾ ਚਾਹੀਦਾ।

ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਪੀ ਬੀ ਵਰਾਲੇ ਦੇ ਬੈਂਚ ਨੇ ਸੀਨੀਅਰ ਵਕੀਲ ਐੱਸ ਮੁਰਲੀਧਰ ਨੂੰ ਕਿਹਾ ਕਿ ਖ਼ੁਫ਼ੀਆ ਏਜੰਸੀ ਦੀ ਰਿਪੋਰਟ ਬੇਹੱਦ ਗੰਭੀਰ ਹੈ। ਇਸ 'ਤੇ ਮੁਰਲੀਧਰ ਨੇ ਕਿਹਾ ਕਿ ਜੇਕਰ ਚੋਣਾਂ ਨੂੰ ਲੈ ਕੇ ਕੋਈ ਚਿੰਤਾ ਹੈ ਤਾਂ ਇਸ ਮਾਮਲੇ ਦੀ ਸੁਣਵਾਈ ਤਿੰਨ ਮਹੀਨਿਆਂ ਬਾਅਦ ਕੀਤੀ ਜਾ ਸਕਦੀ ਹੈ। ਸੁਪਰੀਮ ਕੋਰਟ ਨੇ ਮਾਮਲੇ ਦੀ ਅਗਲੀ ਸੁਣਵਾਈ ਅਗਲੇ ਸਾਲ ਫਰਵਰੀ ਵਿੱਚ ਤੈਅ ਕੀਤੀ ਹੈ। ਪੰਜਾਬ ਦੀਆਂ 117 ਵਿਧਾਨ ਸਭਾ ਸੀਟਾਂ ਲਈ ਅਗਲੇ ਸਾਲ ਦੇ ਸ਼ੁਰੂ ਵਿੱਚ ਚੋਣਾਂ ਹੋਣੀਆਂ ਹਨ।

ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ ਦਿੱਲੀ ਸਰਕਾਰ ਨੂੰ ਹਦਾਇਤ ਕੀਤੀ ਸੀ ਕਿ ਉਹ ਹਵਾਰਾ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਕਿਸੇ ਵੀ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਬਾਰੇ ਖ਼ੁਫ਼ੀਆ ਬਿਊਰੋ ਤੋਂ ਰਿਪੋਰਟ ਲਵੇ।

ਦਿੱਲੀ ਸਰਕਾਰ ਵੱਲੋਂ ਪੇਸ਼ ਹੋਈ ਵਧੀਕ ਸੌਲੀਸਿਟਰ ਜਨਰਲ ਐਸ਼ਵਰਿਆ ਭਾਟੀ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਹਵਾਰਾ ਪਹਿਲਾਂ ਜੇਲ੍ਹ ਵਿੱਚੋਂ ਫਰਾਰ ਹੋਣ ਦੀ ਘਟਨਾ ਵਿੱਚ ਸ਼ਾਮਲ ਰਿਹਾ ਹੈ। ਬੇਅੰਤ ਸਿੰਘ ਕਤਲ ਮਾਮਲੇ ਵਿੱਚ ਉਸ ਨੂੰ ਸੁਣਾਈ ਗਈ ਫਾਂਸੀ ਦੀ ਸਜ਼ਾ ਨੂੰ ਬਾਅਦ ਵਿੱਚ ਉਮਰ ਕੈਦ ਵਿੱਚ ਬਦਲ ਦਿੱਤਾ ਗਿਆ ਸੀ।

ਉਨ੍ਹਾਂ ਦਲੀਲ ਦਿੱਤੀ ਕਿ ਹਵਾਰਾ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਨਾਲ ਉਸ ਦੇ ਫਰਾਰ ਹੋਣ ਦੀ ਸੰਭਾਵਨਾ ਵਧ ਸਕਦੀ ਹੈ। ਇਸ ਸਬੰਧ ਵਿੱਚ ਉਨ੍ਹਾਂ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਉੱਚ ਜੋਖ਼ਮ ਵਾਲੇ ਕੈਦੀਆਂ ਨੂੰ ਇਕ ਜੇਲ੍ਹ ਤੋਂ ਦੂਜੀ ਜੇਲ੍ਹ ਵਿੱਚ ਤਬਦੀਲ ਕਰਨ ਬਾਰੇ ਜਾਰੀ ਸਲਾਹ ਦਾ ਹਵਾਲਾ ਦਿੱਤਾ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਦਾਇਰ ਹਲਫ਼ਨਾਮੇ ਦਾ ਵੀ ਜ਼ਿਕਰ ਕਰਦਿਆਂ ਕਿਹਾ ਕਿ ਹਵਾਰਾ ਦੀ ਤਬਦੀਲੀ ਨਾਲ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ਪ੍ਰਭਾਵਿਤ ਹੋ ਸਕਦੀ ਹੈ।ਭਾਟੀ ਨੇ ਇਹ ਵੀ ਦੱਸਿਆ ਕਿ ਹਵਾਰਾ ਨੂੰ ਚੰਡੀਗੜ੍ਹ



ਦੀ ਜੇਲ੍ਹ ਵਿੱਚ ਸੁਰੰਗ ਪੁੱਟਣ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਜਾ ਚੁੱਕਾ ਹੈ।

1995 ਵਿੱਚ ਬੇਅੰਤ ਸਿੰਘ ਦੀ ਹੱਤਿਆ ਵਿੱਚ ਮਾਰੇ ਗਏ ਸਨ 17 ਜਣੇ

ਹਵਾਰਾ ਅਗਸਤ 1995 ਵਿੱਚ ਚੰਡੀਗੜ੍ਹ ਦੇ ਸਿਵਲ ਸਕੱਤਰੇਤ ਦੇ ਮੁੱਖ ਗੇਟ 'ਤੇ ਹੋਏ ਬੰਬ ਧਮਾਕੇ ਦੇ ਮਾਮਲੇ ਵਿੱਚ ਉਮਰ ਭਰ ਦੀ ਕੈਦ ਦੀ ਸਜ਼ਾ ਕੱਟ ਰਿਹਾ ਹੈ। ਇਸ ਧਮਾਕੇ ਵਿੱਚ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਸਮੇਤ 17 ਜਣਿਆਂ ਦੀ ਮੌਤ ਹੋ ਗਈ ਸੀ। ਪਿਛਲੇ ਸਾਲ 27 ਸਤੰਬਰ ਨੂੰ ਸੁਪਰੀਮ ਕੋਰਟ ਨੇ ਹਵਾਰਾ ਦੀ ਪਟੀਸ਼ਨ 'ਤੇ ਕੇਂਦਰ ਸਰਕਾਰ, ਚੰਡੀਗੜ੍ਹ ਪ੍ਰਸ਼ਾਸਨ ਅਤੇ ਦਿੱਲੀ ਤੇ ਪੰਜਾਬ ਸਰਕਾਰਾਂ ਨੂੰ ਨੋਟਿਸ ਜਾਰੀ ਕੀਤੇ ਸਨ।

ਸੁਪਰੀਮ ਕੋਰਟ ਵਿੱਚ ਦਾਇਰ ਪਟੀਸ਼ਨ ਵਿੱਚ ਹਵਾਰਾ ਨੇ ਕਿਹਾ ਸੀ ਕਿ ਜਨਵਰੀ 2004 ਵਿੱਚ ਜੇਲ੍ਹ ਵਿੱਚੋਂ ਫਰਾਰ ਹੋਣ ਦੀ ਘਟਨਾ ਨੂੰ ਛੱਡ ਕੇ ਜੇਲ੍ਹ ਵਿੱਚ ਉਸ ਦਾ ਵਿਹਾਰ ਤਸੱਲੀਬਖ਼ਸ਼ ਰਿਹਾ ਹੈ। ਉਸ ਨੇ ਕਿਹਾ ਕਿ ਕਿਉਂਕਿ ਦਿੱਲੀ ਵਿੱਚ ਉਸ ਖ਼ਿਲਾਫ਼ ਕੋਈ ਵੀ ਮਾਮਲਾ ਲੰਬਿਤ ਨਹੀਂ ਹੈ, ਇਸ ਲਈ ਉਸ ਨੂੰ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਕਿਸੇ ਹੋਰ ਜੇਲ੍ਹ ਵਿੱਚ ਤਬਦੀਲ ਕੀਤਾ ਜਾਣਾ ਚਾਹੀਦਾ ਹੈ।

22 ਜਨਵਰੀ 2004 ਨੂੰ ਹਵਾਰਾ, ਪਰਮਜੀਤ ਸਿੰਘ ਭਿਓਰਾ, ਤਾਰਾ ਅਤੇ ਕਤਲ ਦੇ ਇਕ ਹੋਰ ਦੋਸ਼ੀ ਦੇਵੀ ਸਿੰਘ ਨੇ ਚੰਡੀਗੜ੍ਹ ਦੀ ਉੱਚ ਸੁਰੱਖਿਆ ਵਾਲੀ ਬੁੜੈਲ ਜੇਲ੍ਹ ਵਿੱਚੋਂ ਫਰਾਰ ਹੋਣ ਲਈ ਲਗਪਗ 100 ਫੁੱਟ ਲੰਬੀ ਸੁਰੰਗ ਪੁੱਟੀ ਸੀ। ਹਵਾਰਾ ਅਤੇ ਭਿਓਰਾ ਨੂੰ ਅਗਲੇ ਦੋ ਸਾਲਾਂ ਦੌਰਾਨ ਮੁੜ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਇਸ ਮਾਮਲੇ ਵਿੱਚ ਭਗੌੜਾ ਐਲਾਨਿਆ ਗਿਆ ਤਾਰਾ ਥਾਈਲੈਂਡ ਵਿੱਚੋਂ ਗ੍ਰਿਫ਼ਤਾਰ ਹੋਇਆ ਸੀ, ਜਦਕਿ ਦੇਵੀ ਸਿੰਘ ਅਜੇ ਵੀ ਫਰਾਰ ਹੈ ਅਤੇ ਉਸ ਨੂੰ ਵੀ ਭਗੌੜਾ ਐਲਾਨਿਆ ਹੋਇਆ ਹੈ। ਹਵਾਰਾ ਦੀ ਪਟੀਸ਼ਨ ਵਿੱਚ ਕਿਹਾ ਗਿਆ ਸੀ ਕਿ ਉਹ ਪੰਜਾਬ ਦੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦਾ ਰਹਿਣ ਵਾਲਾ ਹੈ ਅਤੇ ਪੰਜਾਬ ਵਿੱਚ ਦਰਜ ਮਾਮਲੇ ਵਿੱਚ ਹੀ ਉਮਰ ਭਰ ਦੀ ਸਜ਼ਾ ਕੱਟ ਰਿਹਾ ਹੈ। ਇਸ ਲਈ ਉਸ ਨੂੰ ਪੰਜਾਬ ਦੀ ਜੇਲ੍ਹ ਵਿੱਚ ਰੱਖਿਆ ਜਾਣਾ ਚਾਹੀਦਾ ਹੈ। ਪਟੀਸ਼ਨ ਮੁਤਾਬਕ ਬੇਅੰਤ ਸਿੰਘ ਦੀ ਹੱਤਿਆ ਤੋਂ ਬਾਅਦ ਹਵਾਰਾ ਖ਼ਿਲਾਫ਼ 36 ਮਾਮਲੇ ਦਰਜ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ ਇਕ ਨੂੰ ਛੱਡ ਕੇ ਬਾਕੀ ਸਾਰੇ ਮਾਮਲਿਆਂ ਵਿੱਚ ਉਹ ਬਰੀ ਹੋ ਚੁੱਕਾ ਹੈ। ਪਟੀਸ਼ਨ ਵਿੱਚ ਇਹ ਵੀ ਕਿਹਾ ਗਿਆ ਕਿ ਇਸੇ ਮਾਮਲੇ ਵਿੱਚ ਦੋਸ਼ੀ ਠਹਿਰਾਏ ਗਏ ਅਤੇ ਜੇਲ੍ਹ ਵਿੱਚੋਂ ਫਰਾਰ ਹੋਣ ਦੀ ਘਟਨਾ ਵਿੱਚ ਸ਼ਾਮਲ ਇਕ ਹੋਰ ਵਿਅਕਤੀ ਨੂੰ ਤਿਹਾੜ ਜੇਲ੍ਹ ਤੋਂ ਚੰਡੀਗੜ੍ਹ ਦੀ ਜੇਲ੍ਹ ਵਿੱਚ ਤਬਦੀਲ ਕੀਤਾ ਜਾ ਚੁੱਕਾ ਹੈ।

ਹਵਾਰਾ ਨੇ ਦਲੀਲ ਦਿੱਤੀ ਕਿ ਕਈ ਸਾਲ ਪਹਿਲਾਂ ਉਸ ਨੂੰ ਉੱਚ ਜੋਖ਼ਮ ਵਾਲਾ ਕੈਦੀ ਮੰਨਿਆ ਜਾਣਾ ਅੱਜ ਵੀ ਉਸ ਨੂੰ ਦਿੱਲੀ ਦੀ ਜੇਲ੍ਹ ਵਿੱਚ ਰੱਖਣ ਦਾ ਢੁੱਕਵਾਂ ਆਧਾਰ ਨਹੀਂ ਹੋ ਸਕਦਾ। ਉਸ ਨੇ ਇਹ ਵੀ ਦੱਸਿਆ ਕਿ ਉਸ ਦੀ ਧੀ ਪੰਜਾਬ ਵਿੱਚ ਰਹਿੰਦੀ ਹੈ।

ਪਟੀਸ਼ਨ ਵਿੱਚ ਇਹ ਸਵਾਲ ਵੀ ਉਠਾਇਆ ਗਿਆ ਸੀ ਕਿ ਕੀ ਕੋਈ ਵਿਅਕਤੀ, ਜਿਸ ਨੇ 19 ਸਾਲਾਂ ਤੋਂ ਜੇਲ੍ਹ ਵਿੱਚ ਆਪਣਾ ਵਿਹਾਰ ਠੀਕ ਰੱਖਿਆ ਹੋਵੇ, ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਕਰ ਸਕਦਾ ਹੈ ਜਾਂ ਨਹੀਂ।

ਜ਼ਿਕਰਯੋਗ ਹੈ ਕਿ ਹਵਾਰਾ ਨੂੰ ਹੇਠਲੀ ਅਦਾਲਤ ਨੇ ਮਾਰਚ 2007 ਵਿੱਚ ਫਾਂਸੀ ਦੀ ਸਜ਼ਾ ਸੁਣਾਈ ਸੀ। ਅਕਤੂਬਰ 2010 ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਉਸ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਸੀ ਅਤੇ ਹੁਕਮ ਦਿੱਤਾ ਸੀ ਕਿ ਉਸ ਨੂੰ ਬਾਕੀ ਜ਼ਿੰਦਗੀ ਜੇਲ੍ਹ ਵਿੱਚ ਹੀ ਰਹਿਣਾ ਪਵੇਗਾ।

ਪ੍ਰਧਾਨ ਮੰਤਰੀ ਮੋਦੀ ਨੇ ਪੁਣੇ ਮੈਟਰੋ ਲਾਈਨ 3 ਨੂੰ ਦਿਖਾਈ ਹਰੀ ਝੰਡੀ

ਨਵੀਂ ਦਿੱਲੀ, 3 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਡੀਓ ਕਾਨਫ਼ਰੰਸਿੰਗ ਰਾਹੀਂ ਪੁਣੇ ਮੈਟਰੋ ਲਾਈਨ 3 ਨੂੰ ਹਰੀ ਝੰਡੀ ਦਿਖਾਈ, ਜੋ ਮਾਨ-ਹਿੰਜੇਵਾੜੀ ਨੂੰ ਸ਼ਿਵਾਜੀਨਗਰ ਨਾਲ ਜੋੜਦੀ ਹੈ। ਇਸ ਪ੍ਰੋਗਰਾਮ ਵਿਚ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਸੁਨੇਤਰਾ ਅਜੀਤ ਪਵਾਰ ਵੀ ਸ਼ਾਮਿਲ ਹੋਏ। ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਅੱਜ ਦਾ ਇਹ ਮੌਕਾ ਲੋਕ-ਪੱਖੀ, ਅਗਾਂਹਵਧੂ ਸੋਚ ਵਾਲੇ ਅਤੇ ਚੰਗੇ ਸ਼ਾਸਨ (ਗੁੱਡ ਗਵਰਨੈਂਸ) ਦੀ ਇਕ ਮਿਸਾਲ ਹੈ। ਸਾਡੇ ਦੇਸ਼ ਵਿਚ ਪਹਿਲੀ ਮੈਟਰੋ ਸੇਵਾ 1984 ਵਿਚ ਸ਼ੁਰੂ ਹੋਈ ਸੀ। ਇਸ ਤੋਂ ਬਾਅਦ ਦੇ 30 ਸਾਲਾਂ ਵਿਚ, ਮੈਟਰੋ ਲਾਈਨਾਂ ਦਾ ਨਿਰਮਾਣ ਸਿਰਫ਼ 248 ਕਿਲੋਮੀਟਰ ਤੱਕ ਹੀ ਸੀਮਤ ਰਿਹਾ। 2014 ਤੱਕ, ਦੇਸ਼ ਭਰ ਵਿਚ ਮੈਟਰੋ ਸਿਰਫ਼ 5 ਸ਼ਹਿਰਾਂ ਵਿਚ ਹੀ ਚੱਲ ਰਹੀ ਸੀ। ਜੇਕਰ ਪੁਰਾਣੀ ਸਰਕਾਰ ਅਤੇ ਉਸ ਦੀ ਪੁਰਾਣੀ ਕੰਮ-ਸੱਭਿਆਚਾਰਕ ਸ਼ੈਲੀ ਜਾਰੀ ਰਹਿੰਦੀ, ਤਾਂ ਪੁਣੇ ਤੱਕ ਮੈਟਰੋ ਪਹੁੰਚਣ ਵਿਚ ਕਈ ਹੋਰ ਦਹਾਕੇ ਲੱਗ ਜਾਣੇ ਸਨ। ਪਰ 2014 ਵਿਚ, ਜਦੋਂ ਦੇਸ਼ ਨੇ ਐਨ.ਡੀ.ਏ. ਨੂੰ ਸੇਵਾ ਕਰਨ ਦਾ ਮੌਕਾ ਦਿੱਤਾ, ਤਾਂ ਅਸੀਂ ਇਕ ਪੱਕੇ ਇਰਾਦੇ ਨਾਲ ਅੱਗੇ ਵਧੇ। ਇਹ ਇਰਾਦਾ ਸਾਡੇ ਸ਼ਹਿਰਾਂ ਵਿਚ ਰਹਿਣ ਵਾਲੇ ਮੱਧ ਵਰਗ ਲਈ ਜੀਵਨ ਨੂੰ ਸੁਖਾਲਾ ਬਣਾਉਣ ਅਤੇ ਆਵਾਜਾਈ ਨੂੰ ਆਸਾਨ ਕਰਨ 'ਤੇ ਕੇਂਦਰਿਤ ਸੀ—ਅਤੇ ਅੱਜ, ਅਸੀਂ ਇਸ ਦੇ ਨਤੀਜੇ ਦੇਖ ਰਹੇ ਹਾਂ... 2014 ਵਿਚ 248 ਕਿਲੋਮੀਟਰ ਦੇ ਨੈੱਟਵਰਕ ਤੋਂ, ਮੈਟਰੋ ਸੰਪਰਕ ਹੁਣ ਵਧ ਕੇ ਲਗਭਗ 1,200 ਕਿਲੋਮੀਟਰ ਤੱਕ ਪਹੁੰਚ ਗਿਆ ਹੈ। ਜਿੱਥੇ 2014 ਵਿਚ ਮੈਟਰੋ ਸਿਰਫ਼ 5 ਸ਼ਹਿਰਾਂ ਵਿਚ ਚੱਲ ਰਹੀ ਸੀ, ਉੱਥੇ ਹੁਣ ਇਹ ਦੇਸ਼ ਭਰ ਦੇ 26 ਸ਼ਹਿਰਾਂ ਵਿਚ ਚੱਲ ਰਹੀ ਹੈ।

ਜਸਟਿਸ ਰਣਜੀਤ ਸਿੰਘ ਦਾ ਨਾਂ ਮੁਕੱਦਮੇ 'ਚੋਂ ਹਟਾਉਣ 'ਤੇ ਇਤਰਾਜ਼ ਨਹੀਂ: ਡਾ. ਗੁਰਪ੍ਰੀਤ ਕੌਰ

ਚੰਡੀਗੜ੍ਹ, 3 ਨਵੰਬਰ
-ਜੀ. ਐਸ. ਤੁੰਗ-

ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਅਤੇ ਪੰਜਾਬ ਮਨੁੱਖੀ ਅਧਿਕਾਰ ਸੰਗਠਨ (ਪੀਐੱਚਆਰਓ) ਦੇ ਚੇਅਰਮੈਨ ਜਸਟਿਸ ਰਣਜੀਤ ਸਿੰਘ ਦਾ ਨਾਂ ਮਾਣਹਾਨੀ ਦੇ ਹਰਜਾਨੇ ਸਬੰਧੀ ਦਾਇਰ ਮੁਕੱਦਮੇ ਵਿੱਚੋਂ ਹਟਾਉਣ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੇ ਕੋਈ ਇਤਰਾਜ਼ ਨਾ ਹੋਣ ਦੀ ਗੱਲ ਕਹੀ ਹੈ। ਉਨ੍ਹਾਂ ਦੇ ਵਕੀਲ ਸੁਖਬੀਰ ਸਿੰਘ ਨੇ ਅੱਜ ਚੰਡੀਗੜ੍ਹ ਦੀ ਅਦਾਲਤ ਵਿੱਚ ਇਹ ਬਿਆਨ ਦਰਜ ਕਰਵਾਇਆ। ਜਸਟਿਸ ਰਣਜੀਤ ਸਿੰਘ ਨੇ ਕਰੀਬ ਇਕ ਮਹੀਨਾ ਪਹਿਲਾਂ ਅਦਾਲਤ ਵਿੱਚ ਅਰਜ਼ੀ ਦਾਇਰ ਕਰ ਕੇ ਡਾ. ਗੁਰਪ੍ਰੀਤ ਕੌਰ ਤੋਂ 50 ਹਜ਼ਾਰ ਰੁਪਏ ਮੁਆਵਜ਼ਾ ਦਿਵਾਉਣ ਦੀ ਮੰਗ ਕੀਤੀ ਸੀ। ਡਾ. ਗੁਰਪ੍ਰੀਤ ਕੌਰ ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਮੁਕੱਦਮੇ ਵਿੱਚ ਦੂਜੇ ਧਿਰ ਵਜੋਂ ਸ਼ਾਮਲ ਜਸਟਿਸ ਰਣਜੀਤ



ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਡੀਡੀ ਨਿਊਜ਼ ਦੀ ਐਂਕਰ ਭਾਵਨਾ ਨਾਇਰ ਵੱਲੋਂ ਪ੍ਰਸਾਰਿਤ ਕੀਤੀ ਗਈ ਸਮੱਗਰੀ ਅਧੂਰੀ ਸੀ ਅਤੇ ਉਸ ਵਿੱਚ ਉਨ੍ਹਾਂ ਦਾ ਪੂਰਾ ਬਿਆਨ ਪੇਸ਼ ਨਹੀਂ ਕੀਤਾ ਗਿਆ। ਉਨ੍ਹਾਂ ਦਾ ਡਾ. ਗੁਰਪ੍ਰੀਤ ਕੌਰ ਦੀ ਮਾਣਹਾਨੀ ਕਰਨ ਦਾ ਕੋਈ ਇਰਾਦਾ ਨਹੀਂ ਸੀ।

ਵਕੀਲ ਨੇ ਕਿਹਾ ਕਿ ਡਾ. ਗੁਰਪ੍ਰੀਤ ਕੌਰ ਨੇ 22 ਅਗਸਤ 2026 ਨੂੰ ਜਸਟਿਸ ਰਣਜੀਤ ਸਿੰਘ ਨੂੰ ਕਾਨੂੰਨੀ ਨੋਟਿਸ ਭੇਜ ਕੇ ਉਨ੍ਹਾਂ ਦਾ ਪੱਖ ਸਪੱਸ਼ਟ ਕਰਨ ਲਈ ਕਿਹਾ ਸੀ ਪਰ ਉਨ੍ਹਾਂ ਵੱਲੋਂ ਕੋਈ ਜਵਾਬ ਨਹੀਂ ਦਿੱਤਾ ਗਿਆ। ਇਸ ਲਈ ਡਾ. ਗੁਰਪ੍ਰੀਤ ਕੌਰ ਨੂੰ ਉਨ੍ਹਾਂ ਦੇ ਪੂਰੇ ਬਿਆਨ ਦੀ ਜਾਣਕਾਰੀ ਨਹੀਂ ਸੀ ਅਤੇ ਉਨ੍ਹਾਂ ਵੱਲੋਂ ਕੋਈ ਤੱਥ ਨਹੀਂ ਲੁਕਾਇਆ ਗਿਆ। ਉਨ੍ਹਾਂ ਨੂੰ ਜਸਟਿਸ ਰਣਜੀਤ ਸਿੰਘ ਦੇ ਪੂਰੇ ਬਿਆਨ ਬਾਰੇ ਮੁਕੱਦਮਾ ਦਾਇਰ ਕਰਨ ਤੋਂ ਬਾਅਦ ਪਤਾ ਲੱਗਿਆ। ਉਨ੍ਹਾਂ ਇਹ ਵੀ ਕਿਹਾ ਕਿ ਜਸਟਿਸ ਰਣਜੀਤ ਸਿੰਘ ਨੇ ਅਧੂਰੇ ਬਿਆਨ ਨੂੰ ਹਟਾਉਣ ਲਈ ਕਿਸੇ ਅਥਾਰਟੀ ਕੋਲ ਅਰਜ਼ੀ ਨਹੀਂ ਦਿੱਤੀ ਸੀ। ਡਾ. ਗੁਰਪ੍ਰੀਤ ਕੌਰ ਨੇ ਜਸਟਿਸ ਰਣਜੀਤ ਸਿੰਘ ਤੋਂ ਇਲਾਵਾ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ, ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਅਤੇ ਭਾਵਨਾ ਨਾਇਰ ਖ਼ਿਲਾਫ਼ ਹਰਜਾਨੇ ਦਾ ਮੁਕੱਦਮਾ ਦਾਇਰ ਕੀਤਾ ਸੀ।

ਚੀਮਾ ਵੱਲੋਂ ਬੇਬੁਨਿਆਦ ਦਾਅਵਿਆਂ ਨੂੰ ਲੈ ਕੇ ਚਰਨਜੀਤ ਸਿੰਘ ਚੰਨੀ ਦੀ ਸਖ਼ਤ ਆਲੋਚਨਾ

ਚੰਡੀਗੜ੍ਹ 3 ਨਵੰਬਰ
-ਛਤਰਪਾਲ ਸਿੰਘ-

ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਸੂਬੇ ਦੇ ਲਾਟਰੀ ਸੰਚਾਲਨ ਸਬੰਧੀ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਦੇ ਤਾਜ਼ਾ ਬਿਆਨਾਂ ਦਾ ਸਖ਼ਤ ਖੰਡਨ ਕਰਦਿਆਂ, ਉਨ੍ਹਾਂ ਦੇ ਦਾਅਵਿਆਂ ਨੂੰ ਬੇਬੁਨਿਆਦ, ਗੁੰਮਰਾਹਕੁੰਨ ਅਤੇ ਸਿਆਸੀ ਤੌਰ 'ਤੇ ਢੁਕਵੇਂ ਬਣੇ ਰਹਿਣ ਦੀ ਇੱਕ ਹਤਾਸ਼ ਕੋਸ਼ਿਸ਼ ਕਰਾਰ ਦਿੱਤਾ।

ਵਿਸਤ੍ਰਿਤ ਤੱਥ ਅਤੇ ਅੰਕੜੇ ਜਾਰੀ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਇਹ ਅੰਕੜੇ ਪਿਛਲੀ ਕਾਂਗਰਸ ਸਰਕਾਰ ਅਧੀਨ ਹੋਏ ਘੋਰ ਵਿੱਤੀ ਕੁਪ੍ਰਬੰਧਨ ਨੂੰ ਬੇਨਕਾਬ ਕਰਦੇ ਹਨ, ਜਦਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਅਧੀਨ ਪ੍ਰਾਪਤ ਕੀਤੀ ਬੇਮਿਸਾਲ ਪਾਰਦਰਸ਼ਤਾ ਅਤੇ ਮਾਲੀਏ ਦੇ ਵਾਧੇ ਨੂੰ ਉਜਾਗਰ ਕਰਦੇ ਹਨ।



ਪੰਜਾਬ ਵਿੱਚ ਕਾਂਗਰਸ ਅਤੇ 'ਆਪ' ਸਰਕਾਰਾਂ ਵਿਚਕਾਰ ਸਪੱਸ਼ਟ ਅੰਤਰ ਪੇਸ਼ ਕਰਦਿਆਂ ਉਨ੍ਹਾਂ ਅੱਗੇ ਕਿਹਾ, ਚਰਨਜੀਤ ਸਿੰਘ ਚੰਨੀ ਦੇ ਕਾਰਜਕਾਲ ਦੌਰਾਨ ਵਿੱਤੀ ਸਾਲ 2021-22 ਵਿੱਚ, ਰਾਜ ਦੀਆਂ ਲਾਟਰੀਆਂ ਤੋਂ ਸ਼ੁੱਧ ਪ੍ਰਾਪਤੀਆਂ ਮਹਿਜ਼ 19.33 ਕਰੋੜ ਰੁਪਏ ਸਨ, ਜਦੋਂ ਕਿ ਵਸਤੂ ਅਤੇ ਸੇਵਾ ਕਰ (ਜੀ.ਐਸ.ਟੀ.) ਕੁਲੈਕਸ਼ਨ 32.77 ਕਰੋੜ ਰੁਪਏ 'ਤੇ ਖੜੋਤ ਦਾ ਸ਼ਿਕਾਰ ਰਹੀ। ਭਗਵੰਤ ਮਾਨ ਸਰਕਾਰ ਦੇ ਅਧੀਨ, ਵਿੱਤੀ ਸਾਲ 2025-26 ਵਿੱਚ ਸ਼ੁੱਧ ਪ੍ਰਾਪਤੀਆਂ ਵੱਧ ਕੇ ਰਿਕਾਰਡ 70.59 ਕਰੋੜ ਰੁਪਏ ਹੋ ਗਈਆਂ ਹਨ। ਮੌਜੂਦਾ ਵਿੱਤੀ ਸਾਲ 2026-27 ਵਿੱਚ ਵੀ, 31 ਅਕਤੂਬਰ ਤੱਕ, ਸੂਬੇ ਨੇ ਪਹਿਲਾਂ ਹੀ 54.21 ਕਰੋੜ ਰੁਪਏ ਦੀਆਂ ਸ਼ੁੱਧ ਪ੍ਰਾਪਤੀਆਂ ਹਾਸਲ ਕਰ ਲਈਆਂ ਹਨ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, ਇਸ ਤੋਂ ਇਲਾਵਾ, ਸੂਬੇ ਨੇ ਲਾਟਰੀਆਂ ਤੋਂ ਇਤਿਹਾਸਕ ਜੀਐਸਟੀ ਪ੍ਰਾਪਤੀ ਦਰਜ ਕੀਤੀ ਹੈ, ਜੋ ਮੌਜੂਦਾ ਸਰਕਾਰ ਦੇ ਅਧੀਨ ਲਗਭਗ ਤਿੰਨ ਗੁਣਾ ਹੋ ਗਈ ਹੈ। ਇਹ ਪ੍ਰਾਪਤੀ 2021-22 ਦੇ 32.77 ਕਰੋੜ ਰੁਪਏ ਤੋਂ ਛਾਲ ਮਾਰ ਕੇ 2025-26 ਵਿੱਚ ਹੈਰਾਨੀਜਨਕ 93.09 ਕਰੋੜ ਰੁਪਏ ਤੱਕ ਪਹੁੰਚ ਗਈ। ਮੌਜੂਦਾ ਵਿੱਤੀ ਸਾਲ ਲਈ, ਅਕਤੂਬਰ 2026 ਤੱਕ ਜੀਐਸਟੀ ਕੁਲੈਕਸ਼ਨ 59.43 ਕਰੋੜ ਰੁਪਏ ਹੈ।

ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ, ਜਦੋਂ ਅਸੀਂ ਲਾਟਰੀਆਂ ਤੋਂ ਹੋਣ ਵਾਲੇ ਕੁੱਲ ਮਾਲੀਏ, ਜਿਸ ਵਿੱਚ ਸ਼ੁੱਧ ਪ੍ਰਾਪਤੀਆਂ ਅਤੇ ਜੀਐਸਟੀ ਦੋਵੇਂ ਸ਼ਾਮਲ ਹਨ, 'ਤੇ ਨਜ਼ਰ ਮਾਰਦੇ ਹਾਂ, ਤਾਂ ਕਾਂਗਰਸ ਸਰਕਾਰ 2021-22 ਵਿੱਚ ਸਿਰਫ 52.10 ਕਰੋੜ ਰੁਪਏ ਹੀ ਜੁਟਾ ਸਕੀ ਸੀ। ਇਸ ਦੇ ਬਿਲਕੁਲ ਉਲਟ, ਸਾਡੀ ਸਰਕਾਰ ਨੇ 2025-26 ਵਿੱਚ 163.68 ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਪੈਦਾ ਕੀਤਾ ਹੈ। ਇਹ 200% ਤੋਂ ਵੱਧ ਦਾ ਵਾਧਾ ਹੈ। ਕੁੱਲ ਮਾਲੀਆ ਉਤਪਾਦਨ ਦੀ ਸਾਲ-ਦਰ-ਸਾਲ ਤੁਲਨਾ ਪੇਸ਼ ਕਰਦਿਆਂ, ਵਿੱਤ ਮੰਤਰੀ ਨੇ ਕਿਹਾ, ਕਾਂਗਰਸ ਦੇ ਸ਼ਾਸਨ ਦੌਰਾਨ, ਕੁੱਲ ਸਾਲਾਨਾ ਮਾਲੀਆ ਘੱਟ ਰਿਹਾ, ਜੋ 2017-18 ਵਿੱਚ ਮਹਿਜ਼ 7.47 ਕਰੋੜ ਰੁਪਏ ਤੋਂ ਸ਼ੁਰੂ ਹੋ ਕੇ 2018-19 ਵਿੱਚ 45.56 ਕਰੋੜ ਰੁਪਏ, 2019-20 ਵਿੱਚ 38.67 ਕਰੋੜ ਰੁਪਏ ਅਤੇ 2020-21 ਵਿੱਚ 59.87 ਕਰੋੜ ਰੁਪਏ ਤੱਕ ਪਹੁੰਚਿਆ, ਅਤੇ 2021-22 ਵਿੱਚ ਘਟ ਕੇ 52.10 ਕਰੋੜ ਰੁਪਏ ਰਹਿ ਗਿਆ।

ਬਾਬਾ ਸਾਹਿਬ ਦੀ 1951 ਦੀ ਪਟਿਆਲਾ ਫੇਰੀ ਦੀ ਯਾਦ ਨੂੰ ਸਮਰਪਿਤ ਸੰਸਥਾ ਨੇ ਕਰਵਾਇਆ ਸਨਮਾਨ ਸਮਾਰੋਹ



ਪਟਿਆਲਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਸੰਵਿਧਾਨ ਨਿਰਮਾਤਾ, ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ 29 ਅਕਤੂਬਰ 1951 ਦੀ ਪਟਿਆਲਾ ਫੇਰੀ ਦੀ ਯਾਦ ਨੂੰ ਸਮਰਪਿਤ ਪ੍ਰਤੀਭਾਸ਼ਾਲੀ ਪੜਾਈ ਵਿੱਚ ਹੋਸ਼ਿਆਰ ਵਿਦਿਆਰਥੀ ਬੱਚਿਆਂ ਅਤੇ ਸਕੂਲ ਦੇ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ ਕਰਨ ਸਬੰਧੀ ਲਾਹੋਰੀ ਗੇਟ ਗਾਂਧੀ ਨਗਰ ਸਥਿਤ ਸਰਕਾਰੀ ਹਾਈ ਸਕੂਲ ਵਿਖੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਡਾ. ਅੰਬੇਡਕਰ ਲਾਇਬ੍ਰੇਰੀ ਤੇ ਸਟੱਡੀ ਸਰਕਲ ਸੰਸਥਾ ਵੱਲੋਂ ਪ੍ਰਧਾਨ ਹੇਮ ਰਾਜ ਭੱਟੀ, ਜਨਰਲ ਸਕੱਤਰ ਬਲਬੀਰ ਸਿੰਘ ਬੈਂਸ ਐਡਵੋਕੇਟ ਦੀ ਅਗਵਾਈ ਵਿੱਚ ਬੜੀ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਜਿਸ ਦੌਰਾਨ ਦਰਸ਼ਨ ਸਿੰਘ ਪਰੋਚੇ ਐਸ.ਬੀ.ਆਈ. ਰਿਟਾਇਰੀ ਯੂਨੀਅਨ ਨੇਤਾ, ਸ਼ਾਤਾਂ ਦੇਵੀ ਡਿਪਟੀ ਰਜਿਸਟਰਾਰ ਰਿਟਾਇਰਡ ਸੰਸਥਾ ਦੇ ਮੋਹਰੀ ਆਗੂ ਕੁਲਦੀਪ ਸਿੰਘ ਮੱਟੂ, ਫ਼ਕੀਰ ਚੰਦ, ਸਿਵਾਜੀ ਧਾਰੀਵਾਲ, ਸੰਜੀਵ ਕੁਮਾਰ ਸ਼ੈਲੀ, ਸਵਰਨ ਸਿੰਘ ਸੂਬੇਦਾਰ, ਰਾਜੇਸ਼ਵਰ ਕਵੀ, ਸ਼ੁਭਕਰਨ ਗਿੱਲ ਆਦਿ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਵਿਦਿਆ ਸਿੱਖਿਆ ਦੀ ਮਹੱਤਤਾ ਸੰਬੰਧੀ ਜਾਗਰੂਕਤਾ ਭਾਸ਼ਣ ਦਿੱਤਾ ਗਏ। ਇਸ ਮੌਕੇ ਪ੍ਰਧਾਨ ਹੇਮ ਰਾਜ ਭੱਟੀ ਅਤੇ ਜਨਰਲ ਸਕੱਤਰ ਬਲਬੀਰ ਸਿੰਘ ਬੈਂਸ ਐਡਵੋਕੇਟ ਨੇ ਬਾਬਾ ਸਾਹਿਬ ਦੀ ਯਾਦ ਵਿੱਚ ਕਰਵਾਏ ਗਏ ਸਮਾਰੋਹ ਸਬੰਧੀ ਕਿਹਾ ਕਿ 29 ਅਕਤੂਬਰ 1951 ਨੂੰ ਡਾ. ਅੰਬੇਡਕਰ ਪਟਿਆਲਾ ਦੇ ਆਰਿਆ ਸਮਾਜ ਚੌਕ ਦੇ ਇੱਕ ਪਾਰਕ ਵਿੱਚ ਆਏ ਸਨ। ਉਦੋ ਦੇਸ਼ ਦੀਆਂ ਪਹਿਲੀ ਵਾਰ ਹੋਣ ਜਾ ਰਹੀ ਆਮ ਚੋਣਾਂ ਦਾ ਦੌਰ ਚਲ ਰਿਹਾ ਸੀ। ਇੱਥੋਂ ਆ ਕੇ ਉਨ੍ਹਾਂ ਨੇ ਸੈਡਿਊਲਡ ਕਾਸਟ ਫੈਡਰੇਸ਼ਨ ਦੇ ਹੱਕ ਵਿੱਚ ਭਾਸ਼ਣ ਦਿੱਤਾ ਸੀ, ਜਿਸ ਸਬੰਧੀ ਉਨ੍ਹਾਂ ਦੀ ਇਸ ਪਟਿਆਲਾ ਫੇਰੀ ਦੀ ਯਾਦ ਵਿੱਚ ਹਰ ਸਾਲ ਸੰਸਥਾ ਡਾ. ਅੰਬੇਡਕਰ ਲਾਇਬ੍ਰੇਰੀ ਤੇ ਸਟੱਡੀ ਸਰਕਲ ਵਲੋਂ ਸਮਾਰੋਹ ਦਾ ਆਯੋਜਨ ਕੀਤਾ ਜਾਂਦਾ ਹੈ।

ਇਸ ਮੌਕੇ ਸਾਇੰਸ ਮਿਸਟ੍ਰੈਸ ਗੁਰਿੰਦਰ ਕੌਰ, ਮੁਸਕਾਨ, ਵਿਸ਼ੂ, ਅਤੇ ਮਨਪ੍ਰੀਤ ਕੌਰ ਅਧਿਆਪਕਾਵਾਂ ਦੇ ਨਿਰਦੇਸ਼ਨ ਵਿੱਚ ਵਿਦਿਆਰਥੀਆਂ ਵੱਲੋਂ ਨਾਟਕ, ਕਵਿਤਾਵਾਂ , ਗਿੱਧੇ, ਭੰਗੜੇ ਦੀਆਂ ਸਫਲ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਸਮਾਰੋਹ ਦੌਰਾਨ ਸਕੂਲ ਦੇ ਮੁੱਖ ਅਧਿਆਪਿਕਾ ਮੈਡਮ ਨਿਲਮ, ਅਤੇ ਸੁਖਚੈਨ ਕੌਰ, ਪਰਮਿੰਦਰ ਸਿੰਘ, ਜਾਹਿਦਾ ਕੁਰੈਸ਼ੀ, ਵਰੁੰਜੀਤ ਕੌਰ, ਡਿੰਪਲ, ਬਲਜੀਤ ਸਿੰਘ, ਹਰਿੰਦਰ ਕੌਰ, ਰਮਨਜੋਤ, ਗੁਰਿੰਦਰ ਕੌਰ, ਸਮੂੰਹ ਸਕੂਲ ਟੀਚਰ ਸਟਾਫ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 1984 ਦੀ ਸਿੱਖ ਨਸਲਕੁਸ਼ੀ ਨੂੰ ਸਮਰਪਿਤ ਗੋਸ਼ਟੀ ਅਤੇ ਪੁਸਤਕ ਲੋਕ ਅਰਪਣ



ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਪੰਜਾਬੀ ਵਿਭਾਗ ਵੱਲੋਂ 1984 ਦੀ ਸਿੱਖ ਨਸਲਕੁਸ਼ੀ ਨੂੰ ਸਮਰਪਿਤ ਗੋਸ਼ਟੀ ਅਤੇ ਪੁਸਤਕ ਲੋਕ ਅਰਪਣ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਵਾਈਸ ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਕੀਤੀ। ਇਸ ਮੌਕੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮੁੱਖ ਬੁਲਾਰਿਆਂ ਵਜੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਪ੍ਰੋ. ਪਰਮਵੀਰ ਸਿੰਘ ਅਤੇ ਪ੍ਰੋ. ਗੁਰਮੁੱਖ ਸਿੰਘ ਨੇ ਸ਼ਿਰਕਤ ਕੀਤੀ। ਪੁਸਤਕ ਦੇ ਲੇਖਕ ਗੁਰਜੰਟ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪੰਜਾਬੀ ਵਿਭਾਗ ਦੇ ਮੁਖੀ ਡਾ. ਸਿਕੰਦਰ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਵਿਦਿਆਰਥੀਆਂ ਨੂੰ 1984 ਦੀਆਂ ਘਟਨਾਵਾਂ ਬਾਰੇ ਜਾਣੂ ਕਰਵਾਇਆ। ਲੇਖਕ ਗੁਰਜੰਟ ਸਿੰਘ ਨੇ ਆਪਣੀ ਪੁਸਤਕ ਬਾਰੇ ਗੱਲ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਜਾ ਕੇ ਨਸਲਕੁਸ਼ੀ ਨਾਲ ਸਬੰਧਿਤ ਅੰਕੜੇ ਇਕੱਤਰ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਦੁਖਾਂਤ ਕੇਵਲ ਦਿੱਲੀ ਤੱਕ ਸੀਮਿਤ ਨਹੀਂ ਸੀ, ਸਗੋਂ ਦੇਸ਼ ਦੇ ਕਈ ਹਿੱਸਿਆਂ ਵਿੱਚ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਗਿਆ। ਪ੍ਰੋ. ਗੁਰਮੁੱਖ ਸਿੰਘ ਨੇ ਅਜਿਹੀਆਂ ਘਟਨਾਵਾਂ ਬਾਰੇ ਚੁੱਪ ਧਾਰਨ ਦੀ ਥਾਂ ਵਿਆਪਕ ਸੰਵਾਦ ਦੀ ਲੋੜ ਉੱਤੇ ਜ਼ੋਰ ਦਿੱਤਾ ਅਤੇ ਔਰਤਾਂ ਉੱਤੇ ਹੋਏ ਅੱਤਿਆਚਾਰਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਪ੍ਰੋ. ਪਰਮਵੀਰ ਸਿੰਘ ਨੇ 1984 ਦੇ ਦੁਖਾਂਤ ਅਤੇ ਉੱਤਰਾਖੰਡ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਿੱਖਾਂ ਉੱਤੇ ਹੋਏ ਜ਼ੁਲਮਾਂ ਬਾਰੇ ਵਿਚਾਰ ਸਾਂਝੇ ਕੀਤੇ। ਵਾਈਸ ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਕਿਹਾ ਕਿ 1984 ਦੇ ਚਸ਼ਮਦੀਦ ਗਵਾਹਾਂ ਦੀਆਂ ਗਵਾਹੀਆਂ ਨੂੰ ਰਿਕਾਰਡ ਕਰਨਾ ਬੇਹੱਦ ਜ਼ਰੂਰੀ ਹੈ ਅਤੇ ਦਹਾਕਿਆਂ ਬਾਅਦ ਵੀ ਸਿੱਖ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਇਸ ਉਪਰੰਤ ਗੁਰਜੰਟ ਸਿੰਘ ਦੀ ਪੁਸਤਕ 'ਸਿੱਖ-ਨਸਲਕੁਸ਼ੀ ਦਾ ਖੁਰਾ-ਖੋਜ' ਲੋਕ ਅਰਪਣ ਕੀਤੀ ਗਈ। ਅੰਤ ਵਿੱਚ ਡਾ. ਸਿਕੰਦਰ ਸਿੰਘ ਨੇ ਮਹਿਮਾਨਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਡਾ. ਹਰਪ੍ਰੀਤ ਕੌਰ ਨੇ ਕੀਤਾ। ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਦਾ ਸਮੁੱਚੀ ਦੁਨੀਆ 'ਤੇ ਵਿਸ਼ੇਸ਼ ਮਹੱਤਵ: ਰਾਜਪਾਲ

ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਸਿਰਫ਼ ਪੰਜਾਬ ਲਈ ਹੀ ਨਹੀਂ, ਸਗੋਂ ਸਮੁੱਚੀ ਦੁਨੀਆ ਲਈ ਪ੍ਰੇਰਨਾ ਦਾ ਸਰੋਤ ਹੈ। ਇਸ ਧਰਤੀ ਨਾਲ ਜੁੜਿਆ ਇਤਿਹਾਸ ਅਤੇ ਇੱਥੋਂ ਮਿਲਣ ਵਾਲੀ ਅਧਿਆਤਮਿਕ ਪ੍ਰੇਰਨਾ ਬੱਚਿਆਂ ਅਤੇ ਨੌਜਵਾਨਾਂ ਵਿੱਚ ਅਜਿਹਾ ਹੌਸਲਾ, ਦ੍ਰਿੜ੍ਹਤਾ ਅਤੇ ਕੁਰਬਾਨੀ ਦੀ ਭਾਵਨਾ ਪੈਦਾ ਕਰਦੀ ਹੈ, ਜੋ ਸਮਾਜ ਲਈ ਮਾਰਗਦਰਸ਼ਕ ਹੈ। ਇਹ ਪ੍ਰਗਟਾਵਾ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਮਾਤਾ ਚਕਰੇਸ਼ਵਰੀ ਮੰਦਿਰ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਕੀਤਾ।ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਫਤਹਿਗੜ੍ਹ ਸਾਹਿਬ ਦੀ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਉਹ ਪਵਿੱਤਰ ਧਰਤੀ ਹੈ, ਜਿੱਥੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੇ ਲਾਸਾਨੀ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਅਦੁੱਤੀ ਕੁਰਬਾਨੀ ਅਤੇ ਬੇਮਿਸਾਲ ਹੌਸਲੇ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਕਿਤੇ ਹੋਰ ਦੇਖਣ ਨੂੰ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਸਥਾਨ ਦੇ ਦਰਸ਼ਨਾਂ ਨਾਲ ਉਨ੍ਹਾਂ ਨੂੰ ਹਮੇਸ਼ਾ ਕੰਮ ਕਰਨ ਲਈ ਨਵੀਂ ਹਿੰਮਤ, ਹੌਸਲਾ ਅਤੇ ਊਰਜਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਸ ਸਥਾਨ ਪ੍ਰਤੀ ਉਨ੍ਹਾਂ ਦੇ ਮਨ ਵਿੱਚ ਵਿਸ਼ੇਸ਼ ਆਸਥਾ ਹੈ ਅਤੇ ਇੱਥੋਂ ਮਿਲਣ ਵਾਲੀ ਪ੍ਰੇਰਨਾ ਉਨ੍ਹਾਂ ਨੂੰ ਵੱਧ ਤੋਂ ਵੱਧ ਮਿਹਨਤ ਕਰਨ ਲਈ ਉਤਸ਼ਾਹਿਤ ਕਰਦੀ ਹੈ।ਰਾਜਪਾਲ ਨੇ ਕਿਹਾ ਕਿ ਉਹ ਅੱਜ ਮੁੜ ਇਸ ਪਵਿੱਤਰ ਸਥਾਨ 'ਤੇ ਦਰਸ਼ਨ ਕਰਨ ਅਤੇ ਆਸ਼ੀਰਵਾਦ ਲੈਣ ਲਈ ਪਹੁੰਚੇ ਹਨ, ਤਾਂ ਜੋ ਉਹ ਜਨਤਾ ਦੇ ਕੰਮ ਹੋਰ ਵੀ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕਰ ਸਕਣ। ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਜਨਤਾ ਦਾ ਸੇਵਕ ਸਮਝਦੇ ਹਨ ਅਤੇ ਲੋਕਾਂ ਦੀ ਸੇਵਾ ਪੂਰੀ ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਕਰਨਾ ਚਾਹੁੰਦੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ, ਡਾ.ਸੋਨਾ ਥਿੰਦ, ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਸੁਭਮ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ(ਜ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ.ਕਰੁਣ ਗੁਪਤਾ, ਪ੍ਰਧਾਨ ਸੁਨੀਲ ਕੁਮਾਰ ਜੈਨ ਤੋਂ ਇਲਾਵਾ ਹੋਰ ਅਹੁਦੇਦਾਰ ਤੇ ਸ਼ਰਧਾਲੂ ਵੀ ਹਾਜ਼ਰ ਸਨ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਦੀਵਾਲੀ ਤੇ ਹੋਰ ਤਿਉਹਾਰਾਂ ਮੌਕੇ ਵੱਧ ਰਿਹਾ ਪ੍ਰਦੂਸ਼ਣ

ਦੀਵਾਲੀ ਦਾ ਤਿਉਹਾਰ ਨੇੜੇ ਆ ਰਿਹਾ ਹੈ ਅਤੇ ਸੁਪਰੀਮ ਕੋਰਟ ਦੀ ਇਹ ਟਿੱਪਣੀ ਅਦਾਲਤੀ ਹੁਕਮਾਂ ਅਤੇ ਉਨ੍ਹਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਵਿਚਲੇ ਵੱਡੇ ਫ਼ਰਕ ਨੂੰ ਬਿਆਨ ਕਰਦੀ ਹੈ ਕਿ ਪਟਾਕਿਆਂ ਬਾਰੇ ਉਨ੍ਹਾਂ ਦੇ ਹੁਕਮਾਂ ਦੀ ‘ਸ਼ਰ੍ਹੇਆਮ ਉਲੰਘਣਾ’ ਹੋ ਰਹੀ ਹੈ। ਅਦਾਲਤ ਦਾ ਇਹ ਕਹਿਣਾ ਬਿਲਕੁਲ ਸਹੀ ਤੇ ਸੁਭਾਵਿਕ ਹੈ ਕਿਉਂਕਿ ਸਾਲ-ਦਰ-ਸਾਲ ਪਾਬੰਦੀਆਂ ਲਾਈਆਂ ਜਾਂਦੀਆਂ ਹਨ, ਪਰ ਨਿਯਮਾਂ ਦੀ ਉਲੰਘਣਾ ਜਾਰੀ ਰਹਿੰਦੀ ਹੈ ਅਤੇ ਦਿੱਲੀ ਤੇ ਆਸਪਾਸ ਦੇ ਇਲਾਕਿਆਂ ਦੇ ਲੋਕ ਸਾਹ ਲੈਣ ਲਈ ਤਰਸ ਜਾਂਦੇ ਹਨ। ਇੱਥੇ ਮਸਲਾ ਲੋਕਾਂ ਦੀ ਦੀਵਾਲੀ ਦੀ ਖ਼ੁਸ਼ੀ ਖੋਹਣ ਦਾ ਨਹੀਂ ਹੈ। ਸੁਪਰੀਮ ਕੋਰਟ ਨੇ ਬਿਲਕੁਲ ਸਹੀ ਆਖਿਆ ਹੈ ਕਿ ਦੀਵਾਲੀ ਰੌਸ਼ਨੀਆਂ ਦਾ ਤਿਉਹਾਰ ਹੈ, ਬਾਰੂਦ ਦਾ ਨਹੀਂ। ਅਸਲ ਚਿੰਤਾ ਪਟਾਕਿਆਂ ਦੀ ਅੰਨ੍ਹੇਵਾਹ ਵਰਤੋਂ ਹੈ, ਜੋ ਕਿ ਗੱਡੀਆਂ ਦੇ ਧੂੰਏਂ, ਉਸਾਰੀ ਦੇ ਗਰਦ ਗ਼ੁਬਾਰ, ਕਾਰਖ਼ਾਨਿਆਂ ਦੇ ਪ੍ਰਦੂਸ਼ਣ ਅਤੇ ਪਰਾਲੀ ਨੂੰ ਅੱਗ ਲਗਾਉਣ ਜਿਹੇ ਕਈ ਕਾਰਨਾਂ ਕਰਕੇ ਪਹਿਲਾਂ ਹੀ ਜ਼ਹਿਰੀਲੀ ਹੋ ਚੁੱਕੀ ਫਿਜ਼ਾ ਵਿੱਚ ਹੋਰ ਜ਼ਹਿਰ ਘੋਲ ਦਿੰਦੀ ਹੈ। ਛੋਟੇ ਬੱਚੇ, ਬਜ਼ੁਰਗ ਅਤੇ ਸਾਹ ਦੀ ਬਿਮਾਰੀ ਤੋਂ ਪੀੜਤ ਲੋਕ ਇਸ ਖ਼ਤਰਨਾਕ ਧੂੰਏਂ ਦਾ ਸਭ ਤੋਂ ਵੱਡਾ ਸ਼ਿਕਾਰ ਬਣਦੇ ਹਨ।

\ਹਾਨੀਕਾਰਕ ਰਸਾਇਣਾਂ ਉੱਤੇ ਵਾਰ-ਵਾਰ ਪਾਬੰਦੀਆਂ ਲਾਈਆਂ ਗਈਆਂ ਹਨ, ਵਿਕਰੀ ਨੂੰ ਕਾਬੂ ਹੇਠ ਰੱਖਿਆ ਗਿਆ ਹੈ ਅਤੇ ਸਬੰਧਿਤ ਅਧਿਕਾਰੀਆਂ ਵੱਲੋਂ ਪਟਾਕੇ ਚਲਾਉਣ ਲਈ ਨਿਸ਼ਚਿਤ ਸਮਾਂ ਤੈਅ ਕੀਤਾ ਗਿਆ ਹੈ। ਘੱਟ ਪ੍ਰਦੂਸ਼ਣ ਪੈਦਾ ਕਰਨ ਲਈ ਬਣਾਏ ਗਏ ਹਰੇ ਪਟਾਕਿਆਂ ਦੀ ਵਰਤੋਂ ਬਾਰੇ ਵੀ ਵਿਚਾਰ ਕੀਤਾ ਗਿਆ ਹੈ। ਫਿਰ ਵੀ ਪਿਛਲੇ ਸਾਲਾਂ ਦਾ ਤਜਰਬਾ ਇਹ ਦੱਸਦਾ ਹੈ ਕਿ ਤੈਅ ਕੀਤੇ ਗਏ ਨਿਯਮਾਂ ਦੀ ਲਗਾਤਾਰ ਉਲੰਘਣਾ ਕੀਤੀ ਜਾਂਦੀ ਹੈ। ਸਖ਼ਤ ਸ਼ਰਤਾਂ ਤਹਿਤ ਸਾਲ 2025 ਵਿੱਚ ਦਿੱਤੀ ਗਈ ਸੀਮਿਤ ਛੋਟ ਦਾ ਇਹ ਮਤਲਬ ਬਿਲਕੁਲ ਨਹੀਂ ਸੀ ਕਿ ਅੰਨ੍ਹੇਵਾਹ ਪਟਾਕੇ ਚਲਾਏ ਜਾਣ।

ਇਸ ਸਾਲ ਤਿਉਹਾਰਾਂ ਤੋਂ ਕਾਫ਼ੀ ਸਮਾਂ ਪਹਿਲਾਂ ਹੀ ਸਖ਼ਤੀ ਸ਼ੁਰੂ ਹੋਣੀ ਚਾਹੀਦੀ ਹੈ। ਪੁਲੀਸ ਅਤੇ ਪ੍ਰਦੂਸ਼ਣ ਕੰਟਰੋਲ ਵਿਭਾਗ ਨੂੰ ਪਟਾਕਿਆਂ ਦੇ ਗ਼ੈਰ-ਕਾਨੂੰਨੀ ਉਤਪਾਦਨ, ਭੰਡਾਰਨ ਅਤੇ ਵਿਕਰੀ ਖ਼ਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ, ਉਤਪਾਦਾਂ ਦੇ ਸਰਟੀਫਿਕੇਟਾਂ ਤੇ ਕਿਊ ਆਰ ਕੋਡਜ਼ ਦੀ ਜਾਂਚ ਕਰਨੀ ਚਾਹੀਦੀ ਹੈ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਮੁਕੱਦਮੇ ਚਲਾਉਣੇ ਚਾਹੀਦੇ ਹਨ। ਸਰਕਾਰਾਂ ਨੂੰ ਸਿਰਫ਼ ਜ਼ਬਾਨੀ ਭਰੋਸੇ ਦੇਣ ਦੀ ਬਜਾਏ ਪਾਲਣਾ ਦਾ ਭਰੋਸੇਯੋਗ ਡੇਟਾ ਪੇਸ਼ ਕਰਨਾ ਚਾਹੀਦਾ ਹੈ। ਸਕੂਲ, ਭਾਈਚਾਰਕ ਸੰਸਥਾਵਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਲੋਕਾਂ ਨੂੰ ਇਹ ਸਮਝਾਉਣ ਵਿੱਚ ਮਦਦ ਕਰ ਸਕਦੀਆਂ ਹਨ ਕਿ ਜ਼ਿੰਮੇਵਾਰੀ ਨਾਲ ਤਿਉਹਾਰ ਮਨਾਉਣਾ ਸਾਡੀ ਪਰੰਪਰਾ ਦੇ ਖ਼ਿਲਾਫ਼ ਨਹੀਂ ਹੈ।

ਪਟਾਕਿਆਂ ’ਤੇ ਸਖ਼ਤ ਪਾਬੰਦੀ ਹੀ ਇਸ ਸਮੱਸਿਆ ਦਾ ਇਕਲੌਤਾ ਹੱਲ ਨਹੀਂ ਹੋ ਸਕਦੀ ਪਰ ਨਿਯਮਾਂ ਨੂੰ ਲਾਗੂ ਕਰਨ ਵਿੱਚ ਢਿੱਲ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਤਿਉਹਾਰ ਮਨਾਉਣ ਦੇ ਹੱਕ ਦੇ ਨਾਲ-ਨਾਲ ਸਾਫ਼ ਹਵਾ ਵਿੱਚ ਸਾਹ ਲੈਣ ਦਾ ਹੱਕ ਵੀ ਬਣਿਆ ਰਹਿਣਾ ਚਾਹੀਦਾ ਹੈ। ਰੌਸ਼ਨੀਆਂ ਦਾ ਇਹ ਤਿਉਹਾਰ ਪਟਾਕਿਆਂ ਕਾਰਨ ਜ਼ਹਿਰੀਲੀ ਹਵਾ ਵਾਲਾ ਵੇਲਾ ਨਹੀਂ ਬਣਨਾ ਚਾਹੀਦਾ।

ਪਾਣੀਆਂ ਦੇ ਸੰਕਟ ਦੀ ਤਹਿ ਤੱਕ...

ਸ਼ਿਰੀਨ

ਇਨ੍ਹੀਂ ਦਿਨੀਂ ਪੰਜਾਬ ’ਚ ਦਰਿਆਈ ਪਾਣੀਆਂ ਦੀ ਵੰਡ ਅਤੇ ਇਸ ਨਾਲ ਜੁੜ ਕੇ ‘ਪੰਜਾਬ ਪੁਨਰਗਠਨ ਐਕਟ, 1966’ ਦੀਆਂ ਧਾਰਾਵਾਂ 78, 79 ਅਤੇ 80 ਦੀ ਪ੍ਰਸੰਗਿਕਤਾ ਬਾਰੇ ਭਖਵੀਂ ਚਰਚਾ ਛਿੜੀ ਹੋਈ ਹੈ। ਇਸ ਚਰਚਾ ਦਾ ਧੁਰਾ ਪਾਣੀ ਦਾ ਉਹ ਗੰਭੀਰ ਸੰਕਟ ਹੈ, ਜਿਸ ਨਾਲ ਪੰਜਾਬ ਜੂਝ ਰਿਹਾ ਹੈ ਅਤੇ ਆਉਂਦੇ ਕੁਝ ਸਾਲਾਂ ਤੱਕ ਇਸ ਦੇ ਹੋਰ ਵਧੇਰੇ ਗਹਿਰਾਉਣ ਤੇ ਇੱਥੋਂ ਤੱਕ ਕਿ ਪੰਜਾਬ ਦੇ ਮਾਰੂਥਲ ਵਿੱਚ ਤਬਦੀਲ ਹੋ ਜਾਣ ਦੀਆਂ ਵੀ ਸੰਭਾਵਨਾਵਾਂ ਹਨ। ਇਸ ਚਰਚਾ ਦੌਰਾਨ ਕੁਝ ਪਹਿਲੂ ਸਭਨਾਂ ਧਿਰਾਂ ਦਾ ਧਿਆਨ ਮੰਗਦੇ ਹਨ। ਇਹ ਸੰਕਟ ਸਿਰਫ਼ ਦਰਿਆਈ ਪਾਣੀਆਂ ਦੀ ਵੰਡ ਨਾਲ ਉਪਜਿਆ ਹੋਇਆ ਮਸਲਾ ਨਹੀਂ ਹੈ ਸਗੋਂ ਇਹ ਤਾਂ ਇਸ ਸੰਕਟ ਨੂੰ ਪ੍ਰਭਾਵਿਤ ਕਰਨ ਵਾਲੇ ਅਨੇਕਾਂ ਪਹਿਲੂਆਂ ਵਿੱਚੋਂ ਮਹਿਜ਼ ਇੱਕ ਹੈ। ਦਰਿਆਈ ਪਾਣੀਆਂ ਦੀ ਵੰਡ ਵਿੱਚ ਪੰਜਾਬ ਨਾਲ ਹੋਏ ਧੱਕੇ ਦੇ ਸਿੱਟੇ ਵਜੋਂ ਹਰਿਆਣੇ ਨੂੰ ਵਾਧੂ ਅਲਾਟ ਕੀਤੇ ਗਏ ਪਾਣੀ ਦੀ ਮਾਤਰਾ ਮਹਿਜ਼ ਦੋ ਮਿਲੀਅਨ ਏਕੜ ਫੁੱਟ ਦੇ ਲਗਪਗ ਬਣਦੀ ਹੈ। ਅਸਲ ਵਿੱਚ ਤਾਂ ਜੇਕਰ ਪੰਜਾਬ ਦੇ ਦਰਿਆਵਾਂ ਵਿੱਚ ਵਗ ਰਿਹਾ ਸਮੁੱਚਾ ਪਾਣੀ ਵੀ (ਜੋ ਕਿ 25-26 ਮਿਲੀਅਨ ਏਕੜ ਫੁੱਟ ਬਣਦਾ ਹੈ) ਪੰਜਾਬ ਵਿੱਚ ਵਰਤ ਲਿਆ ਜਾਵੇ ਤਾਂ ਵੀ ਮੌਜੂਦਾ ਵਿਕਾਸ ਮਾਡਲ ਦੇ ਚਲਦਿਆਂ ਸੂਬੇ ਦੀਆਂ ਪਾਣੀ ਦੀਆਂ ਲੋੜਾਂ ਪੂਰੀਆਂ ਨਹੀਂ ਹੋ ਸਕਦੀਆਂ।

ਇਹ ਬਹੁ-ਪਰਤੀ ਸੰਕਟ ਸਿਰਫ਼ ਪਾਣੀ ਦੀ ਘਾਟ ਦਾ ਮਸਲਾ ਨਹੀਂ ਸਗੋਂ ਉਪਲਬਧ ਪਾਣੀ ਦੇ ਬੁਰੀ ਤਰ੍ਹਾਂ ਪਲੀਤ ਹੋਣ ਦਾ ਸੰਕਟ ਵੀ ਹੈ। ਇਸ ਸੰਕਟ ਦੀ ਤਹਿ ਹੇਠ ਵਿਕਾਸ ਦਾ ਉਹ ਸਮੁੱਚਾ ਮਾਡਲ ਹੈ, ਜਿਸ ਵਿੱਚ ਵਾਤਾਵਰਨ, ਕਿਰਤ ਅਤੇ ਕੁਦਰਤੀ ਸੋਮਿਆਂ ਦੀ ਲੁੱਟ ਦੀਆਂ ਖੁੱਲ੍ਹਾਂ ਦੇ ਕੇ ਕਾਰਪੋਰੇਟਾਂ ਅਤੇ ਸਾਮਰਾਜੀ ਕੰਪਨੀਆਂ ਦੇ ਮੁਨਾਫ਼ਿਆਂ ਦੀ ਜ਼ਾਮਨੀ ਕੀਤੀ ਜਾ ਰਹੀ ਹੈ। ਇਸ ਦੀ ਲੜੀ ਵਜੋਂ ਖੇਤੀ ਵਿਕਾਸ ਦਾ ਉਹ ਮਾਡਲ ਵੀ ਹੈ, ਜੋ ‘ਹਰੇ ਇਨਕਲਾਬ’ ਦੇ ਨਾਂ ਹੇਠ ਪੰਜਾਬ ਉੱਤੇ ਮੜ੍ਹਿਆ ਗਿਆ ਸੀ। ਸਾਮਰਾਜੀ ਮੁਨਾਫ਼ਿਆਂ ਦੀਆਂ ਲੋੜਾਂ ਅਤੇ ਦੇਸ਼ ਦੇ ਅੰਨ ਸੰਕਟ ਨੂੰ ਸੰਬੋਧਿਤ ਇਸ ਮਾਡਲ ਤਹਿਤ ਪੰਜਾਬ, ਪੱਛਮੀ ਯੂ ਪੀ, ਹਰਿਆਣਾ ਅਤੇ ਬਾਅਦ ਵਿੱਚ ਕੁਝ ਹੋਰ ਸੂਬਿਆਂ ਅੰਦਰ ਝੋਨੇ ਅਤੇ ਕਣਕ ਦੀ ਸੰਘਣੀ ਖੇਤੀ ਸ਼ੁਰੂ ਕੀਤੀ ਗਈ। ਉਲਟ ਮੌਸਮੀ ਹਾਲਾਤ ਵਿੱਚ ਕੀਤੀ ਗਈ ਝੋਨੇ ਦੀ ਖੇਤੀ ਨੇ ਪੰਜਾਬ ਵਿੱਚੋਂ ਪਾਣੀ ਨੂੰ ਵੱਡੇ ਪੱਧਰ ਉੱਤੇ ਨਿਚੋੜ ਲਿਆ ਹੈ। ਝੋਨੇ ਲਈ ਦਰਿਆਵਾਂ ਦਾ ਪਾਣੀ ਵੱਡੇ ਪੱਧਰ ਉੱਤੇ ਖਪਾਉਣ ਦੇ ਨਾਲ-ਨਾਲ ਧਰਤੀ ਹੇਠੋਂ ਵੀ ਵੱਡੀ ਮਾਤਰਾ ਵਿੱਚ ਪਾਣੀ ਬਾਹਰ ਕੱਢਿਆ ਜਾ ਰਿਹਾ ਹੈ।

ਵੱਧ ਝਾੜ ਵਾਲੇ ਬੀਜਾਂ ਨਾਲ ਜੁੜਵੇਂ ਪੈਕੇਜ ਦੇ ਰੂਪ ਵਿੱਚ ਆਈਆਂ ਕੀਟਨਾਸ਼ਕ ਦਵਾਈਆਂ ਨੇ ਧਰਤੀ ਅਤੇ ਧਰਤੀ ਹੇਠਲੇ ਪਾਣੀ ਨੂੰ ਜ਼ਹਿਰੀਲਾ ਕਰ ਦਿੱਤਾ ਹੈ। ਸਾਲ 1965 ਵਿੱਚ ਪੰਜਾਬ ਅੰਦਰ ਧਰਾਤਲ ਤੋਂ 10 ਤੋਂ 16 ਫੁੱਟ ਹੇਠਾਂ ਪਾਣੀ ਮਿਲ ਸਕਦਾ ਸੀ ਅਤੇ ਕੇਂਦਰੀ ਗਰਾਊਂਡ ਵਾਟਰ ਬੋਰਡ ਦੇ ਅੰਕੜਿਆਂ ਮੁਤਾਬਿਕ 2025 ਤੱਕ ਇਹ ਡੂੰਘਾਈ 98 ਤੋਂ 131 ਫੁੱਟ ਤੱਕ ਪਹੁੰਚ ਚੁੱਕੀ ਹੈ ਅਤੇ ਕਈ ਥਾਵਾਂ ਉੱਤੇ ਤਾਂ 400 ਫੁੱਟ ਤੱਕ ਬੋਰ ਕਰਨਾ ਪੈ ਰਿਹਾ ਹੈ। ਬਰਨਾਲਾ ਅਤੇ ਸੰਗਰੂਰ ਵਰਗੇ ਸੰਵੇਦਨਸ਼ੀਲ ਖੇਤਰਾਂ ਵਿੱਚ ਪਾਣੀ ਇੱਕ ਮੀਟਰ ਪ੍ਰਤੀ ਸਾਲ ਦੀ ਦਰ ਨਾਲ ਹੇਠਾਂ ਜਾ ਰਿਹਾ ਹੈ। ਘੱਟ ਡੂੰਘਾਈ ਉੱਤੇ ਜ਼ਮੀਨ ਅੰਦਰ ਪਾਣੀ ਮੀਂਹ ਰਾਹੀਂ ਰੀਚਾਰਜ ਹੋ ਸਕਦਾ ਹੈ, ਪਰ ਹੁਣ ਪਾਣੀ ਉਨ੍ਹਾਂ ਪੱਤਣਾਂ ਤੋਂ ਖਿੱਚਿਆ ਜਾ ਰਿਹਾ ਹੈ ਜਿਨ੍ਹਾਂ ਦੀ ਭਰਪਾਈ ਨੂੰ ਆਮ ਹਾਲਾਤ ਵਿੱਚ ਵੀ ਅਨੇਕਾਂ ਵਰ੍ਹੇ ਲੱਗ ਜਾਂਦੇ ਹਨ। ਇਸ ਕਰਕੇ ਝੋਨੇ ਦੇ ਚੱਕਰ ਵਿੱਚੋਂ ਨਿਕਲੇ ਬਿਨਾਂ ਪਾਣੀ ਦੀ ਸਮੱਸਿਆ ਹੱਲ ਨਹੀਂ ਹੋ ਸਕਦੀ। ਇਸ ਲਈ ਝੋਨੇ ਹੇਠੋਂ ਰਕਬਾ ਘਟਾਉਣਾ ਅਤੇ ਹੋਰਨਾਂ ਫ਼ਸਲਾਂ ਉੱਤੇ ਸਰਕਾਰੀ ਖ਼ਰੀਦ ਤੇ ਘੱਟੋ-ਘੱਟ ਸਮਰਥਨ ਮੁੱਲ ਲਾਜ਼ਮੀ ਮਿਲਣਾ ਪਾਣੀ ਦੇ ਸੰਕਟ ਨਾਲ ਨਜਿੱਠਣ ਲਈ ਅਤਿ ਲੋੜੀਂਦਾ ਹੈ। ਇਨ੍ਹਾਂ ਮੰਗਾਂ ਦੁਆਲੇ ਨਾ ਸਿਰਫ਼ ਸਬੰਧਿਤ ਸੂਬਿਆਂ ਦੀ ਸਮੁੱਚੀ



ਕਿਸਾਨੀ ਸਗੋਂ ਸਭ ਲੋਕਾਂ ਦੀ ਲਾਮਬੰਦੀ ਬੇਹੱਦ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ ਪੰਜਾਬ 11 ਤੋਂ 12 ਮਿਲੀਅਨ ਮੀਟਰਿਕ ਟਨ ਝੋਨੇ ਦੀ ਸਾਲਾਨਾ ਪੈਦਾਵਾਰ ਕਰਦਾ ਹੈ। ਇੱਕ ਕਿਲੋ ਝੋਨੇ ਦੀ ਪੈਦਾਵਾਰ ਲਈ ਲਗਪਗ 4000 ਲਿਟਰ ਪਾਣੀ ਦੀ ਲੋੜ ਪੈਂਦੀ ਹੈ। ਇਉਂ ਝੋਨੇ ਦੀ ਫ਼ਸਲ ਰਾਹੀਂ 38.91 ਮਿਲੀਅਨ ਏਕੜ ਫੁੱਟ ਪਾਣੀ ਆਏ ਸਾਲ ਪੰਜਾਬ ਵਿੱਚੋਂ ਬਾਹਰ ਚਲਾ ਜਾਂਦਾ ਹੈ। ਜੇ ਇਸ ਪੈਦਾਵਾਰ ਨੂੰ ਇੱਕ-ਚੌਥਾਈ ਵੀ ਘਟਾ ਲਿਆ ਜਾਵੇ ਤਾਂ ਸਾਲਾਨਾ 10.554 ਮਿਲੀਅਨ ਏਕੜ ਫੁੱਟ ਪਾਣੀ ਦੀ ਬੱਚਤ ਹੋ ਸਕਦੀ ਹੈ।

ਮੌਜੂਦਾ ਵਿਕਾਸ ਮਾਡਲ ਦਾ ਦੂਜਾ ਲੜ ਅਜਿਹੇ ਸਨਅਤੀ ਵਿਕਾਸ ਦਾ ਹੈ, ਜੋ ਨਾ ਸਿਰਫ਼ ਪਾਣੀ ਵਰਗੇ ਕੁਦਰਤੀ ਸੋਮਿਆਂ ਦੀ ਅੰਨ੍ਹੀ ਲੁੱਟ ਕਰਕੇ ਇਨ੍ਹਾਂ ਨੂੰ ਮੁਨਾਫ਼ਾ ਦਿੰਦਾ ਹੈ ਸਗੋਂ ਆਬੋ-ਹਵਾ, ਜ਼ਮੀਨ ਅਤੇ ਪਾਣੀ ਨੂੰ ਵੀ ਵੱਡੇ ਪੱਧਰ ਉੱਤੇ ਪਲੀਤ ਕਰਦਾ ਹੈ। ਸਤਲੁਜ ਅਤੇ ਬਿਆਸ ਦੇ ਪਾਣੀਆਂ ਦਾ ਗੰਦੇ ਨਾਲਿਆਂ ਵਿੱਚ ਤਬਦੀਲ ਹੋਣ ਦਾ ਸਫ਼ਰ ਇਸੇ ਸਨਅਤੀ ਵਿਕਾਸ ਮਾਡਲ ਦੀ ਦੇਣ ਹੈ। ਸ਼ਰਾਬ ਫੈਕਟਰੀਆਂ, ਬੌਟਲਿੰਗ ਪਲਾਂਟ, ਈਥਾਨੌਲ ਪਲਾਂਟ, ਡਾਇੰਗ ਸਨਅਤਾਂ ਅਤੇ ਫੂਡ ਪ੍ਰੋਸੈਸਿੰਗ ਯੂਨਿਟਾਂ ਆਦਿ ਪ੍ਰਦੂਸ਼ਣ ਫੈਲਾਉਣ ਦੇ ਨਾਲ-ਨਾਲ ਵੱਡੀ ਪੱਧਰ ਉੱਤੇ ਪਾਣੀ ਦੀ ਖ਼ਪਤ ਵੀ ਕਰਦੀਆਂ ਹਨ। ਇੱਕ ਲਿਟਰ ਸ਼ਰਾਬ ਦੇ ਉਤਪਾਦਨ ਲਈ 25 ਲਿਟਰ ਪਾਣੀ ਸਿੱਧੇ ਤੌਰ ਉੱਤੇ ਵਰਤਿਆ ਜਾਂਦਾ ਹੈ ਅਤੇ ਜੇ ਇਸ ਦੀ ਪੈੜ ਫ਼ਸਲ ਨੂੰ ਤਿਆਰ ਕਰਨ ਤੱਕ ਵੀ ਪਛਾਣਨੀ ਹੋਵੇ ਤਾਂ ਇਹ ਅਨੁਪਾਤ ਇੱਕ ਲਿਟਰ ਸ਼ਰਾਬ ਪਿੱਛੇ 10 ਹਜ਼ਾਰ ਲਿਟਰ ਪਾਣੀ ਦਾ ਬਣ ਜਾਂਦਾ ਹੈ। ਕੇਂਦਰੀ ਖਾਧ ਵਿਭਾਗ ਦੇ ਸਕੱਤਰ ਸੰਜੀਵ ਚੋਪੜਾ ਨੇ ਅਪਰੈਲ 2026 ਵਿੱਚ ਇਹ ਬਿਆਨ ਦਿੱਤਾ ਕਿ ਇੱਕ ਲਿਟਰ ਅਨਾਜ ਆਧਾਰਿਤ ਈਥਾਨੌਲ ਬਣਾਉਣ ਲਈ 10,790 ਲਿਟਰ ਪਾਣੀ ਦੀ ਲੋੜ ਪੈਂਦੀ ਹੈ। ਪੰਜਾਬ ਦੀਆਂ ਸ਼ਰਾਬ ਅਤੇ ਈਥਾਨੌਲ ਫੈਕਟਰੀਆਂ ਵਿੱਚ ਮੁੱਖ ਤੌਰ ਉੱਤੇ ਚੌਲਾਂ ਦਾ ਟੋਟਾ ਹੀ ਵਰਤਿਆ ਜਾਂਦਾ ਹੈ, ਜਿੱਥੇ ਲਗਪਗ ਚਾਰ ਕਿਲੋ ਚੌਲ ਇੱਕ ਲਿਟਰ ਸ਼ਰਾਬ ਦੀ ਪੈਦਾਵਾਰ ਕਰਦੇ ਹਨ। ਇਸ ਵੇਲੇ ਪੰਜਾਬ ਅੰਦਰ 30 ਬੌਟਲਿੰਗ ਪਲਾਂਟ, 15 ਸ਼ਰਾਬ ਫੈਕਟਰੀਆਂ, ਚਾਰ ਬੀਅਰ ਫੈਕਟਰੀਆਂ ਅਤੇ ਚਾਰ ਵੱਡੇ ਈਥਾਨੌਲ ਪਲਾਂਟ ਹਨ। ਇਸ ਤੋਂ ਇਲਾਵਾ 25 ਈਥਾਨੌਲ ਪਲਾਂਟ ਹੋਰ ਲੱਗਣ ਵਾਲੇ ਹਨ। ਸੰਗਤ ਮੰਡੀ ਅੰਦਰ ਮੌਜੂਦ ਇਕੱਲੀ ਬੀ ਸੀ ਐੱਲ ਡਿਸਟਿਲਰੀ ਦੀ ਪ੍ਰਤੀ ਦਿਨ ਦੀ ਪੈਦਾਵਾਰ ਇਸ ਦੇ ਆਪਣੇ ਅੰਕੜਿਆਂ ਮੁਤਾਬਕ 5,50,000 ਲਿਟਰ ਹੈ। ਇਸ ਲਈ ਲੋੜੀਂਦੇ ਪਾਣੀ ਦੀ ਮਾਤਰਾ ਪ੍ਰਤੀ ਦਿਨ 1,25,50,000 ਲਿਟਰ ਬਣਦੀ ਹੈ। ਜੇਕਰ ਇਸ ਵਿੱਚ ਵਰਤੇ ਜਾਂਦੇ ਚੌਲਾਂ ਦੀ ਫ਼ਸਲ ਉੱਤੇ ਖ਼ਪਤ ਹੋਣ ਵਾਲਾ ਪਾਣੀ ਵੀ ਜੋੜਿਆ ਜਾਵੇ ਤਾਂ ਇਹ ਵਰਤੋਂ 5,50,00,00,000 (ਸਾਢੇ ਪੰਜ ਅਰਬ) ਲਿਟਰ ਪਾਣੀ ਰੋਜ਼ਾਨਾ ਦੀ ਬਣਦੀ ਹੈ। ਇਸ ਅੰਕੜੇ ਤੋਂ ਅਜਿਹੀਆਂ ਫੈਕਟਰੀਆਂ ’ਚ ਪਾਣੀ ਦੀ ਸਿੱਧੀ ਅਤੇ ਅਸਿੱਧੀ ਖ਼ਪਤ ਦਾ ਅੰਦਾਜ਼ਾ ਲਾਇਆ ਜਾ ਸਕਦਾ ਹੈ। ਅਜਿਹੀਆਂ ਫੈਕਟਰੀਆਂ ਇਹ ਪਾਣੀ ਨਹਿਰਾਂ ਤੋਂ ਸਪੈਸ਼ਲ ਮੋਘਿਆਂ ਜਾਂ ਪਾਈਪਲਾਈਨਾਂ ਰਾਹੀਂ ਹਾਸਿਲ ਕਰਦੀਆਂ ਹਨ ਅਤੇ ਜ਼ਮੀਨ ਵਿੱਚੋਂ ਵੀ ਵੱਡੇ ਪੱਧਰ ਉੱਤੇ ਕੱਢਦੀਆਂ ਹਨ। ਲੁਧਿਆਣੇ ਦੀਆਂ ਡਾਇੰਗ ਸਨਅਤਾਂ ਵੱਲੋਂ ਪਲੀਤ ਕੀਤਾ ਗਿਆ ਪਾਣੀ ਲੰਮੇ ਸਮੇਂ ਤੋਂ ਚਰਚਾ ਅਧੀਨ ਹੈ, ਪਰ ਇਸ ਸਬੰਧੀ ਕੋਈ ਠੋਸ ਕਦਮ ਨਹੀਂ ਚੁੱਕੇ ਗਏ। ਜ਼ੀਰਾ ਸ਼ਰਾਬ ਫੈਕਟਰੀ ਵੱਲੋਂ ਪ੍ਰਦੂਸ਼ਿਤ ਕੀਤੇ ਗਏ ਪਾਣੀ ਖ਼ਿਲਾਫ਼ ਲੋਕਾਂ ਨੂੰ ਲੰਮਾ ਸੰਘਰਸ਼ ਕਰਨਾ ਪਿਆ ਹੈ। ਪਾਣੀ ਸੰਕਟ ਦੇ ਸ਼ਿਕਾਰ ਸੂਬੇ ਅੰਦਰ ਅਜਿਹੀਆਂ ਸਨਅਤਾਂ ਨੂੰ ਨਿਯਮਿਤ ਕਰਨ, ਪ੍ਰਦੂਸ਼ਣ ਲਈ ਜੁਰਮਾਨੇ ਲਾਉਣ ਅਤੇ ਇਨ੍ਹਾਂ ਤੋਂ ਪਾਣੀ ਸੰਕਟ ਦੀ ਭਰਪਾਈ ਕਰਵਾਉਣ ਦਾ ਮਸਲਾ ਵੀ ਪ੍ਰਮੁੱਖ ਏਜੰਡੇ ਉੱਤੇ ਰਹਿਣਾ ਚਾਹੀਦਾ ਹੈ। ਵਿਕਾਸ ਦੇ ਨਾਂ ਉੱਤੇ ਕਾਰਪੋਰੇਟਾਂ ਨੂੰ ਸਮੂਹ ਲੋਕਾਂ ਦੀ ਮਾਲਕੀ ਵਾਲੇ ਸੋਮੇ ਲੁੱਟਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ। ਆਏ ਸਾਲ ਹੜ੍ਹ ਪੰਜਾਬ ਅੰਦਰ ਵੱਡਾ ਕਹਿਰ ਢਾਹੁੰਦੇ ਆ ਰਹੇ ਹਨ। ਜੇਕਰ ਹਕੂਮਤਾਂ ਚਾਹੁਣ ਤਾਂ ਬੰਨ੍ਹ ਬਣਾ ਕੇ ਇਸ ਪਾਣੀ ਨੂੰ ਨਾ ਸਿਰਫ਼ ਨੁਕਸਾਨ ਕਰਨ ਤੋਂ ਰੋਕਿਆ ਜਾ ਸਕਦਾ ਹੈ ਸਗੋਂ ਇਸ ਦੀ ਸੰਭਾਲ ਕਰਕੇ ਸਿੰਚਾਈ, ਪੀਣ ਵਾਲੇ ਪਾਣੀ ਦੀਆਂ ਲੋੜਾਂ ਅਤੇ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਲਈ ਵਰਤਿਆ ਜਾ ਸਕਦਾ ਹੈ। ਪਿਛਲੇ ਸਾਲ ਆਏ ਹੜ੍ਹਾਂ ਦੌਰਾਨ ਪੌਂਗ ਡੈਮ ਤੋਂ 1 ਜੁਲਾਈ ਤੋਂ 5 ਸਤੰਬਰ 2025 ਤੱਕ 5.03 ਮਿਲੀਅਨ ਏਕੜ ਫੁੱਟ ਪਾਣੀ ਓਵਰਫਲੋਅ ਹੋਇਆ ਹੈ। ਇਸ ਪਾਣੀ ਦੀ ਮਾਤਰਾ ਹਰਿਆਣੇ ਨਾਲ ਰੇੜਕੇ ਦਾ ਕਾਰਨ ਬਣਨ ਵਾਲੇ ਪਾਣੀ ਨਾਲੋਂ ਕਿਤੇ ਵਧੇਰੇ ਹੈ। ਆਏ ਸਾਲ ਅਜਾਈਂ ਜਾਂਦੇ ਅਤੇ ਲੋਕਾਂ ਦੇ ਘਰ-ਬਾਰ ਉਜਾੜਦੇ ਇਸ ਪਾਣੀ ਨੂੰ ਨਿਯੰਤਰਤ ਕਰਨ ਵਿੱਚ ਪੰਜਾਬ ਦੀ ਕਿਸੇ ਵੀ ਸਰਕਾਰ ਨੇ ਦਿਲਚਸਪੀ ਨਹੀਂ ਲਈ। ਉਪਰੋਕਤ ਵੱਡੇ ਕਦਮਾਂ ਦੇ ਨਾਲ-ਨਾਲ ਸੇਮ ਮਾਰੇ ਇਲਾਕਿਆਂ ਵਿੱਚ ਪਾਣੀ ਨੂੰ ਕਾਬੂ ਕਰਨ, ਮੀਂਹ ਦੇ ਪਾਣੀ ਦੀ ਸੰਭਾਲ ਦੇ ਸਾਧਨ ਵੱਡੇ ਪੱਧਰ ਉੱਤੇ ਸਿਰਜਣ, ਬਾਰਸ਼ ਲਿਆਉਣ ਵਿੱਚ ਸਹਾਈ ਹੁੰਦੇ ਰੁੱਖਾਂ ਅਤੇ ਜੰਗਲਾਂ ਦੀ ਬਹੁ-ਮਾਰਗੀ ਸੜਕਾਂ ਤੇ ਇਮਾਰਤਾਂ ਲਈ ਅੰਨ੍ਹੇਵਾਹ ਬਲੀ ਦੇਣੀ ਬੰਦ ਕਰਨ, ਕੱਟੇ ਗਏ ਰੁੱਖਾਂ ਤੇ ਜੰਗਲਾਂ ਦੀ ਮੁੜ ਬਹਾਲੀ ਕਰਨ, ਸਾਰੇ ਸ਼ਹਿਰਾਂ ਵਿੱਚ ਸੀਵਰੇਜ ਟਰੀਟਮੈਂਟ ਪ੍ਰਬੰਧਾਂ ਨੂੰ ਅਸਰਦਾਰ ਬਣਾਉਣ, ਪ੍ਰਦੂਸ਼ਣ ਕਰਨ ਵਾਲੀਆਂ ਸਨਅਤਾਂ ਉੱਤੇ ਸਖ਼ਤੀ ਨਾਲ ਨਕੇਲ ਕਸਣ ਅਤੇ ਪੀਣ ਵਾਲੇ ਪਾਣੀ ਤੇ ਹੋਰ ਵਰਤੋਂ ਦੇ ਪਾਣੀ ਵਿੱਚ ਨਿਖੇੜਾ ਕਰਨ ਵਰਗੇ ਕਈ ਕਦਮਾਂ ਨਾਲ ਪਾਣੀ ਦੇ ਸੰਕਟ ਨਾਲ ਨਜਿੱਠਿਆ ਜਾ ਸਕਦਾ ਹੈ। ਦਰਅਸਲ, ਕੇਂਦਰੀ ਅਤੇ ਸੂਬਾਈ ਸਰਕਾਰਾਂ ਦੀ ਦਿਲਚਸਪੀ ਇਸ ਮੁੱਦੇ ਨੂੰ ਹੱਲ ਕਰਨ ਦੀ ਬਜਾਏ ਆਪਣੀਆਂ ਸੌੜੀਆਂ ਸਿਆਸੀ ਗਿਣਤੀਆਂ-ਮਿਣਤੀਆਂ ਤਹਿਤ ਸੂਬਿਆਂ ਵਿਚਕਾਰ ਆਪਸੀ ਟਕਰਾਅ ਦੇ ਮੁੱਦੇ ਵਜੋਂ ਇਸ ਨੂੰ ਮਘਦਾ ਰੱਖਣ ਵਿੱਚ ਹੀ ਰਹੀ ਹੈ। ਦੋਵੇਂ ਸੂਬਿਆਂ ਦੇ ਸਿਆਸਤਦਾਨ ਪੰਜਾਬ ਅਤੇ ਹਰਿਆਣਾ ਦੇ ਲੋਕਾਂ ਤੋਂ ਪਾਣੀਆਂ ਦੀ ਰਾਖੀ ਦੇ ਨਾਂ ਉੱਤੇ ਵੋਟਾਂ ਬਟੋਰਦੇ ਆ ਰਹੇ ਹਨ।

ਪਿਛਲੇ ਸਮੇਂ ਦੌਰਾਨ ਕਿਸਾਨ ਸੰਘਰਸ਼ ਵੇਲੇ ਦੋਵਾਂ ਸੂਬਿਆਂ ਦੇ ਲੋਕਾਂ ਵਿੱਚ ਪਾਣੀ ਦੁਆਲੇ ਪੈਦਾ ਹੋਏ ਪਾੜਿਆਂ ਨੂੰ ਦਰਕਿਨਾਰ ਕਰਕੇ ਪੰਜਾਬ ਅਤੇ ਹਰਿਆਣੇ ਦੀ ਕਿਸਾਨੀ ਇਕਜੁੱਟ ਤਾਕਤ ਸਿਰਜਣ ਅਤੇ ਤਿੰਨ ਖੇਤੀ ਕਾਨੂੰਨਾਂ ਦਾ ਮੂੰਹ ਮੋੜਨ ਵਿੱਚ ਕਾਮਯਾਬ ਰਹੀ ਹੈ। ਇਸ ਏਕਤਾ ਨੂੰ ਬਚਾਉਣਾ ਅਤੇ ਹੋਰ ਵਧੇਰੇ ਵਿਸ਼ਾਲ ਤੇ ਤਕੜੀ ਕਰਨਾ ਸਾਰੀਆਂ ਧਿਰਾਂ ਦਾ ਸਰੋਕਾਰ ਹੋਣਾ ਚਾਹੀਦਾ ਹੈ। ਇਹ ਏਕਤਾ ਅਤੇ ਵਿਕਾਸ ਦੇ ਮੌਜੂਦਾ ਮਾਡਲ ਖ਼ਿਲਾਫ਼ ਸਾਂਝੇ ਲੋਕ ਸੰਘਰਸ਼ ਹੀ ਉਪਰੋਕਤ ਸਾਰੇ ਕਦਮ ਚੁੱਕਣ ਲਈ ਹਕੂਮਤਾਂ ਨੂੰ ਮਜਬੂਰ ਕਰ ਸਕਦੇ ਹਨ। ਇਸ ਲਈ ਕੁਦਰਤੀ ਸੋਮਿਆਂ ਦੀ ਲੁੱਟ ਦੇ ਸ਼ਿਕਾਰ ਸਾਰੇ ਸੂਬਿਆਂ ਦੇ ਲੋਕਾਂ ਦਾ ਆਪਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਇਕਜੁੱਟ ਹੋਣਾ ਪਾਣੀ ਦੇ ਸੰਕਟ ਦੇ ਹੱਲ ਲਈ ਅਣਸਰਦੀ ਲੋੜ ਹੈ।

ਸਿਹਤ ਵਿਭਾਗ ਵੱਲੋਂ ਪਿੰਡ ਘੁਟਿੰਡ ਵਿਖੇ ਲਗਾਇਆ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਮੈਡੀਕਲ ਕੈਂਪ



ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਵੱਡੇ ਪੱਧਰ ’ਤੇ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸਿਹਤ ਵਿਭਾਗ ਵੱਲੋਂ ਹਲਕਾ ਅਮਲੋਹ ਦੇ ਨਸ਼ਾ ਪ੍ਰਭਾਵਿਤ ਹੌਟ ਸਪੌਟ ਪਿੰਡ ਘੁਟਿੰਡ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ, ਚਨਾਰਥਲ ਕਲਾਂ ਸ੍ਰੀ ਸੁਰਿੰਦਰ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਾ ਇੱਕ ਗੰਭੀਰ ਸਮਾਜਿਕ ਬੁਰਾਈ ਹੈ, ਜਿਸ ਨੂੰ ਖ਼ਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਪੁਲਿਸ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਤੋਂ ਇਲਾਵਾ ਪਿੰਡ ਵਾਸੀਆਂ ਨੂੰ ਕੋਟਪਾ ਐਕਟ 2003 ਦੀਆਂ ਗਾਈਡਲਾਈਨਾਂ ਸਬੰਧੀ ਜਾਗਰੂਕ ਕੀਤਾ ਗਿਆ। ਉਨ੍ਹਾਂ ਨੂੰ ਜਨਤਕ ਥਾਵਾਂ ‘ਤੇ ਤੰਬਾਕੂਨੋਸ਼ੀ ਨਾ ਕਰਨ, ਤੰਬਾਕੂ ਉਤਪਾਦਾਂ ਦੀ ਵਰਤੋਂ ਤੋਂ ਹੋਣ ਵਾਲੇ ਸਿਹਤ ਨੁਕਸਾਨਾਂ ਅਤੇ ਇਸ ਐਕਟ ਦੀ ਪਾਲਣਾ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾਕਟਰ ਸਵਰਨਜੀਤ ਸੈਗੀ, ਅਵਤਾਰ ਸਿੰਘ ਸੀ.ਐਚ.ਓ., ਸੁਰਿੰਦਰ ਸਿੰਘ ਬੀ.ਈ.ਈ., ਹਰਮਿੰਦਰਪਾਲ, ਹਰਦੀਪ ਸਿੰਘ, ਬੇਅੰਤ ਕੌਰ, ਰਾਜਵਿੰਦਰ ਸਿੰਘ, ਬਲਜੀਤ ਕੌਰ, ਸਰਬਜੀਤ ਕੌਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਐੱਸਐੱਸਪੀ ਦਫ਼ਤਰ ਨੇੜੇ ਮਹਿਲਾ ਵਕੀਲ ਤੇ ਉਸ ਦੇ ਪਿਤਾ ਨਾਲ ਕਥਿਤ ਬਦਸਲੂਕੀ, ਬਚਾਅ ਲਈ ਆਏ ਵਕੀਲ ’ਤੇ ਜਾਨਲੇਵਾ ਹਮਲੇ ਦਾ ਦੋਸ਼

ਪਟਿਆਲਾ, 3 ਨਵੰਬਰ
-ਜੀ. ਐਸ. ਤੁੰਗ-

ਐੱਸਐੱਸਪੀ ਪਟਿਆਲਾ ਦੇ ਦਫ਼ਤਰ ਦੇ ਨੇੜੇ ਇੱਕ ਮਹਿਲਾ ਵਕੀਲ ਅਤੇ ਉਸ ਦੇ ਪਿਤਾ ਨਾਲ ਕਥਿਤ ਤੌਰ ’ਤੇ ਬਦਸਲੂਕੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਜਦੋਂ ਐਡਵੋਕੇਟ ਦੇਵੇਂਦਰ ਰਾਜਪੂਤ ਨੇ ਦਖ਼ਲ ਦੇ ਕੇ ਮਹਿਲਾ ਵਕੀਲ ਅਤੇ ਉਸ ਦੇ ਪਿਤਾ ਦੀ ਮਦਦ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ’ਤੇ ਵੀ ਜਾਨਲੇਵਾ ਹਮਲਾ ਕਰ ਦਿੱਤਾ ਗਿਆ। ਹਮਲੇ ਦੌਰਾਨ ਐਡਵੋਕੇਟ ਦੇਵੇਂਦਰ ਰਾਜਪੂਤ ਦੇ ਸੱਟਾਂ ਲੱਗੀਆਂ। ਮੌਕੇ ’ਤੇ ਪਹੁੰਚੇ ਪੁਲਿਸ ਮੁਲਾਜ਼ਮਾਂ ਨੇ ਦਖ਼ਲ ਦੇ ਕੇ ਉਨ੍ਹਾਂ ਨੂੰ ਹਮਲਾਵਰਾਂ ਤੋਂ ਬਚਾਇਆ। ਜ਼ਖ਼ਮੀ ਵਕੀਲ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ। ਘਟਨਾ ਦੀ ਖ਼ਬਰ ਫੈਲਦਿਆਂ ਹੀ ਵਕੀਲ ਭਾਈਚਾਰੇ ਵਿੱਚ ਰੋਸ ਪਾਇਆ ਜਾ ਰਿਹਾ ਹੈ। ਵਕੀਲਾਂ ਨੇ ਪੁਲਿਸ ਪ੍ਰਸ਼ਾਸਨ ਤੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਨ, ਘਟਨਾ ਵਿੱਚ ਸ਼ਾਮਲ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਅਤੇ ਵਕੀਲਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ। ਵਕੀਲ ਭਾਈਚਾਰੇ ਦਾ ਕਹਿਣਾ ਹੈ ਕਿ ਕਾਨੂੰਨ ਦੀ ਰੱਖਿਆ ਨਾਲ ਜੁੜੇ ਲੋਕਾਂ ਦੀ ਸੁਰੱਖਿਆ ਵੀ ਬੇਹੱਦ ਅਹਿਮ ਹੈ। ਹੁਣ ਦੇਖਣਾ ਹੋਵੇਗਾ ਕਿ ਪੁਲਿਸ ਪ੍ਰਸ਼ਾਸਨ ਇਸ ਮਾਮਲੇ ਵਿੱਚ ਕੀ ਕਾਰਵਾਈ ਕਰਦਾ ਹੈ।

ਬਾਬਾ ਸਾਹਿਬ ਦੀ 1951 ਦੀ ਪਟਿਆਲਾ ਫੇਰੀ ਦੀ ਯਾਦ ਨੂੰ ਸਮਰਪਿਤ ਸੰਸਥਾ ਨੇ ਕਰਵਾਇਆ ਸਨਮਾਨ ਸਮਾਰੋਹ



ਪਟਿਆਲਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਸੰਵਿਧਾਨ ਨਿਰਮਾਤਾ, ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ 29 ਅਕਤੂਬਰ 1951 ਦੀ ਪਟਿਆਲਾ ਫੇਰੀ ਦੀ ਯਾਦ ਨੂੰ ਸਮਰਪਿਤ ਪ੍ਰਤੀਭਾਸ਼ਾਲੀ ਪੜਾਈ ਵਿੱਚ ਹੋਸ਼ਿਆਰ ਵਿਦਿਆਰਥੀ ਬੱਚਿਆਂ ਅਤੇ ਸਕੂਲ ਦੇ ਅਧਿਆਪਕਾਂ ਦਾ ਵਿਸ਼ੇਸ਼ ਸਨਮਾਨ ਕਰਨ ਸਬੰਧੀ ਲਾਹੋਰੀ ਗੇਟ ਗਾਂਧੀ ਨਗਰ ਸਥਿਤ ਸਰਕਾਰੀ ਹਾਈ ਸਕੂਲ ਵਿਖੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਡਾ. ਅੰਬੇਡਕਰ ਲਾਇਬ੍ਰੇਰੀ ਤੇ ਸਟੱਡੀ ਸਰਕਲ ਸੰਸਥਾ ਵੱਲੋਂ ਪ੍ਰਧਾਨ ਹੇਮ ਰਾਜ ਭੱਟੀ, ਜਨਰਲ ਸਕੱਤਰ ਬਲਬੀਰ ਸਿੰਘ ਬੈਂਸ ਐਡਵੋਕੇਟ ਦੀ ਅਗਵਾਈ ਵਿੱਚ ਬੜੀ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਜਿਸ ਦੌਰਾਨ ਦਰਸ਼ਨ ਸਿੰਘ ਪਰੋਚੇ ਐਸ.ਬੀ.ਆਈ. ਰਿਟਾਇਰੀ ਯੂਨੀਅਨ ਨੇਤਾ, ਸ਼ਾਤਾਂ ਦੇਵੀ ਡਿਪਟੀ ਰਜਿਸਟਰਾਰ ਰਿਟਾਇਰਡ ਸੰਸਥਾ ਦੇ ਮੋਹਰੀ ਆਗੂ ਕੁਲਦੀਪ ਸਿੰਘ ਮੱਟੂ, ਫ਼ਕੀਰ ਚੰਦ, ਸਿਵਾਜੀ ਧਾਰੀਵਾਲ, ਸੰਜੀਵ ਕੁਮਾਰ ਸ਼ੈਲੀ, ਸਵਰਨ ਸਿੰਘ ਸੂਬੇਦਾਰ, ਰਾਜੇਸ਼ਵਰ ਕਵੀ, ਸ਼ੁਭਕਰਨ ਗਿੱਲ ਆਦਿ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਵਿਦਿਆ ਸਿੱਖਿਆ ਦੀ ਮਹੱਤਤਾ ਸੰਬੰਧੀ ਜਾਗਰੂਕਤਾ ਭਾਸ਼ਣ ਦਿੱਤਾ ਗਏ। ਇਸ ਮੌਕੇ ਪ੍ਰਧਾਨ ਹੇਮ ਰਾਜ ਭੱਟੀ ਅਤੇ ਜਨਰਲ ਸਕੱਤਰ ਬਲਬੀਰ ਸਿੰਘ ਬੈਂਸ ਐਡਵੋਕੇਟ ਨੇ ਬਾਬਾ ਸਾਹਿਬ ਦੀ ਯਾਦ ਵਿੱਚ ਕਰਵਾਏ ਗਏ ਸਮਾਰੋਹ ਸਬੰਧੀ ਕਿਹਾ ਕਿ 29 ਅਕਤੂਬਰ 1951 ਨੂੰ ਡਾ. ਅੰਬੇਡਕਰ ਪਟਿਆਲਾ ਦੇ ਆਰਿਆ ਸਮਾਜ ਚੌਂਕ ਦੇ ਇੱਕ ਪਾਰਕ ਵਿੱਚ ਆਏ ਸਨ। ਉਦੋਂ ਦੇਸ਼ ਦੀਆਂ ਪਹਿਲੀ ਵਾਰ ਹੋਣ ਜਾ ਰਹੀ ਆਮ ਚੋਣਾਂ ਦਾ ਦੌਰ ਚਲ ਰਿਹਾ ਸੀ। ਇੱਥੋਂ ਆ ਕੇ ਉਨ੍ਹਾਂ ਨੇ ਸੈਡਿਊਲਡ ਕਾਸਟ ਫੈਡਰੇਸ਼ਨ ਦੇ ਹੱਕ ਵਿੱਚ ਭਾਸ਼ਣ ਦਿੱਤਾ ਸੀ, ਜਿਸ ਸਬੰਧੀ ਉਨ੍ਹਾਂ ਦੀ ਇਸ ਪਟਿਆਲਾ ਫੇਰੀ ਦੀ ਯਾਦ ਵਿੱਚ ਹਰ ਸਾਲ ਸੰਸਥਾ ਡਾ. ਅੰਬੇਡਕਰ ਲਾਇਬ੍ਰੇਰੀ ਤੇ ਸਟੱਡੀ ਸਰਕਲ ਵਲੋਂ ਸਮਾਰੋਹ ਦਾ ਆਯੋਜਨ ਕੀਤਾ ਜਾਂਦਾ ਹੈ।

ਇਸ ਮੌਕੇ ਸਾਇੰਸ ਮਿਸਟ੍ਰੈਸ ਗੁਰਿੰਦਰ ਕੌਰ, ਮੁਸਕਾਨ, ਵਿਸ਼ੂ, ਅਤੇ ਮਨਪ੍ਰੀਤ ਕੌਰ ਅਧਿਆਪਕਾਵਾਂ ਦੇ ਨਿਰਦੇਸ਼ਨ ਵਿੱਚ ਵਿਦਿਆਰਥੀਆਂ ਵੱਲੋਂ ਨਾਟਕ, ਕਵਿਤਾਵਾਂ , ਗਿੱਧੇ, ਭੰਗੜੇ ਦੀਆਂ ਸਫਲ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਸਮਾਰੋਹ ਦੌਰਾਨ ਸਕੂਲ ਦੇ ਮੁੱਖ ਅਧਿਆਪਿਕਾ ਮੈਡਮ ਨਿਲਮ, ਅਤੇ ਸੁਖਚੈਨ ਕੌਰ, ਪਰਮਿੰਦਰ ਸਿੰਘ, ਜਾਹਿਦਾ ਕੁਰੈਸ਼ੀ, ਵਰੁੰਜੀਤ ਕੌਰ, ਡਿੰਪਲ, ਬਲਜੀਤ ਸਿੰਘ, ਹਰਿੰਦਰ ਕੌਰ, ਰਮਨਜੋਤ, ਗੁਰਿੰਦਰ ਕੌਰ, ਸਮੂੰਹ ਸਕੂਲ ਟੀਚਰ ਸਟਾਫ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਦੀਵਾਲੀ ਫੰਡਰੇਜ਼ਿੰਗ ਸਮਾਗਮ ਕਰਵਾਇਆ



ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਫਿਜ਼ਿਓਥੈਰੇਪੀ ਵਿਭਾਗ ਵੱਲੋਂ ਕਨਫੈਡਰੇਸ਼ਨ ਫਾਰ ਦ ਚੈਲੇਂਜਡ ਦੇ ਸਹਿਯੋਗ ਨਾਲ 2 ਨਵੰਬਰ, 2026 ਨੂੰ ਦੀਵਾਲੀ ਮੌਕੇ ਫੰਡਰੇਜ਼ਿੰਗ ਸਮਾਗਮ ਕਰਵਾਇਆ ਗਿਆ। ਇਸ ਉਪਰਾਲੇ ਦਾ ਉਦੇਸ਼ ਵਿਸ਼ੇਸ਼ ਯੋਗਤਾ ਵਾਲੇ ਬੱਚਿਆਂ ਦੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਅਤੇ ਉਨ੍ਹਾਂ ਦੀਆਂ ਕਲਾਤਮਕ ਯੋਗਤਾਵਾਂ ਨੂੰ ਹੋਰ ਨਿਖਾਰਨ ਲਈ ਉਤਸ਼ਾਹਿਤ ਕਰਨਾ ਸੀ। ਸਮਾਗਮ ਦੌਰਾਨ ਬੱਚਿਆਂ ਵੱਲੋਂ ਤਿਆਰ ਕੀਤੀਆਂ ਵੱਖ-ਵੱਖ ਕਲਾਤਮਕ ਵਸਤਾਂ ਦੀ ਪ੍ਰਦਰਸ਼ਨੀ ਲਗਾਈ ਗਈ, ਜਿਨ੍ਹਾਂ ਰਾਹੀਂ ਉਨ੍ਹਾਂ ਦੀ ਸਿਰਜਣਾਤਮਕ ਸੋਚ ਅਤੇ ਕਲਾਤਮਕ ਹੁਨਰ ਦੀ ਝਲਕ ਦੇਖਣ ਨੂੰ ਮਿਲੀ। ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਇਨ੍ਹਾਂ ਵਸਤਾਂ ਦੀ ਖਰੀਦਦਾਰੀ ਕਰਕੇ ਇਸ ਉਪਰਾਲੇ ਵਿੱਚ ਆਪਣਾ ਯੋਗਦਾਨ ਪਾਇਆ।

ਇਸ ਸਮਾਗਮ ਦਾ ਆਯੋਜਨ ਡਾ. ਪੰਕਜਪ੍ਰੀਤ ਸਿੰਘ, ਡੀਨ, ਫੈਕਲਟੀ ਆਫ ਅਲਾਈਡ ਐਂਡ ਹੈਲਥ-ਕੇਅਰ ਸਾਇੰਸਿਜ਼ ਅਤੇ ਡਾ. ਸੁਪ੍ਰੀਤ ਬਿੰਦਰਾ, ਮੁਖੀ, ਫਿਜ਼ਿਓਥੈਰੇਪੀ ਵਿਭਾਗ ਦੀ ਅਗਵਾਈ ਹੇਠ ਕੀਤਾ ਗਿਆ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ, ਜਦਕਿ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਨੇ ਵੀ ਆਪਣਾ ਉਤਸ਼ਾਹ ਅਤੇ ਸਹਿਯੋਗ ਦਿੱਤਾ। ਇਸ ਮੌਕੇ ਕਨਫੈਡਰੇਸ਼ਨ ਫਾਰ ਦ ਚੈਲੇਂਜਡ ਦੇ ਪ੍ਰਧਾਨ ਸ੍ਰੀ ਮਨਮੋਹਨ ਜਰਗਰ ਨੇ ਇਸ ਉਪਰਾਲੇ ਲਈ ਯੂਨੀਵਰਸਿਟੀ ਅਧਿਕਾਰੀਆਂ ਅਤੇ ਫਿਜ਼ਿਓਥੈਰੇਪੀ ਵਿਭਾਗ ਦਾ ਧੰਨਵਾਦ ਕੀਤਾ। ਇਸ ਉਪਰਾਲੇ ਰਾਹੀਂ ਯੂਨੀਵਰਸਿਟੀ ਨੇ ਵਿਸ਼ੇਸ਼ ਯੋਗਤਾ ਵਾਲੇ ਬੱਚਿਆਂ ਦੇ ਆਤਮ-ਵਿਸ਼ਵਾਸ, ਸਵੈ-ਨਿਰਭਰਤਾ ਅਤੇ ਸਿਰਜਣਾਤਮਕ ਯੋਗਤਾਵਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਸਮਾਜ ਵਿੱਚ ਸਭ ਨੂੰ ਬਰਾਬਰ ਦੇ ਮੌਕੇ ਦੇਣ ਅਤੇ ਆਪਸੀ ਸਾਂਝ ਤੇ ਬਰਾਬਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਦੇ ਆਪਣੇ ਉਦੇਸ਼ ਨੂੰ ਦੁਹਰਾਇਆ।





Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਖੇਤੀ ਵਿਰਾਸਤ ਮਿਸ਼ਨ ਦੇ ਸਹਿਯੋਗ ਨਾਲ ਸਿਹਤ ਜਾਗਰੂਕਤਾ ਸਮਾਗਮ ਕਰਵਾਇਆ



ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਖੇਤੀਬਾੜੀ ਵਿਭਾਗ ਵੱਲੋਂ ਖੇਤੀ ਵਿਰਾਸਤ ਮਿਸ਼ਨ ਦੇ ਸਹਿਯੋਗ ਨਾਲ 'ਸਮੁੱਚੀ ਸਿਹਤ ਅਤੇ ਖੁਰਾਕ ਜਾਗਰੂਕਤਾ' ਵਿਸ਼ੇ 'ਤੇ ਪੰਜਾਬ ਜਾਗਰੂਕਤਾ ਮੁਹਿੰਮ ਤਹਿਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਉਪਰਾਲੇ ਦਾ ਮੰਤਵ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਸਿਹਤਮੰਦ ਜੀਵਨ-ਢੰਗ, ਪੌਸ਼ਟਿਕ ਖੁਰਾਕ ਅਤੇ ਸਮੁੱਚੀ ਤੰਦਰੁਸਤੀ ਪ੍ਰਤੀ ਚੇਤਨਾ ਜਗਾਉਣਾ ਸੀ।

ਇਸ ਮੌਕੇ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਅਤੇ ਫੈਕਲਟੀ ਆਫ਼ ਐਗਰੀਕਲਚਰ ਦੇ ਡੀਨ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਓਜਸ ਲਾਈਫ ਦੇ ਸੰਸਥਾਪਕ ਸ੍ਰੀ ਅਤੁਲ ਸ਼ਾਹ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਰੋਗਾਂ ਦੀ ਰੋਕਥਾਮ, ਸਿਹਤਮੰਦ ਜੀਵਨ-ਜਾਚ ਅਤੇ ਸਰੀਰਕ ਤੇ ਮਾਨਸਿਕ ਤੰਦਰੁਸਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਸਿਹਤ ਪ੍ਰਤੀ ਸੁਚੇਤ ਆਦਤਾਂ ਅਪਣਾਉਣ ਅਤੇ ਖੁਰਾਕ ਸਬੰਧੀ ਸੋਚ-ਸਮਝ ਕੇ ਚੋਣਾਂ ਕਰਨ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ।

ਇਸ ਮੌਕੇ ਖੇਤੀ ਵਿਰਾਸਤ ਮਿਸ਼ਨ ਦੇ ਸ੍ਰੀ ਸੰਜੀਵ ਸ਼ਰਮਾ, ਸ੍ਰੀ ਹਰਮੇਲਪ੍ਰੀਤ ਸਿੰਘ ਅਤੇ ਮਿਸ਼ਨ ਦੇ ਹੋਰ ਮੈਂਬਰ ਵੀ ਹਾਜ਼ਰ ਰਹੇ। ਵਿਚਾਰ-ਚਰਚਾ ਦੌਰਾਨ ਰਵਾਇਤੀ ਖੁਰਾਕ ਪ੍ਰਣਾਲੀ, ਕੁਦਰਤੀ ਖੇਤੀ, ਪੌਸ਼ਟਿਕ ਭੋਜਨ ਅਤੇ ਵਾਤਾਵਰਣ ਦੀ ਸੰਭਾਲ ਦੀ ਅਹਿਮੀਅਤ ਉਜਾਗਰ ਕੀਤੀ ਗਈ। ਬੁਲਾਰਿਆਂ ਨੇ ਸਿਹਤਮੰਦ ਮਿੱਟੀ, ਮਿਆਰੀ ਖੁਰਾਕ, ਮਨੁੱਖੀ ਸਿਹਤ ਅਤੇ ਕੁਦਰਤੀ ਸੰਤੁਲਨ ਦੇ ਆਪਸੀ ਤਾਅਲੁਕ ਨੂੰ ਵੀ ਰੇਖਾਂਕਿਤ ਕੀਤਾ। ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਜਸਪ੍ਰੀਤ ਕੌਰ ਢਿੱਲੋਂ ਨੇ ਮਹਿਮਾਨਾਂ ਅਤੇ ਮੁੱਖ ਬੁਲਾਰੇ ਦਾ ਸਵਾਗਤ ਕੀਤਾ। ਉਨ੍ਹਾਂ ਨੇ ਸਿਹਤ, ਪੌਸ਼ਟਿਕ ਖੁਰਾਕ ਅਤੇ ਟਿਕਾਊ ਜੀਵਨ-ਢੰਗ ਪ੍ਰਤੀ ਚੇਤਨਾ ਜਗਾਉਣ ਲਈ ਅਜਿਹੇ ਸਾਂਝੇ ਯਤਨਾਂ ਦੀ ਅਹਿਮੀਅਤ ਬਾਰੇ ਦੱਸਿਆ। ਅਖ਼ੀਰ ਵਿੱਚ ਡਾ. ਵਿਭੂਤੀ ਸ਼ਰਮਾ ਨੇ ਧੰਨਵਾਦੀ ਸ਼ਬਦ ਕਹਿੰਦਿਆਂ ਯੂਨੀਵਰਸਿਟੀ ਦੇ ਅਧਿਕਾਰੀਆਂ, ਸ੍ਰੀ ਅਤੁਲ ਸ਼ਾਹ ਅਤੇ ਖੇਤੀ ਵਿਰਾਸਤ ਮਿਸ਼ਨ ਦੀ ਸਮੁੱਚੀ ਟੀਮ ਦਾ ਸਾਥ ਅਤੇ ਭਾਗੀਦਾਰੀ ਲਈ ਧੰਨਵਾਦ ਕੀਤਾ।

ਸੂਬੇ ਦੀ ਨੁਹਾਰ ਬਦਲਣਾ ਹੀ ਸਰਕਾਰ ਦਾ ਮੁੱਖ ਉਦੇਸ਼:ਵਿਧਾਇਕ ਰਾਏ

ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਲਈ ਯਤਨਸ਼ੀਲ ਹੈ, ਸਰਕਾਰ ਦਾ ਕੇਵਲ ਇੱਕ ਹੀ ਉਦੇਸ਼ ਹੈ ਕਿ ਪਿੰਡਾਂ ਅਤੇ ਸ਼ਹਿਰਾਂ ਦਾ ਸਰਬ ਪੱਖੀ ਵਿਕਾਸ ਹੋਵੇ। ਇਹ ਪ੍ਰਗਟਾਵਾ ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬਲਾਕ ਸਰਹਿੰਦ ਦੇ ਪਿੰਡ ਧਤੌਂਦਾ ਵਿਖੇ ਕਰੀਬ 75 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।



ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਪਿੰਡਾਂ ਵਿੱਚ ਖੇਡ ਮੈਦਾਨ ਉਸਾਰੇ ਗਏ, ਟੋਭਿਆਂ ਦਾ ਨਵੀਨੀਕਰਨ ਕੀਤਾ ਗਿਆ, ਉੱਥੇ ਹੀ ਇੰਟਰਲੌਕ ਟਾਈਲਾਂ ਦੇ ਨਾਲ ਰਸਤੇ ਬਣਾਏ ਗਏ, ਪਾਰਕਾਂ ਬਣਾਈਆਂ ਗਈਆਂ, ਸਕੂਲਾਂ ਅਤੇ ਹਸਪਤਾਲਾਂ ਦੀ ਨੁਹਾਰ ਵੀ ਬਦਲੀ ਗਈ ਹੈ।ਉਹਨਾਂ ਦੱਸਿਆ ਕਿ ਪਿੰਡ ਧਤੌਂਦਾ ਵਿਖੇ 15 ਲੱਖ ਦੀ ਲਾਗਤ ਦੇ ਨਾਲ ਖੇਡ ਮੈਦਾਨ, 14 ਲੱਖ ਦੀ ਲਾਗਤ ਦੇ ਨਾਲ ਕੋਅਪਰੇਟਿਵ ਸੁਸਾਇਟੀ ਦਾ ਸ਼ੈਡ ਅਤੇ ਦਫਤਰ, 11 ਲੱਖ ਦੀ ਲਾਗਤ ਦੇ ਨਾਲ ਵਾਲਮੀਕੀ ਧਰਮਸ਼ਾਲਾ ਅਤੇ 35 ਲੱਖ ਰੁਪਏ ਦੀ ਲਾਗਤ ਦੇ ਨਾਲ ਮਿੰਨੀ ਸਬ ਸੈਂਟਰ ਬਣਾਏ ਗਏ ਹਨ ਤਾਂ ਜੋ ਵਿਕਾਸ ਪੱਖੋਂ ਪਿੰਡ ਦੀ ਨੁਹਾਰ ਬਦਲੀ ਜਾ ਸਕੇ। ਪਿੰਡ ਦੇ ਸਰਪੰਚ ਜਗਰੂਪ ਸਿੰਘ ਨੇ ਵਿਧਾਇਕ ਲਖਬੀਰ ਸਿੰਘ ਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਪਿੰਡ ਧਤਾਉਂਦਾ ਨੂੰ ਗਰਾਂਟਾਂ ਦੇ ਖੁੱਲੇ ਗੱਫੇ ਦਿੱਤੇ ਗਏ ਹਨ ਇਸ ਲਈ ਨਗਰ ਨਿਵਾਸੀ ਉਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੰਬਰਦਾਰ ਜਗਰੂਪ ਸਿੰਘ, ਪੰਚ ਹਜ਼ਾਰਾਂ ਸਿੰਘ, ਪੰਚ ਬਰਿੰਦਰ ਸਿੰਘ, ਪੰਚ ਮਨਜੀਤ ਕੌਰ, ਪੰਚ ਮਨਪ੍ਰੀਤ ਕੌਰ, ਬਲਾਕ ਪ੍ਰਧਾਨ ਰੋਹੀ ਰਾਮ, ਸੁਸਾਇਟੀ ਪ੍ਰਧਾਨ ਦਵਿੰਦਰ ਸਿੰਘ, ਐਸਸੀ ਵਿੰਗ ਦੇ ਪ੍ਰਧਾਨ ਜਸਵੰਤ ਸਿੰਘ ਆਦਿ ਵੀ ਹਾਜ਼ਰ ਸਨ।

ਨਸ਼ਾ ਮੁਕਤ ਅਤੇ ਟੀ.ਬੀ. ਮੁਕਤ ਜਵਾਨੀ ਦੇ ਸੰਦੇਸ਼ ਨਾਲ ਸੰਪੰਨ ਹੋਇਆ ਕੈਂਪ

ਮੁਕੇਰੀਆਂ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਟਰੱਸਟ ਅਧੀਨ ਚੱਲ ਰਹੀ ਸੰਸਥਾ ਦਸਮੇਸ਼ ਗਰਲਜ਼ ਕਾਲਜ, ਚੱਕ ਅੱਲ੍ਹਾ ਬਖ਼ਸ਼, ਮੁਕੇਰੀਆਂ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਜਥੇਦਾਰ ਭਾਈ ਕੁਲਦੀਪ ਸਿੰਘ ਚੱਕ ਮੈਮੋਰੀਅਲ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੇ ਵਾਇਸ ਪ੍ਰਿੰਸੀਪਲ ਮਨਪ੍ਰੀਤ ਕੌਰ ਦੇ ਸਹਿਯੋਗ ਨਾਲ 27 ਅਕਤੂਬਰ ਤੋਂ 2 ਨਵੰਬਰ 2026 ਤੱਕ ਨਸ਼ਾ ਮੁਕਤ ਅਤੇ ਟੀ.ਬੀ. ਮੁਕਤ ਨੌਜਵਾਨੀ ਵਿਸ਼ੇ ਅਧੀਨ ਸੱਤ ਰੋਜ਼ਾ ਦਿਨ-ਰਾਤ



ਐੱਨ.ਐੱਸ.ਐੱਸ. ਕੈਂਪ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਵਲੰਟੀਅਰਾਂ ਵਿੱਚ ਸਮਾਜਿਕ ਜ਼ਿੰਮੇਵਾਰੀ, ਅਨੁਸ਼ਾਸਨ, ਅਗਵਾਈ ਅਤੇ ਸਮਾਜ ਸੇਵਾ ਦੀ ਭਾਵਨਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਸਿਹਤਮੰਦ, ਨਸ਼ਾ ਮੁਕਤ ਅਤੇ ਟੀ.ਬੀ. ਮੁਕਤ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ।ਕੈਂਪ ਦੇ ਪਹਿਲੇ ਦਿਨ ਉਦਘਾਟਨੀ ਅਤੇ ਜਾਣ-ਪਛਾਣ ਸੈਸ਼ਨ ਰਾਹੀਂ ਵਲੰਟੀਅਰਾਂ ਨੂੰ ਕੈਂਪ ਦੇ ਉਦੇਸ਼ਾਂ, ਜ਼ਿੰਮੇਵਾਰੀਆਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਉਪਰੰਤ ਕਾਲਜ ਕੈਂਪਸ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ, ਜਿਸ ਰਾਹੀਂ ਸਫ਼ਾਈ, ਸਵੱਛਤਾ ਅਤੇ ਵਾਤਾਵਰਨ ਦੀ ਸੰਭਾਲ ਦਾ ਸੰਦੇਸ਼ ਦਿੱਤਾ ਗਿਆ।ਦੂਜੇ ਦਿਨ ਵਲੰਟੀਅਰਾਂ ਵੱਲੋਂ ਗੋਦ ਲਏ ਪਿੰਡ ਮੋਹੀਉੱਦੀਨਪੁਰ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮਾਜਿਕ ਅਤੇ ਵਾਤਾਵਰਨ ਸਬੰਧੀ ਸਮੱਸਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਗਤੀਵਿਧੀ ਦਾ ਉਦੇਸ਼ ਕਾਲਜ ਅਤੇ ਪਿੰਡ ਦੇ ਲੋਕਾਂ ਵਿਚਕਾਰ ਆਪਸੀ ਸਾਂਝ ਨੂੰ ਮਜ਼ਬੂਤ ਕਰਨਾ ਅਤੇ ਪੇਂਡੂ ਵਿਕਾਸ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਸੀ। ਤੀਜੇ ਦਿਨ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਵਲੰਟੀਅਰਾਂ ਨੇ ਆਪਣੇ ਸਿਰਜਣਾਤਮਕ ਵਿਚਾਰਾਂ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਸਿਹਤਮੰਦ ਜੀਵਨ-ਸ਼ੈਲੀ ਦੀ ਮਹੱਤਤਾ ਨੂੰ ਦਰਸਾਇਆ। ਇਸ ਦੇ ਨਾਲ ਹੀ ਯੋਗਾ ਕੈਂਪ ਵੀ ਲਗਾਇਆ ਗਿਆ, ਜਿਸ ਰਾਹੀਂ ਸਰੀਰਕ ਤੰਦਰੁਸਤੀ, ਮਾਨਸਿਕ ਸ਼ਾਂਤੀ ਅਤੇ ਸਮੁੱਚੀ ਸਿਹਤ ਪ੍ਰਤੀ ਜਾਗਰੂਕ ਕੀਤਾ ਗਿਆ।

ਚੌਥੇ ਦਿਨ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਸਮਰਪਿਤ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਵਲੰਟੀਅਰਾਂ ਨੂੰ ਰਾਸ਼ਟਰੀ ਏਕਤਾ, ਅਖੰਡਤਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਭਾਵਨਾਵਾਂ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਪੰਜਵੇਂ ਦਿਨ ਨਸ਼ਾ ਮੁਕਤ ਅਤੇ ਟੀ.ਬੀ. ਮੁਕਤ ਨੌਜਵਾਨੀ ਵਿਸ਼ੇ 'ਤੇ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। ਇਸ ਮੌਕੇ ਮੁੱਖ ਵਕਤਾ ਵਜੋਂ ਡਾ. ਪਰਮੋਦ ਰਿਸ਼ੀ ਅਤੇ ਡਾ. ਸ਼ਵੇਤਾ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਦੂਰ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਟੀ.ਬੀ. ਦੀ ਬਿਮਾਰੀ ਦੇ ਲੱਛਣਾਂ, ਬਚਾਅ, ਸਮੇਂ ਸਿਰ ਜਾਂਚ ਅਤੇ ਇਲਾਜ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਮੈਡਮ ਨੀਨਾ ਰਿਸ਼ੀ ਵੀ ਮੌਜੂਦ ਸਨ। ਇਹ ਸੈਸ਼ਨ ਵਲੰਟੀਅਰਾਂ ਲਈ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਰਿਹਾ।ਛੇਵੇਂ ਦਿਨ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ। ਇਸ ਦੌਰਾਨ ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਨਾਅਰਿਆਂ ਅਤੇ ਜਾਗਰੂਕਤਾ ਸੰਦੇਸ਼ਾਂ ਰਾਹੀਂ ਆਮ ਲੋਕਾਂ ਨੂੰ ਨਸ਼ਿਆਂ ਦੇ ਦੂਰ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਦਾ ਸੱਦਾ ਦਿੱਤਾ।ਸੱਤਵੇਂ ਅਤੇ ਆਖ਼ਰੀ ਦਿਨ ਨੂੰ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਰਾਹੀਂ ਮਨੁੱਖਤਾ ਦੀ ਸੇਵਾ, ਪਰਉਪਕਾਰ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਗਿਆ। ਵਲੰਟੀਅਰਾਂ ਅਤੇ ਭਾਗੀਦਾਰਾਂ ਨੂੰ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਦੀ ਮਹੱਤਤਾ ਅਤੇ ਇਸ ਰਾਹੀਂ ਕੀਮਤੀ ਜਾਨਾਂ ਬਚਾਉਣ ਦੇ ਮਹੱਤਵ ਤੋਂ ਜਾਣੂ ਕਰਵਾਇਆ ਗਿਆ। ਇਸ ਉਪਰੰਤ ਸਮਾਪਤੀ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਵਲੰਟੀਅਰਾਂ ਦੀ ਸਰਗਰਮ ਭਾਗੀਦਾਰੀ ਅਤੇ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਮੀਤੂ ਮਹਾਜਨ ਦੀ ਯੋਗ ਅਗਵਾਈ ਹੇਠ ਕਰਵਾਏ ਗਏ ਇਸ ਸੱਤ ਰੋਜ਼ਾ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰਾਂ ਮੈਡਮ ਸ਼ਿਖਾ ਸ਼ਰਮਾ(ਕਾਲਜ) ਅਤੇ ਮੈਡਮ ਨੀਰਜ ਸ਼ਰਮਾ(ਸਕੂਲ)ਨੇ ਅਹਿਮ ਭੂਮਿਕਾ ਨਿਭਾਈ।

ਮਿਊਂਸਪਲ ਕਮੇਟੀ ਸਮਾਣਾ ਵਿਖੇ ਨਵੀਆਂ ਨਿਯੁਕਤੀਆਂ, ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਮਿਲੇਗੀ ਹੋਰ ਤੇਜ਼ੀ

ਸਮਾਣਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅੱਜ ਮਿਊਂਸਪਲ ਕਮੇਟੀ ਸਮਾਣਾ ਵਿਖੇ ਸਤਿਕਾਰਯੋਗ ਸਰਦਾਰ ਸੁਰਜੀਤ ਸਿੰਘ ਰੱਖੜਾ ਜੀ ਦੀ ਰਹਿਨੁਮਾਈ ਹੇਠ ਚਾਰ ਅਧਿਕਾਰੀਆਂ ਦੀ ਨਵੀਂ ਜੁਆਇਨਿੰਗ ਕਰਵਾਈ ਗਈ।



ਇਸ ਮੌਕੇ ਜੁਆਇਨ ਕਰਨ ਵਾਲੇ ਅਧਿਕਾਰੀ:
1. ਈ.ਓ. - ਸਰਦਾਰ ਬਲਜਿੰਦਰ ਸਿੰਘ
2. ਜੇ.ਈ. - ਸਰਦਾਰ ਜਗਦੀਪ ਸਿੰਘ
3. ਮਿਊਂਸਪਲ ਇੰਜੀਨੀਅਰ - ਸ਼੍ਰੀ ਰਾਜੀਵ ਗੋਇਲ
4. ਸਹਾਇਕ ਮਿਊਂਸਪਲ ਇੰਜੀਨੀਅਰ - ਸ਼੍ਰੀ ਅਮਿਤ ਕੁਮਾਰ ਦੁਰੇਜਾ

ਇਨ੍ਹਾਂ ਨਿਯੁਕਤੀਆਂ ਦਾ ਮੁੱਖ ਉਦੇਸ਼ ਸਮਾਣਾ ਸ਼ਹਿਰ ਵਿੱਚ ਲਗਾਤਾਰ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਪ੍ਰਦਾਨ ਕਰਨਾ, ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਸ਼ਹਿਰ ਦੇ ਸਰਵਪੱਖੀ ਵਿਕਾਸ ਨੂੰ ਨਵੀਂ ਦਿਸ਼ਾ ਦੇਣਾ ਹੈ।

ਸਾਨੂੰ ਪੂਰੀ ਉਮੀਦ ਹੈ ਕਿ ਨਵੇਂ ਨਿਯੁਕਤ ਅਧਿਕਾਰੀ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਸਮਾਣਾ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਣਗੇ।

ਸਮਾਣਾ ਦੇ ਵਿਕਾਸ ਅਤੇ ਸ਼ਹਿਰ ਵਾਸੀਆਂ ਦੀ ਬਿਹਤਰੀ ਲਈ ਸਾਡਾ ਯਤਨ ਲਗਾਤਾਰ ਜਾਰੀ ਰਹੇਗਾ।

ਪੀ.ਜੀ.ਆਈ.ਐੱਮ.ਈ.ਆਰ. ਵਿਖੇ 344ਵਾਂ ਖ਼ੂਨ ਦਾਨ ਕੈਂਪ ਆਯੋਜਿਤ: 33 ਖ਼ੂਨ ਦਾਨੀਆਂ ਨੇ ਕੀਤਾ ਖ਼ੂਨ ਦਾਨ

ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ, ਪੀ.ਜੀ.ਆਈ.ਐੱਮ.ਈ.ਆਰ., ਚੰਡੀਗੜ੍ਹ ਅਤੇ ਥੈਲੇਸੀਮਿਕ ਚੈਰੀਟੇਬਲ ਟਰੱਸਟ ਵੱਲੋਂ 31 ਅਕਤੂਬਰ 2026 ਨੂੰ ਪੀ.ਜੀ.ਆਈ.ਐੱਮ.ਈ.ਆਰ. ਦੇ ਬਲੱਡ ਡੋਨੇਸ਼ਨ ਕੰਪਲੈਕਸ (ਕਮਰਾ ਨੰ. 107) ਵਿਖੇ 344ਵੇਂ ਖ਼ੂਨ ਦਾਨ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਹ ਕੈਂਪ ਥੈਲੇਸੀਮੀਆ ਦੇ ਮਰੀਜ਼ਾਂ ਅਤੇ ਖ਼ੂਨ ਦੀ ਲੋੜ ਵਾਲੇ ਹੋਰ ਗੰਭੀਰ ਮਰੀਜ਼ਾਂ ਨੂੰ ਸਮਰਪਿਤ ਸੀ।



ਕੈਂਪ ਦੌਰਾਨ ਥੈਲੇਸੀਮਿਕ ਚੈਰੀਟੇਬਲ ਟਰੱਸਟ ਵੱਲੋਂ ਖ਼ੂਨ ਦਾਨੀਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਅਤੇ ਥੈਲੇਸੀਮੀਆ ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਵਿਸ਼ੇਸ਼ ਡੈਸਕ ਵੀ ਲਗਾਇਆ ਗਿਆ।

ਇਸ ਕੈਂਪ ਵਿੱਚ 33 ਖ਼ੂਨ ਦਾਨੀਆਂ ਨੇ ਉਤਸ਼ਾਹ ਨਾਲ ਖ਼ੂਨ ਦਾਨ ਕੀਤਾ।

ਪ੍ਰੋ. (ਡਾ.) ਆਰ.ਆਰ. ਸ਼ਰਮਾ (ਮੁਖੀ, ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ) ਅਤੇ ਸ਼੍ਰੀ ਏ.ਪੀ. ਸਿੰਘ (ਸੀਨੀਅਰ ਮੀਤ ਪ੍ਰਧਾਨ, ਥੈਲੇਸੀਮਿਕ ਚੈਰੀਟੇਬਲ ਟਰੱਸਟ) ਨੇ ਖ਼ੂਨ ਦਾਨੀਆਂ, ਮੈਡੀਕਲ ਟੀਮ ਅਤੇ ਟਰੱਸਟ ਦੇ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਆਮ ਜਨਤਾ ਨੂੰ ਕੀਮਤੀ ਜਾਨਾਂ ਬਚਾਉਣ ਲਈ ਵੱਧ ਤੋਂ ਵੱਧ ਸਵੈ-ਇੱਛਕ ਖ਼ੂਨ ਦਾਨ ਕਰਨ ਦੀ ਅਪੀਲ ਕੀਤੀ ਗਈ। ਕੈਂਪ ਵਿੱਚ ਟਰੱਸਟ ਦੇ ਮੈਂਬਰ ਸ਼੍ਰੀ ਏ.ਪੀ. ਸਿੰਘ, ਐੱਮ.ਐੱਲ. ਗਾਂਧੀ, ਬਲਰਾਜ ਸਿੰਘ ਗਿੱਲ ਅਤੇ ਅਮਿਤ ਸੂਦ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

40 ਉਮੀਦਵਾਰਾਂ ਦੀ ਪਹਿਲੀ ਸੂਚੀ ਨੇ 'ਆਪ' ਵਿੱਚ ਫੁੱਟ ਦੀਆਂ ਅਫ਼ਵਾਹਾਂ ਨੂੰ ਬੇਬੁਨਿਆਦ ਸਾਬਤ ਕੀਤਾ: ਅਮਨ ਅਰੋੜਾ

ਸੁਨਾਮ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪਾਰਟੀ ਵੱਲੋਂ 40 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੇ ਜਾਣ ਨਾਲ ਵਿਰੋਧੀਆਂ ਵੱਲੋਂ ਪਾਰਟੀ ਵਿੱਚ ਫੁੱਟ ਅਤੇ ਵਿਧਾਇਕਾਂ ਦੇ ਪਾਰਟੀ ਛੱਡਣ ਸਬੰਧੀ ਫੈਲਾਈਆਂ ਜਾ ਰਹੀਆਂ ਅਫ਼ਵਾਹਾਂ ਬੇਬੁਨਿਆਦ ਸਾਬਤ ਹੋਈਆਂ ਹਨ।



ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਪੂਰੀ ਤਰ੍ਹਾਂ ਇਕਜੁੱਟ ਹਨ ਅਤੇ ਲੋਕਾਂ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਲੋਕ ਸੇਵਾ ਵਿੱਚ ਜੁਟੇ ਹੋਏ ਹਨ। ਸਿਆਸੀ ਮੁੱਦਿਆਂ ਬਾਰੇ ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਦਿੰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਵਿਰੋਧੀਆਂ ਵੱਲੋਂ ਪਾਰਟੀ ਦੀ ਇਕਜੁੱਟਤਾ ਬਾਰੇ ਭਰਮ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਸਨ, ਪਰ ਪਹਿਲੀ ਸੂਚੀ ਦੇ ਐਲਾਨ ਨੇ ਇਨ੍ਹਾਂ ਚਰਚਾਵਾਂ ਨੂੰ ਵਿਰਾਮ ਲਗਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਾਂਝੇ ਉਦੇਸ਼ ਅਤੇ ਪੰਜਾਬ ਦੇ ਲੋਕਾਂ ਪ੍ਰਤੀ ਜ਼ਿੰਮੇਵਾਰੀ ਉਨ੍ਹਾਂ ਲਈ ਸਭ ਤੋਂ ਅਹਿਮ ਹਨ।

ਪਹਿਲੀ ਸੂਚੀ ਵਿੱਚ ਉਨ੍ਹਾਂ ਅਤੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਦੇ ਨਾਂ ਸ਼ਾਮਲ ਨਾ ਹੋਣ ਸਬੰਧੀ ਸਵਾਲ ਦਾ ਜਵਾਬ ਦਿੰਦਿਆਂ ਸ੍ਰੀ ਅਰੋੜਾ ਨੇ ਦੱਸਿਆ ਕਿ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਮੀਟਿੰਗ ਦੌਰਾਨ ਉਨ੍ਹਾਂ ਦੋਵਾਂ ਨੇ ਖ਼ੁਦ ਬੇਨਤੀ ਕੀਤੀ ਸੀ ਕਿ ਉਨ੍ਹਾਂ ਦੀਆਂ ਉਮੀਦਵਾਰੀਆਂ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇ ਅਤੇ ਪਹਿਲਾਂ ਹੋਰਨਾਂ ਮਿਹਨਤੀ ਸਾਥੀਆਂ ਦੇ ਨਾਵਾਂ ਦਾ ਐਲਾਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨੂੰ ਲੈ ਕੇ ਕਿਸੇ ਕਿਸਮ ਦੀਆਂ ਕਿਆਸਅਰਾਈਆਂ ਲਗਾਉਣ ਦਾ ਕੋਈ ਆਧਾਰ ਨਹੀਂ ਹੈ।

ਸਾਬਕਾ ਮੁੱਖ ਮੰਤਰੀ ਸ੍ਰੀ ਚਰਨਜੀਤ ਸਿੰਘ ਚੰਨੀ ਵੱਲੋਂ ਐਲਾਨੇ ਗਏ ਉਮੀਦਵਾਰਾਂ ਦੀ ਹਾਰ ਬਾਰੇ ਕੀਤੇ ਦਾਅਵੇ 'ਤੇ ਪ੍ਰਤੀਕਿਰਿਆ ਦਿੰਦਿਆਂ ਸ੍ਰੀ ਅਰੋੜਾ ਨੇ ਉਨ੍ਹਾਂ ਨੂੰ ਚੁਣੌਤੀ ਦਿੱਤੀ ਕਿ ਉਹ ਇਨ੍ਹਾਂ 40 ਹਲਕਿਆਂ ਵਿੱਚੋਂ ਆਪਣੀ ਪਸੰਦ ਦੇ ਕਿਸੇ ਵੀ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਿਰੁੱਧ ਚੋਣ ਲੜ ਕੇ ਲੋਕਾਂ ਦਾ ਫ਼ੈਸਲਾ ਦੇਖ ਲੈਣ। ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਅੰਤਿਮ ਫ਼ੈਸਲਾ ਲੋਕਾਂ ਨੇ ਕਰਨਾ ਹੁੰਦਾ ਹੈ।

ਸੁਨਾਮ ਹਲਕਾ ਛੱਡਣ ਜਾਂ ਪਾਰਟੀ ਬਦਲਣ ਦੀਆਂ ਚਰਚਾਵਾਂ ਨੂੰ ਮੁੱਢੋਂ ਖ਼ਾਰਜ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਸੁਨਾਮ ਨਾਲ ਉਨ੍ਹਾਂ ਦੀ ਸਾਂਝ ਪਰਿਵਾਰਕ ਅਤੇ ਭਾਵਨਾਤਮਕ ਹੈ। ਉਨ੍ਹਾਂ ਦੱਸਿਆ ਕਿ ਸਾਲ 2000 ਵਿੱਚ ਪਿਤਾ ਜੀ ਦੇ ਅਕਾਲ ਚਲਾਣੇ ਤੋਂ ਬਾਅਦ ਲੰਮਾ ਸੰਘਰਸ਼ ਕਰਨ ਅਤੇ ਚੋਣਾਂ ਵਿੱਚ ਹਾਰਾਂ ਦਾ ਸਾਹਮਣਾ ਕਰਨ ਦੇ ਬਾਵਜੂਦ ਉਨ੍ਹਾਂ ਨੇ ਸੁਨਾਮ ਵਾਸੀਆਂ ਨਾਲ ਆਪਣਾ ਨਾਤਾ ਕਦੇ ਨਹੀਂ ਤੋੜਿਆ। ਉਨ੍ਹਾਂ ਕਿਹਾ, ਸੁਨਾਮ ਮੇਰਾ ਆਪਣਾ ਪਰਿਵਾਰ ਹੈ ਅਤੇ ਜਿੰਨੀ ਦੇਰ ਮੇਰੇ ਸਾਹ ਚੱਲਦੇ ਹਨ, ਮੈਂ ਹਲਕੇ ਦੇ ਲੋਕਾਂ ਦੀ ਸੇਵਾ ਕਰਦਾ ਰਹਾਂਗਾ।

ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਨੂੰ ਮੰਦਭਾਗਾ ਕਰਾਰ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਰਿਵਾਰ ਦੀ ਮੰਗ ਅਨੁਸਾਰ ਸਰਕਾਰ ਵੱਲੋਂ ਸੀਬੀਆਈ ਜਾਂਚ ਦੀ ਸਿਫ਼ਾਰਸ਼ ਕੀਤੀ ਗਈ ਹੈ ਅਤੇ ਇੱਕ ਉੱਚ ਪੱਧਰੀ ਕਮੇਟੀ ਵੀ ਗਠਿਤ ਕੀਤੀ ਗਈ ਹੈ। ਉਨ੍ਹਾਂ ਪਰਿਵਾਰ ਨੂੰ ਅਪੀਲ ਕੀਤੀ ਕਿ ਮ੍ਰਿਤਕ ਦੇਹ ਦਾ ਸਤਿਕਾਰ ਸਹਿਤ ਸਸਕਾਰ ਕੀਤਾ ਜਾਵੇ ਅਤੇ ਹੋਰਨਾਂ ਮਸਲਿਆਂ ਦੇ ਹੱਲ ਲਈ ਸਰਕਾਰ ਤੇ ਪ੍ਰਸ਼ਾਸਨ ਨਾਲ ਗੱਲਬਾਤ ਜਾਰੀ ਰੱਖੀ ਜਾਵੇ। ਉਨ੍ਹਾਂ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦੀ ਮੁਹਿੰਮ ਪੂਰੀ ਸਖ਼ਤੀ ਨਾਲ ਜਾਰੀ ਰਹੇਗੀ।

ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਸ੍ਰੀ ਅਰੋੜਾ ਨੇ ਦੋਸ਼ ਲਾਇਆ ਕਿ ਖੇਤੀ ਕਾਨੂੰਨਾਂ ਤੋਂ ਲੈ ਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਅਤੇ ਪੰਜਾਬ ਯੂਨੀਵਰਸਿਟੀ ਨਾਲ ਸਬੰਧਤ ਮਾਮਲਿਆਂ ਤੱਕ ਪੰਜਾਬ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ ਫੰਡ ਦੇ 1,000 ਕਰੋੜ ਰੁਪਏ ਤੋਂ ਵੱਧ ਦੇ ਫੰਡ ਰੋਕੇ ਜਾਣ ਨਾਲ ਵੀ ਪੰਜਾਬ ਦੇ ਹੱਕਾਂ ਨੂੰ ਢਾਹ ਲੱਗੀ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਿੱਤਾਂ ਅਤੇ ਬਣਦੇ ਹੱਕਾਂ ਦੀ ਰਾਖੀ ਲਈ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ। ਉਨ੍ਹਾਂ ਦੁਹਰਾਇਆ ਕਿ ਲੋਕ ਸੇਵਾ, ਪਾਰਟੀ ਦੀ ਇਕਜੁੱਟਤਾ ਅਤੇ ਪੰਜਾਬ ਦੇ ਹੱਕਾਂ ਦੀ ਪੈਰਵੀ ਉਨ੍ਹਾਂ ਦੀਆਂ ਪ੍ਰਮੁੱਖ ਤਰਜੀਹਾਂ ਹਨ।

ਪੰਜਾਬ ਦੇ ਰਾਜਪਾਲ ਨੇ ਚੰਡੀਗੜ੍ਹ ਦੇ ਵੈਲਫੇਅਰ ਹੋਮਸ ਦੇ ਨਿਵਾਸੀਆਂ ਨਾਲ ਦੀਵਾਲੀ ਦੀਆਂ ਖ਼ੁਸ਼ੀਆਂ ਵੰਡੀਆਂ

ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਦੀਵਾਲੀ ਤੋਂ ਪਹਿਲਾਂ ਚੰਡੀਗੜ੍ਹ ਵਿੱਚ ਚਾਰ ਭਲਾਈ ਸੰਸਥਾਵਾਂ ਦਾ ਦੌਰਾ ਕੀਤਾ।



ਇਨ੍ਹਾਂ ਵਿੱਚ ਸੈਕਟਰ 26 ਸਥਿਤ ਨਾਰੀ ਨਿਕੇਤਨ; ਸੈਕਟਰ 15 ਸਥਿਤ ਆਸ਼ਿਯਾਨਾ ਅਤੇ ਸਨੇਹਾਲਯ ਫੌਰ ਗਰਲਸ; ਸੈਕਟਰ 15 ਸਥਿਤ ਸੀਨੀਅਰ ਸਿਟੀਜ਼ਨਜ਼ ਹੋਮ ਅਤੇ ਸੈਕਟਰ 47 ਸਥਿਤ ਚੰਡੀ ਕੁਸ਼ਠ ਆਸ਼ਰਮ ਸ਼ਾਮਲ ਹਨ। ਇਸ ਦੌਰਾਨ ਉਨ੍ਹਾਂ ਨੇ ਉੱਥੇ ਰਹਿਣ ਵਾਲੇ ਲੋਕਾਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੇ ਰੋਜ਼ਮੱਰਾ ਦੇ ਜੀਵਨ, ਅਨੁਭਵਾਂ, ਚੁਣੌਤੀਆਂ ਅਤੇ ਇੱਛਾਵਾਂ ਬਾਰੇ ਜਾਣਿਆਂ।

ਉਨ੍ਹਾਂ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨਾਲ ਮਠਿਆਈਆਂ ਵੀ ਸਾਂਝੀਆਂ ਕੀਤੀਆਂ।

ਰਾਜਪਾਲ ਨੇ ਕਿਹਾ ਕਿ ਹਰ ਵਿਅਕਤੀ ਨੂੰ ਵਿਸ਼ੇਸ਼ ਤੌਰ 'ਤੇ ਤਿਉਹਾਰਾਂ ਦੇ ਅਵਸਰ 'ਤੇ ਦੇਖਭਾਲ, ਸਨਮਾਨ ਅਤੇ ਅਪਣੱਤ ਦਾ ਅਹਿਸਾਸ ਮਿਲਣਾ ਚਾਹੀਦਾ ਹੈ।

ਉਨ੍ਹਾਂ ਨੇ ਕਿਹਾ ਕਿ ਦੀਵਾਲੀ ਦੀਆਂ ਖੁਸ਼ੀਆਂ ਸਮਾਜ ਦੇ ਹਰ ਵਰਗ ਤੱਕ ਪਹੁੰਚਣੀਆਂ ਚਾਹੀਦੀਆਂ ਹਨ, ਤਾਕਿ ਕੋਈ ਵੀ ਵਿਅਕਤੀ ਇਸ ਤਿਉਹਾਰ ਦੇ ਉਤਸਵ ਤੋਂ ਵੰਚਿਤ ਮਹਿਸੂਸ ਨਾ ਕਰੇ। ਉਨ੍ਹਾਂ ਨੇ ਸਾਰਿਆਂ ਦੇ ਸੁਖ, ਸਿਹਤ ਅਤੇ ਖੁਸ਼ਹਾਲੀ ਦੀ ਕਾਮਨਾ ਕਰਦੇ ਹੋਏ ਉਨ੍ਹਾਂ ਨੂੰ ਆਸ਼ਾਵਾਦੀ ਅਤੇ ਸਕਾਰਾਤਮਕ ਬਣੇ ਰਹਿਣ ਲਈ ਪ੍ਰੇਰਿਤ ਕੀਤਾ।

ਸੰਸਥਾਵਾਂ ਵਿੱਚ ਰਹਿਣ ਵਾਲੇ ਲੋਕਾਂ ਨੇ ਰਾਜਪਾਲ ਦੁਆਰਾ ਦਿੱਤੇ ਗਏ ਸਮੇਂ, ਵਿਅਕਤੀਗਤ ਧਿਆਨ ਅਤੇ ਸਨੇਹ ਲਈ ਉਨ੍ਹਾਂ ਦਾ ਆਭਾਰ ਵਿਅਕਤ ਕੀਤਾ।

ਇਸ ਅਵਸਰ 'ਤੇ ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਡਾਇਰੈਕਟਰ, ਸਮਾਜ ਭਲਾਈ, ਸੁਸ਼੍ਰੀ ਈਸ਼ਾ ਕੰਬੋਜ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਪ੍ਰਸ਼ਾਸਕ ਦੇ ਨਾਲ ਉਪਸਥਿਤ ਸਨ।

ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਬਿਨਾਂ ਪ੍ਰਵਾਨਗੀ ਕੱਚੀਆਂ ਖੂਹੀਆਂ ਪੁੱਟਣ/ਪੁਟਵਾਉਣ 'ਤੇ ਪਾਬੰਦੀ



ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਮੈਜਿਸਟਰੇਟ ਡਾ.ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜਨੀਅਰ ਦੀ ਲਿਖਤੀ ਪ੍ਰਵਾਨਗੀ ਅਤੇ ਦੇਖ-ਰੇਖ ਤੋਂ ਬਿਨਾਂ ਕੱਚੀਆਂ ਖੂਹੀਆਂ ਨਹੀਂ ਪੁੱਟੇਗਾ/ਪੁਟਵਾਏਗਾ ਅਤੇ ਨਾ ਹੀ ਪੁਰਾਣੀਆਂ ਬਣੀਆਂ ਖੂਹੀਆਂ ਆਦਿ ਨੂੰ ਖ਼ਤਮ ਕਰਨ ਦੇ ਮੰਤਵ ਨਾਲ ਉਨ੍ਹਾਂ ਵਿੱਚ ਲੱਗੇ ਪੁਰਾਣੇ ਮਟੀਰੀਅਲ ਭਾਵ ਇੱਟਾਂ ਆਦਿ ਨੂੰ ਕੱਢੇਗਾ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਕੱਚੀਆਂ ਖੂਹੀਆਂ ਪੁੱਟਣ ਕਾਰਨ ਕਈ ਲੋਕ ਦੁਰਘਟਨਾਵਾਂ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਇਸ ਕਾਰਨ ਕਈ ਮੌਤਾਂ ਵੀ ਹੋਈਆਂ ਹਨ। ਅਜਿਹੀਆਂ ਦੁਰਘਟਨਾਵਾਂ ਨੂੰ ਰੋਕਣ ਲਈ ਜਾਰੀ ਕੀਤੇ ਗਏ ਇਹ ਮਨਾਹੀ ਹੁਕਮ ਜ਼ਿਲ੍ਹੇ ਵਿੱਚ 29 ਦਸੰਬਰ 2026 ਤੱਕ ਲਾਗੂ ਰਹਿਣਗੇ।





ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਨਸ਼ਾ ਮੁਕਤ ਭਾਰਤ ਲਈ ਨੌਜਵਾਨਾਂ ਨੂੰ ਲਾਮਬੰਦ ਕਰਨ ਵਾਸਤੇ ਮਿੰਨੀ ਮੈਰਾਥਨ ਦਾ ਆਯੋਜਨ



ਫ਼ਤਹਿਗੜ੍ਹ ਸਾਹਿਬ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਨਸ਼ਾ ਮੁਕਤ ਭਾਰਤ ਦੀ ਸਿਰਜਣਾ ਦੇ ਕੌਮੀ ਉਦੇਸ਼ ਪ੍ਰਤੀ ਆਪਣਾ ਅਹਿਦ ਦੁਹਰਾਉਂਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਵੱਲੋਂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਮੁਹਿੰਮ ਤਹਿਤ 3.5 ਕਿਲੋਮੀਟਰ ਦੀ ਮਿੰਨੀ ਮੈਰਾਥਨ ਕਰਵਾਈ ਗਈ। ਇਸ ਮੌਕੇ ਲਗਭਗ 250 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ।

ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਦੇਸ਼ ਦੇ ਵਿਕਾਸ ਦੀ ਅਸਲ ਤਾਕਤ ਹਨ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਤੇ ਸਾਰਥਕ ਸਰਗਰਮੀਆਂ ਵੱਲ ਸੇਧਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਨੇ ਖੇਡਾਂ ਨੂੰ ਅਨੁਸ਼ਾਸਨ, ਪੱਕੇ ਇਰਾਦੇ ਅਤੇ ਸਿਹਤਮੰਦ ਜੀਵਨ ਜਾਚ ਦੇ ਵਿਕਾਸ ਦਾ ਅਹਿਮ ਸਾਧਨ ਦੱਸਦਿਆਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਿੱਚ ਵਿਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਸਮਾਗਮ ਦਾ ਤਾਲਮੇਲ ਡਾ. ਹਰਨੀਤ ਬਿਲਿੰਗ, ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਕੋਆਰਡੀਨੇਟਰ ਵੱਲੋਂ ਕੀਤਾ ਗਿਆ, ਜਦਕਿ ਡਾ. ਬਹਾਦਰ ਸਿੰਘ, ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਅਫ਼ਸਰ ਨੇ ਅਹਿਮ ਭੂਮਿਕਾ ਨਿਭਾਈ। ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਅੰਤਰਰਾਸ਼ਟਰੀ ਪੱਧਰ ਦੀ ਰਗਬੀ ਖਿਡਾਰਨ ਅਤੇ ਯੂਨੀਵਰਸਿਟੀ ਦੀ ਸਾਬਕਾ ਵਿਦਿਆਰਥਣ ਮਿਸ ਅਮਨਦੀਪ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੀ ਮੌਜੂਦਗੀ ਵਿਦਿਆਰਥੀਆਂ ਲਈ ਖ਼ਾਸ ਪ੍ਰੇਰਨਾ ਦਾ ਸਰੋਤ ਰਹੀ, ਕਿਉਂਕਿ ਉਹ ਯੂਨੀਵਰਸਿਟੀ ਦੀ ਖੇਡ ਪ੍ਰਤਿਭਾ ਅਤੇ ਪ੍ਰਾਪਤੀਆਂ ਦੀ ਨੁਮਾਇੰਦਗੀ ਕਰਦੇ ਹਨ। ਡਾ. ਸਿਕੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਭਰਿਆ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ, ਜਦਕਿ ਮਿਸ ਅਮਨਦੀਪ ਕੌਰ ਨੇ ਖੇਡਾਂ, ਪੱਕੇ ਇਰਾਦੇ ਅਤੇ ਸਵੈ-ਅਨੁਸ਼ਾਸਨ ਦੀ ਅਹਿਮੀਅਤ ਬਾਰੇ ਵਿਚਾਰ ਸਾਂਝੇ ਕੀਤੇ। ਡਾ. ਹਰਨੀਤ ਬਿਲਿੰਗ ਨੇ ਨੌਜਵਾਨਾਂ ਵਿੱਚ ਸਮਾਜਕ ਚੇਤਨਾ ਪੈਦਾ ਕਰਨ ਵਿੱਚ ਰਾਸ਼ਟਰੀ ਸੇਵਾ ਯੋਜਨਾ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਲੜਕਿਆਂ ਦੇ ਵਰਗ ਵਿੱਚ ਸੁਖਵਿੰਦਰ ਸਿੰਘ, ਮਨਜੋਤ ਸਿੰਘ ਅਤੇ ਸਾਹਿਬ ਸਿੰਘ ਨੇ ਪਹਿਲੇ ਤਿੰਨ ਸਥਾਨ ਹਾਸਲ ਕੀਤੇ, ਜਦਕਿ ਲੜਕੀਆਂ ਦੇ ਵਰਗ ਵਿੱਚ ਕਰਮਜੀਤ ਕੌਰ, ਨੀਤੂ ਅਤੇ ਸੁਮਨਦੀਪ ਕੌਰ ਜੇਤੂ ਰਹੀਆਂ।

ਮੈਰਾਥਨ ਦੀ ਸਮਾਪਤੀ ਨਸ਼ਿਆਂ ਤੋਂ ਦੂਰ ਰਹਿਣ, ਤੰਦਰੁਸਤੀ ਅਪਣਾਉਣ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਦੇ ਸਾਂਝੇ ਸੁਨੇਹੇ ਨਾਲ ਹੋਈ।

ਸੀਨੀਅਰ ਵਰਗ ਦੀ 10 ਕਿਲੋਮੀਟਰ ਸਕਰੈਚ ਰੇਸ ਵਿੱਚ ਸਖ਼ਤ ਮੁਕਾਬਲੇ ਦੌਰਾਨ ਹਾਸਲ ਕੀਤਾ ਪਹਿਲਾ ਸਥਾਨ

ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦੇ ਅਹੁਦੇਦਾਰਾਂ ਨੇ ਦਿੱਤੀ ਵਧਾਈ; ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਦੀ ਉਮੀਦ ਜਤਾਈ।

ਭਾਈ ਜੈਤਾਜੀ ਫਾਊਂਡੇਸ਼ਨ ਵੱਲੋਂ ਸਾਲਾਨਾ ਸਮਾਗਮ ਅਤੇ ਐਲੂਮਨੀ ਮੀਟ ਦਾ ਆਯੋਜਨ

ਮਿਆਰੀ ਸਿੱਖਿਆ ਰਾਹੀਂ ਹੁਸ਼ਿਆਰ ਪਰ ਆਰਥਿਕ ਤੌਰ 'ਤੇ ਕਮਜ਼ੋਰ ਪੇਂਡੂ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਦੇ ਮਿਸ਼ਨ ਨੂੰ ਦੁਹਰਾਇਆ

ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਈ ਜੈਤਾਜੀ ਫਾਊਂਡੇਸ਼ਨ ਇੰਡੀਆ ਵੱਲੋਂ ਐਤਵਾਰ ਨੂੰ ਸੈਕਟਰ-26 ਸਥਿਤ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਗਵਰਨੈਂਸ ਐਂਡ ਸੋਸ਼ਲ ਸਾਇੰਸਿਜ਼ ਵਿਖੇ ਸਾਲਾਨਾ ਸਮਾਗਮ ਅਤੇ ਐਲੂਮਨੀ ਮੀਟ-2026 ਕਰਵਾਈ ਗਈ। ਇਹ ਸੰਸਥਾ ਪੇਂਡੂ ਪੰਜਾਬ ਦੇ ਅਜਿਹੇ ਹੁਸ਼ਿਆਰ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਮੌਕੇ ਪ੍ਰਦਾਨ ਕਰਨ ਲਈ ਕੰਮ ਕਰ ਰਹੀ ਹੈ, ਜੋ ਆਰਥਿਕ ਅਤੇ ਸਮਾਜਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧ ਰੱਖਦੇ ਹਨ।

ਫਾਊਂਡੇਸ਼ਨ ਹੁਣ ਤੱਕ ਵਾਂਝੇ ਵਰਗਾਂ ਦੇ ਕਈ ਵਿਦਿਆਰਥੀਆਂ ਨੂੰ ਦੇਸ਼ ਦੇ ਨਾਮਵਰ ਸਰਕਾਰੀ ਵਿੱਦਿਅਕ ਅਦਾਰਿਆਂ ਵਿੱਚ ਦਾਖਲਾ ਹਾਸਲ ਕਰਨ ਵਿੱਚ ਮਦਦ ਕਰ ਚੁੱਕੀ ਹੈ। ਇਨ੍ਹਾਂ ਵਿੱਚ ਆਈਆਈਟੀ, ਟ੍ਰਿਪਲ ਆਈਟੀ, ਆਈਆਈਐੱਸਈਆਰ, ਏਮਜ਼, ਪੀਜੀਆਈਐੱਮਈਆਰ, ਪੰਜਾਬ ਇੰਜਨੀਅਰਿੰਗ ਕਾਲਜ (ਪੀਈਸੀ), ਚੰਡੀਗੜ੍ਹ ਅਤੇ ਵੱਖ-ਵੱਖ



ਨਾਮਵਰ ਸਰਕਾਰੀ ਮੈਡੀਕਲ ਕਾਲਜ ਸ਼ਾਮਲ ਹਨ।

ਸਮਾਗਮ ਦੀ ਪ੍ਰਧਾਨਗੀ ਪ੍ਰਮੁੱਖ ਉਦਯੋਗਪਤੀ ਅਤੇ ਟਾਈਨੌਰ ਆਰਥੋਟਿਕਸ ਦੇ ਸੀਐੱਮਡੀ ਡਾ. ਪੀ.ਜੇ. ਸਿੰਘ ਨੇ ਕੀਤੀ, ਜਦਕਿ ਭਾਰਤੀ ਹਵਾਈ ਸੈਨਾ ਦੇ ਸਾਬਕਾ ਮੁਖੀ ਅਤੇ ਕਾਰਗਿਲ ਜੰਗ ਦੇ ਤਜਰਬੇਕਾਰ ਏਅਰ ਚੀਫ ਮਾਰਸ਼ਲ ਬੀ.ਐੱਸ. ਧਨੋਆ (ਸੇਵਾਮੁਕਤ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਇਸ ਮੌਕੇ ਫਾਊਂਡੇਸ਼ਨ ਦੇ ਮੈਨੇਜਿੰਗ ਟਰੱਸਟੀ ਐੱਸ. ਹਰਪਾਲ ਸਿੰਘ ਨੇ ਕਿਹਾ ਕਿ ਸੰਸਥਾ ਸਿੱਖਿਆ ਅਤੇ ਸਸ਼ਕਤੀਕਰਨ ਰਾਹੀਂ ਪੰਜਾਬ ਦੇ ਭਵਿੱਖ ਨੂੰ ਬਿਹਤਰ ਬਣਾਉਣ ਦੇ ਆਪਣੇ ਮਿਸ਼ਨ ਪ੍ਰਤੀ ਲਗਾਤਾਰ ਵਚਨਬੱਧ ਹੈ। ਪਿਛਲੇ 15 ਸਾਲਾਂ ਦੇ ਸਫ਼ਰ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਫਾਊਂਡੇਸ਼ਨ ਨੇ ਇਸ ਮਿਸ਼ਨ 'ਤੇ ਲਗਭਗ 38 ਕਰੋੜ ਰੁਪਏ ਖਰਚ ਕੀਤੇ ਹਨ। ਇਸ ਦੇ ਯਤਨਾਂ ਸਦਕਾ 1,670 ਬੱਚਿਆਂ ਨੂੰ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਦਾਖਲਾ ਦਿਵਾਉਣ ਵਿੱਚ ਮਦਦ ਮਿਲੀ ਹੈ ਅਤੇ ਪੰਜਾਬ ਦੇ ਲਗਭਗ 600 ਪਿੰਡਾਂ ਤੱਕ ਸੰਸਥਾ ਦੀ ਪਹੁੰਚ ਬਣੀ ਹੈ।

ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਿੱਖਿਆ ਅਤੇ ਰੁਜ਼ਗਾਰ ਦੇ ਰਵਾਇਤੀ ਦਾਇਰੇ ਤੋਂ ਅੱਗੇ ਵਧਦਿਆਂ ਭਵਿੱਖ ਦੀਆਂ ਲੋੜਾਂ ਅਨੁਸਾਰ ਸਿੱਖਿਆ 'ਤੇ ਧਿਆਨ ਦਿੱਤਾ ਜਾਵੇ। ਉਨ੍ਹਾਂ ਦਾ ਸੁਪਨਾ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਨਵੀਆਂ ਉੱਭਰ ਰਹੀਆਂ ਤਕਨੀਕਾਂ ਦੇ ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ 'ਤੇ ਕੇਂਦਰਿਤ ਇੱਕ ਵਿਸ਼ਵ ਪੱਧਰੀ ਅਤੇ ਆਧੁਨਿਕ ਸਕੂਲ ਸਥਾਪਤ ਕਰਨਾ ਹੈ। ਉਨ੍ਹਾਂ ਫਾਊਂਡੇਸ਼ਨ ਦੇ ਸਾਬਕਾ ਵਿਦਿਆਰਥੀਆਂ, ਮੌਜੂਦਾ ਵਿਦਿਆਰਥੀਆਂ, ਟਰੱਸਟੀਆਂ ਅਤੇ ਸ਼ੁਭਚਿੰਤਕਾਂ ਨੂੰ ਇਸ ਮਿਸ਼ਨ ਨੂੰ ਅੱਗੇ ਵਧਾਉਣ ਲਈ ਆਪਣਾ ਸਮਾਂ, ਸਰੋਤ ਅਤੇ ਵਿਚਾਰ ਸਾਂਝੇ ਕਰਨ ਦੀ ਅਪੀਲ ਕੀਤੀ। ਉਨ੍ਹਾਂ ਅਗਲੇ ਪੰਜ ਸਾਲਾਂ ਦੌਰਾਨ ਫਾਊਂਡੇਸ਼ਨ ਦੀ ਪਹੁੰਚ ਪੰਜਾਬ ਦੇ 6,000 ਪਿੰਡਾਂ ਤੱਕ ਪਹੁੰਚਾਉਣ ਅਤੇ ਗਿਆਨ, ਮੌਕਿਆਂ ਤੇ ਖੁਸ਼ਹਾਲੀ ਨਾਲ ਭਰਪੂਰ ਪੰਜਾਬ ਦੀ ਸਿਰਜਣਾ ਦਾ ਸੱਦਾ ਦਿੱਤਾ। ਇਸ ਤੋਂ ਪਹਿਲਾਂ ਮਹਿਮਾਨਾਂ ਦਾ ਸਵਾਗਤ ਕਰਦਿਆਂ ਫਾਊਂਡੇਸ਼ਨ ਦੀ ਐਗਜ਼ੀਕਿਊਟਿਵ ਟਰੱਸਟੀ ਡਾ. ਰੁਪਿੰਦਰ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਪਿੱਛੇ ਅਧਿਆਪਕਾਂ ਦੀ ਮਿਹਨਤ, ਸਕੂਲਾਂ ਦਾ ਸਹਿਯੋਗ ਅਤੇ ਸਭ ਤੋਂ ਵੱਧ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ ਤੇ ਦ੍ਰਿੜ ਇਰਾਦਾ ਹੈ।

ਸਮਾਗਮ ਦੌਰਾਨ ਏਅਰ ਚੀਫ ਮਾਰਸ਼ਲ ਬੀ.ਐੱਸ. ਧਨੋਆ (ਸੇਵਾਮੁਕਤ) ਅਤੇ ਮੁੱਖ ਮਹਿਮਾਨ ਡਾ. ਪੀ.ਜੇ. ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਬਿਹਤਰ ਪ੍ਰਦਰਸ਼ਨ ਕਰਨ, ਮਿਲ ਰਹੇ ਮੌਕਿਆਂ ਦਾ ਪੂਰਾ ਲਾਭ ਉਠਾਉਣ ਅਤੇ ਆਪਣੇ ਟੀਚਿਆਂ ਪ੍ਰਤੀ ਲਗਾਤਾਰ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ।

ਜ਼ਿਕਰਯੋਗ ਹੈ ਕਿ ਫਾਊਂਡੇਸ਼ਨ ਦੀ ਇਸ ਪਹਿਲ ਤਹਿਤ ਚੁਣੇ ਗਏ ਵਿਦਿਆਰਥੀਆਂ ਨੂੰ 10+2 ਦੀ ਪੜ੍ਹਾਈ ਦੇ ਨਾਲ-ਨਾਲ ਨੀਟ ਅਤੇ ਆਈਆਈਟੀ-ਜੇਈਈ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਰਿਹਾਇਸ਼ੀ ਕੋਚਿੰਗ ਦੀ ਸਹੂਲਤ ਵੀ ਦਿੱਤੀ ਜਾਂਦੀ ਹੈ। ਇਸ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਪਰ ਹੁਸ਼ਿਆਰ ਪੇਂਡੂ ਵਿਦਿਆਰਥੀਆਂ ਲਈ ਉੱਚ ਸਿੱਖਿਆ ਅਤੇ ਬਿਹਤਰ ਪੇਸ਼ੇਵਰ ਕਰੀਅਰ ਦੇ ਰਾਹ ਖੋਲ੍ਹਣਾ ਹੈ।

ਪੀ.ਐੱਮ. ਸ਼੍ਰੀ ਸਰਕਾਰੀ ਸਕੂਲ ਘਨੌਰ ਜ਼ਿਲ੍ਹੇ ਦਾ ਪਹਿਲਾ ਸਰਕਾਰੀ ਸਕੂਲ ਬਣਿਆ, ਜਿਸ ਨੇ ਮੈਰੀਟੋਰੀਅਸ ਵਿਦਿਆਰਥੀਆਂ ਨੂੰ ਕਰਵਾਈ ਹਵਾਈ ਯਾਤਰਾ

ਘਨੌਰ , 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਦੂਰਦਰਸ਼ੀ ਸੋਚ ਅਤੇ ਵਿਧਾਇਕ ਗੁਰਲਾਲ ਸਿੰਘ ਘਨੌਰ ਦੀ ਨੁਮਾਇੰਦਗੀ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਮਮਤਾ ਖੁਰਾਣਾ ਦੀ ਦੇਖ-ਰੇਖ ਹੇਠ ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਨੌਰ ਨੇ ਇੱਕ ਵਿਲੱਖਣ ਪ੍ਰਾਪਤੀ ਹਾਸਲ ਕੀਤੀ ਹੈ। ਸਕੂਲ ਜ਼ਿਲ੍ਹੇ ਦਾ ਪਹਿਲਾ ਸਰਕਾਰੀ ਸਕੂਲ ਬਣ ਗਿਆ ਹੈ, ਜਿਸ ਨੇ ਆਪਣੇ 50 ਮੈਰੀਟੋਰੀਅਸ ਵਿਦਿਆਰਥੀਆਂ ਨੂੰ ਹਵਾਈ ਯਾਤਰਾ ਕਰਵਾਈ।

ਟੂਰ ਇੰਚਾਰਜ ਦੌਲਤ ਰਾਮ ਨੇ ਦੱਸਿਆ ਕਿ ਪੀ.ਐੱਮ. ਸ਼੍ਰੀ ਗ੍ਰਾਂਟ ਅਧੀਨ ਪ੍ਰਾਪਤ ਐਕਸਪੋਜ਼ਰ ਵਿਜ਼ਿਟ ਲਈ ਵਿਸ਼ੇਸ਼ ਗ੍ਰਾਂਟ ਤਹਿਤ ਛੇ ਦਿਨਾਂ ਦਾ ਵਿਦਿਅਕ ਟੂਰ ਕਰਵਾਇਆ ਗਿਆ।



ਸਕੂਲ ਦੇ ਡੀ.ਡੀ.ਓ. ਰਾਜਵਿੰਦਰ ਦੀ ਅਗਵਾਈ ਹੇਠ ਸਕੂਲ ਮੈਨੇਜਮੈਂਟ ਕਮੇਟੀ ਨੇ ਦਿੱਲੀ, ਦੇਹਰਾਦੂਨ, ਜਿਮ ਕਾਰਬੇਟ ਨੈਸ਼ਨਲ ਪਾਰਕ ਅਤੇ ਨੈਨੀਤਾਲ ਦੀ ਯਾਤਰਾ ਨੂੰ ਮਨਜ਼ੂਰੀ ਦਿੱਤੀ।

ਇਸ ਟੂਰ ਦੌਰਾਨ 41 ਲੜਕੀਆਂ ਅਤੇ 9 ਲੜਕਿਆਂ ਸਮੇਤ 50 ਵਿਦਿਆਰਥੀਆਂ ਨੇ ਦਿੱਲੀ ਤੋਂ ਦੇਹਰਾਦੂਨ ਤੱਕ ਹਵਾਈ ਸਫ਼ਰ ਕੀਤਾ। ਵਿਦਿਆਰਥੀਆਂ ਦੀ ਚੋਣ ਪਿਛਲੀ ਜਮਾਤ ਦੇ ਅੰਕਾਂ ਦੇ ਆਧਾਰ 'ਤੇ ਲੈਕਚਰਾਰ ਕਰਮਜੀਤ ਕੌਰ ਵੱਲੋਂ ਤਿਆਰ ਕੀਤੀ ਮੈਰਿਟ ਸੂਚੀ ਅਨੁਸਾਰ ਕੀਤੀ ਗਈ।

ਯਾਤਰਾ ਦੌਰਾਨ ਵਿਦਿਆਰਥੀਆਂ ਨੇ ਦੇਹਰਾਦੂਨ ਵਿਖੇ ਰੌਬਰਜ਼ ਕੇਵ ਅਤੇ ਫੋਰੈਸਟ ਰਿਸਰਚ ਇੰਸਟੀਚਿਊਟ ਦੇ ਅਜਾਇਬ ਘਰਾਂ ਦਾ ਦੌਰਾ ਕੀਤਾ। ਇਸ ਤੋਂ ਇਲਾਵਾ ਜਿਮ ਕਾਰਬੇਟ ਨੈਸ਼ਨਲ ਪਾਰਕ ਵਿੱਚ ਜੀਪ ਸਫ਼ਾਰੀ ਦਾ ਆਨੰਦ ਮਾਣਿਆ ਅਤੇ ਰਾਮਨਗਰ ਵਿਖੇ ਹਨੂੰਮਾਨ ਧਾਮ ਦੇ ਦਰਸ਼ਨ ਕੀਤੇ। ਨੈਨੀਤਾਲ ਵਿਖੇ ਭੀਮਤਾਲ, ਨੌਕੁਚੀਆਤਾਲ ਅਤੇ ਨੈਨੀ ਝੀਲ ਵਿੱਚ ਬੋਟਿੰਗ ਸਮੇਤ ਵੱਖ-ਵੱਖ ਸੈਰ-ਸਪਾਟਾ ਸਥਾਨਾਂ ਦਾ ਆਨੰਦ ਲਿਆ।

ਟੂਰ ਦੀ ਅਗਵਾਈ ਸਕੂਲ ਇੰਚਾਰਜ ਗੁਰਸਰਨ ਕੌਰ ਅਤੇ ਲੈਕਚਰਾਰ ਦੌਲਤ ਰਾਮ ਨੇ ਕੀਤੀ। ਲੈਕਚਰਾਰ ਸੰਦੀਪ ਕੌਰ ਸੰਧੂ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਖਾਣ-ਪੀਣ ਅਤੇ ਰਿਹਾਇਸ਼ ਲਈ ਸਰਕਾਰੀ ਹਦਾਇਤਾਂ ਅਨੁਸਾਰ ਵਿਸ਼ੇਸ਼ ਪ੍ਰਬੰਧ ਕੀਤੇ ਗਏ।

ਕੰਪਿਊਟਰ ਫੈਕਲਟੀ ਰਾਕੇਸ਼ ਕੁਮਾਰ ਅਤੇ ਮੈਡਮ ਰਿੰਪਲ ਨੇ ਸਹਾਇਕ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਵਿਦਿਆਰਥੀਆਂ ਦੇ ਅਨੁਸ਼ਾਸਨ ਅਤੇ ਸਹਿਯੋਗੀ ਰਵੱਈਏ ਦੀ ਸ਼ਲਾਘਾ ਕੀਤੀ।

ਸਕੂਲ ਇੰਚਾਰਜ ਗੁਰਸਰਨ ਕੌਰ ਨੇ ਇਸ ਸਫ਼ਲ ਉਪਰਾਲੇ ਲਈ ਜ਼ਿਲ੍ਹਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ, ਪਟਿਆਲਾ, ਸਮੂਹ ਸਕੂਲ ਸਟਾਫ਼, ਸਕੂਲ ਮੈਨੇਜਮੈਂਟ ਕਮੇਟੀ, ਨਗਰ ਪੰਚਾਇਤ ਘਨੌਰ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਅਜਿਹੇ ਵਿਦਿਅਕ ਦੌਰੇ ਵਿਦਿਆਰਥੀਆਂ ਦੇ ਗਿਆਨ, ਆਤਮ-ਵਿਸ਼ਵਾਸ ਅਤੇ ਸ਼ਖ਼ਸੀਅਤ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਉਪਰਾਲਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਨਵੀਂ ਉਡਾਣ ਦੇਣ ਵਾਲਾ ਪ੍ਰੇਰਨਾਦਾਇਕ ਕਦਮ ਹੈ।

ਅੰਤਰ ਜ਼ਿਲ੍ਹਾ ਸਕੂਲ ਖੇਡਾਂ ਜਿਮਨਾਸਟਿਕਸ 'ਚ ਅੰਡਰ-19 ਲੜਕਿਆਂ ਦੀ ਟੀਮ ਨੇ ਗੋਲਡ ਮੈਡਲ ਜਿੱਤਿਆ



ਪਟਿਆਲਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ,ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਯੋਗ ਅਗਵਾਈ ਹੇਠ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਦੇ ਤਾਲਮੇਲ ਨਾਲ ਪਟਿਆਲੇ ਜ਼ਿਲੇ ਦੇ ਜਿਮਨਾਸਟਿਕ ਖਿਡਾਰੀਆਂ ਨੇ ਗੁਰਦਾਸਪੁਰ ਵਿਖੇ 70ਵੀਆਂ ਅੰਤਰ ਜਿਲਾ ਸਕੂਲ ਖੇਡਾਂ ਜਿਮਨਾਸਟਿਕ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ।ਜਿਲਾ ਖੇਡ ਵਿਭਾਗ ਦੇ ਜਿਮਨਾਸਟਿਕ ਦੇ ਕੋਚ ਬਲਜੀਤ ਸਿੰਘ ਨੇ ਦੱਸਿਆ ਕਿ ਜਿਲੇ ਦੀ ਟੀਮ ਨੇ ਅੰਡਰ 19 ਦੇ ਵਿੱਚ ਪਹਿਲਾ ਸਥਾਨ, ਵਿਅਕਤੀਗਤ ਦੇ ਵਿੱਚ ਜਸਮੀਤ ਸਿੰਘ ਨੇ ਫਲੋਰ ਵਿੱਚ ਪਹਿਲਾਂ,ਪਿਊਸ਼ ਸ਼ਰਮਾ ਨੇ ਪਾਮਲ ਤੇ ਪਹਿਲਾ,ਭੋਮਿਕਪਾਲ ਸਿੰਘ ਨੇ ਰਿੰਗਜ਼ ਤੇ ਪਹਿਲਾ, ਪਾਮਲ ਤੇ ਤੀਸਰਾ,ਆਲ ਅਰਾਉਂਡ ਤੀਜਾ,ਅੰਡਰ-17 ਦੇ ਵਿੱਚ ਪਟਿਆਲੇ ਜਿਲ੍ਹੇ ਦੀ ਟੀਮ ਨੇ ਤੀਸਰਾ ਸਥਾਨ,ਵਿਅਕਤੀਗਤ ਦੇ ਵਿੱਚ ਹਿਮਾਂਸ਼ੂ ਗੌਤਮ ਨੇ ਫਲੋਰ 'ਚ ਤੀਜਾ,ਅੰਡਰ-14 ਦੇ ਵਿੱਚ ਪਟਿਆਲੇ ਜਿਲੇ ਦੀ ਟੀਮ ਨੇ ਦੂਸਰਾ ਸਥਾਨ, ਵਿਅਕਤੀਗਤ ਦੇ ਵਿੱਚ ਰਿਸ਼ਵ ਨੇ ਫਲੋਰ 'ਚ ਤੀਜਾ, ਅਗਮਜੋਤ ਨੇ ਪਾਮਲ ਤੇ ਤੀਜਾ ਰਿਸ਼ਭ ਨੇ ਟੇਬਲ ਵਾਲਟ ਜੋ ਤੀਜਾ ਸਥਾਨ ਪ੍ਰਾਪਤ ਕੀਤਾ।ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਸਾਰੇ ਹੀ ਖਿਡਾਰੀਆਂ ਤੇ ਕੋਚਾਂ ਨੂੰ ਵਧਾਈ ਦਿੱਤੀ। ਜ਼ਿਲਾ ਖੇਡ ਵਿਭਾਗ ਦੇ ਜਿਮਨਾਸਟਿਕ ਕੋਚ ਬਲਜੀਤ ਸਿੰਘ ਨੇ ਦੱਸਿਆ ਕਿ ਇਹ ਸਾਰੇ ਖਿਡਾਰੀ ਪੋਲੋ ਗਰਾਉਂਡ ਦੇ ਜਿਮਨੇਜੀਅਮ ਹਾਲ ਵਿੱਚ ਹਰ ਰੋਜ਼ ਪ੍ਰੈਕਟਿਸ ਕਰਦੇ ਹਨ ਹਨ।ਇਸ ਮੌਕੇ ਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਅਤੇ ਖਿਡਾਰੀ ਹਾਜ਼ਰ ਸਨ।

ਆਪ ਦੇ 7 ਮੈਂਬਰ ਪਾਰਲੀਮੈਂਟਾਂ ਤੋਂ ਬਾਅਦ 3 ਵਿਧਾਇਕਾਂ ਦਾ ਭਾਜਪਾ ਚ ਸ਼ਾਮਿਲ ਹੋਣਾ ਭਵਿੱਖ ਲਈ ਸ਼ੁਭ ਸੰਕੇਤ: ਭਿਲੋਵਾਲ

ਪਟਿਆਲਾ, 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਅੰਦਰ ਸੱਤ ਮੈਂਬਰ ਪਾਰਲੀਮੈਂਟਾਂ ਦੀ ਆਪ ਨੂੰ ਅਲਵਿਦਾ ਕਹਿਣ ਤੋਂ ਬਾਅਦ ਹੁਣ ਤਿੰਨ ਵਿਧਾਇਕਾਂ ਦਾ ਭਾਜਪਾ ਸ਼ਾਮਿਲ ਹੋਣਾ ਪਾਰਟੀ ਲਈ ਭਵਿੱਖ ਵਿੱਚ ਸ਼ੁਭ ਸੰਕੇਤ ਦੀ ਨਿਸ਼ਾਨੀ ਹੈ ਜੇਕਰ ਇਸੇ ਤਰ੍ਹਾਂ ਚਲਦਾ ਰਿਹਾ ਤਾਂ ਸੂਬੇ ਅੰਦਰੋਂ ਆਪ ਦਾ ਸੁਬੜਾ ਸਾਫ ਹੋਵੇਗਾ ਭਵਿੱਖ ਵਿੱਚ ਆ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਦੇ ਲੋਕ ਭਾਜਪਾ ਦੀ ਸਰਕਾਰ ਬਣਾਉਣ ਲਈ ਤਿਆਰ ਬਰ ਤਿਆਰ ਬੈਠੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਕਿਸਾਨ ਸੈਲ ਦੇ ਸੂਬਾ ਕੋਆਰਡੀਨੇਟਰ ਮੈਂਬਰ ਅਤੇ ਜ਼ਿਲ੍ਹਾ ਇੰਚਾਰਜ ਰਮਨਦੀਪ ਸਿੰਘ ਢਿੱਲੋਂਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਉਹਨਾਂ ਕਿਹਾ ਕਿ ਸੂਬੇ ਅੰਦਰੋਂ ਆਪ ਦੇ ਹੋਰ



ਕਈ ਵਿਧਾਇਕ ਤੇ ਆਗੂ ਵੀ ਭਾਜਪਾ ਵਿੱਚ ਜਾਣ ਦੀ ਤਿਆਰੀ ਕਰੀ ਬੈਠੇ ਹਨ ਜੋ ਸਮਾਂ ਆਉਂਦੇ ਹੀ ਭਾਜਪਾ ਵਿੱਚ ਸ਼ਾਮਿਲ ਹੋ ਕੇ ਪਾਰਟੀ ਲਈ ਕੰਮ ਕਰਨਗੇ ਉਹਨਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਦੀ ਜੋੜੀ ਵੱਲੋਂ ਦੇਸ਼ ਦੀ ਤਰੱਕੀ ਲਈ ਕੀਤੇ ਜਾ ਰਹੇ ਕਾਰਜਾਂ ਤੋਂ ਪੂਰੇ ਦੇਸ਼ ਦੇ ਲੋਕ ਬੇਹੱਦ ਖੁਸ਼ ਹਨ।

ਪੰਜਾਬ ਯੂਥ ਸਟੇਟ ਚੈਂਪੀਅਨਸ਼ਿਪ 2026 ਦਾ ਮਹਿੰਦਰਾ ਕਾਲਜ ਪਟਿਆਲਾ ਵਿਖੇ ਸ਼ਾਨਦਾਰ ਆਯੋਜਨ, ਵੱਖ-ਵੱਖ ਜ਼ਿਲ੍ਹਿਆਂ ਦੇ ਖਿਡਾਰੀਆਂ ਨੇ ਦਿਖਾਇਆ ਆਪਣਾ ਖੇਡ ਹੁਨਰ



ਪਟਿਆਲਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਯੁਵਾ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਨ, ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਯੂਥ ਐਂਡ ਸਪੋਰਟਸ ਪ੍ਰਮੋਸ਼ਨ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਪੰਜਾਬ ਯੂਥ ਸਟੇਟ ਚੈਂਪੀਅਨਸ਼ਿਪ 2026 ਦਾ ਸ਼ਾਨਦਾਰ ਆਯੋਜਨ ਮਹਿੰਦਰਾ ਕਾਲਜ, ਪਟਿਆਲਾ ਵਿਖੇ ਕੀਤਾ ਗਿਆ।

ਇਸ ਸਟੇਟ ਚੈਂਪੀਅਨਸ਼ਿਪ ਵਿੱਚ ਬੱਚਿਆਂ ਅਤੇ ਨੌਜਵਾਨ ਖਿਡਾਰੀਆਂ ਲਈ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ ਐਥਲੈਟਿਕਸ, ਕ੍ਰਿਕਟ, ਵਾਲੀਬਾਲ, ਬਾਸਕਟਬਾਲ, ਫੁੱਟਬਾਲ ਅਤੇ ਕਰਾਟੇ ਸਮੇਤ ਕਈ ਖੇਡ ਗਤੀਵਿਧੀਆਂ ਸ਼ਾਮਲ ਸਨ। ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲਿਆ।

ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਜਿਵੇਂ ਕਿ ਪਟਿਆਲਾ, ਲੁਧਿਆਣਾ, ਤਰਨਤਾਰਨ, ਸੰਗਰੂਰ ਅਤੇ ਫਰੀਦਕੋਟ ਤੋਂ ਖਿਡਾਰੀਆਂ ਨੇ ਪਹੁੰਚ ਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਾਰੇ ਖਿਡਾਰੀਆਂ ਨੇ ਆਪਣੇ-ਆਪਣੇ ਖੇਡ ਮੁਕਾਬਲਿਆਂ ਵਿੱਚ ਪੂਰੀ ਮਿਹਨਤ ਅਤੇ ਲਗਨ ਨਾਲ ਹਿੱਸਾ ਲਿਆ ਅਤੇ ਆਪਣਾ ਬਿਹਤਰੀਨ ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕੀਤੀ।

ਇਸ ਮੌਕੇ YSPA ਪੰਜਾਬ ਦੇ ਪ੍ਰਧਾਨ ਸ਼੍ਰੀ ਜਗਤਾਰ ਸਿੰਘ ਜੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਇਸ ਦੇ ਨਾਲ ਹੀ ਐਸੋਸੀਏਸ਼ਨ ਦੇ ਵਾਈਸ ਪ੍ਰੈਜ਼ੀਡੈਂਟ ਸ਼੍ਰੀ ਗੁਰਪ੍ਰੀਤ ਸਿੰਘ ਜੀ ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਦਾ ਹੌਸਲਾ ਵਧਾਇਆ। ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਖਿਡਾਰੀਆਂ ਨੂੰ ਖੇਡਾਂ ਵਿੱਚ ਲਗਾਤਾਰ ਮਿਹਨਤ ਕਰਨ, ਅਨੁਸ਼ਾਸਨ ਬਣਾਈ ਰੱਖਣ ਅਤੇ ਆਪਣੇ ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਮੁਕਾਬਲਿਆਂ ਦੇ ਅੰਤ ਵਿੱਚ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਮੈਡਲ ਪ੍ਰਾਪਤ ਕਰਕੇ ਖਿਡਾਰੀਆਂ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਬੱਚਿਆਂ ਦੇ ਕੋਚਾਂ ਅਤੇ ਮਾਪਿਆਂ ਨੇ ਵੀ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।

ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਪੰਜਾਬ ਦਾ ਮੁੱਖ ਉਦੇਸ਼ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚੋਂ ਨਵੀਂ ਖੇਡ ਪ੍ਰਤਿਭਾ ਨੂੰ ਸਾਹਮਣੇ ਲਿਆਉਣਾ, ਬੱਚਿਆਂ ਨੂੰ ਖੇਡਾਂ ਲਈ ਵਧੀਆ ਮੰਚ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਰਾਜ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਖੇਡਣ ਦੇ ਮੌਕੇ ਪ੍ਰਦਾਨ ਕਰਨਾ ਹੈ।

ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਖੇਡਾਂ ਨਾ ਸਿਰਫ਼ ਸਰੀਰਕ ਤੰਦਰੁਸਤੀ ਨੂੰ ਵਧਾਉਂਦੀਆਂ ਹਨ, ਸਗੋਂ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਮਿਹਨਤ, ਟੀਮ ਵਰਕ ਅਤੇ ਅੱਗੇ ਵਧਣ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ।

ਰਿਹਾਇਸ਼ੀ ਇਲਾਕਿਆਂ 'ਚ ਧੜੱਲੇ ਨਾਲ ਵਿਕ ਰਹੇ ਪਟਾਕਿਆਂ ਪਿੱਛੇ ਪ੍ਰਸ਼ਾਸਨ ਦੀ ਮਿਲੀਭੁਗਤ: ਪਰਮਜੀਤ ਸਿੰਘ ਸਹੌਲੀ



ਨਾਭਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼ਹਿਰ ਦੇ ਰਿਹਾਇਸ਼ੀ ਖੇਤਰਾਂ ਅਤੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਵਿੱਚ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਧੜੱਲੇ ਨਾਲ ਵਿਕ ਰਹੇ ਪਟਾਕਿਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਸੁਤੰਤਰ) ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਸਹੌਲੀ ਨੇ ਦੋਸ਼ ਲਾਇਆ ਕਿ ਇਹ ਸਭ ਪ੍ਰਸ਼ਾਸਨ ਦੀ ਕੁੰਭਕਰਨੀ ਨੀਂਦ ਅਤੇ ਕਥਿਤ ਮਿਲੀਭੁਗਤ ਸਦਕਾ ਹੋ ਰਿਹਾ ਹੈ, ਜੋ ਕਿ ਸ਼ਹਿਰ ਵਾਸੀਆਂ ਦੀ ਜਾਨ-ਮਾਲ ਨਾਲ ਵੱਡਾ ਖਿਲਵਾੜ ਹੈ।

ਬਾਰੂਦ ਦੇ ਢੇਰ 'ਤੇ ਬੈਠਾ ਨਾਭਾ ਸ਼ਹਿਰ, ਵੱਡੇ ਹਾਦਸੇ ਦਾ ਖ਼ਦਸ਼ਾ

ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਨਾਭਾ ਸ਼ਹਿਰ ਦੇ ਅੰਦਰੂਨੀ ਰਿਹਾਇਸ਼ੀ ਇਲਾਕਿਆਂ ਅਤੇ ਤੰਗ ਗਲੀਆਂ ਵਿੱਚ ਬਿਨਾਂ ਕਿਸੇ ਖ਼ੌਫ਼ ਦੇ ਪਟਾਕਿਆਂ ਦੇ ਸਟਾਲ ਲਗਾਏ ਜਾ ਰਹੇ ਹਨ। ਇਨ੍ਹਾਂ ਦੁਕਾਨਾਂ 'ਤੇ ਸੁਰੱਖਿਆ ਅਤੇ ਅੱਗ ਬੁਝਾਊ ਪ੍ਰਬੰਧ ਬਿਲਕੁਲ ਨਾਮਾਤਰ ਹਨ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਵਿੱਚ ਅਜਿਹੀ ਲਾਪਰਵਾਹੀ ਕਿਸੇ ਵੱਡੇ ਹਾਦਸੇ ਨੂੰ ਸੱਦਾ ਦੇ ਰਹੀ ਹੈ। ਜੇਕਰ ਕੋਈ ਮੰਦਭਾਗੀ ਘਟਨਾ ਵਾਪਰਦੀ ਹੈ, ਤਾਂ ਭਾਰੀ ਜਾਨੀ-ਮਾਲੀ ਨੁਕਸਾਨ ਹੋ ਸਕਦਾ ਹੈ। ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਨੇ ਪ੍ਰਸ਼ਾਸਨ ਨੂੰ ਘੇਰਦਿਆਂ ਕਿਹਾ ਕਿ ਅਧਿਕਾਰੀਆਂ ਦੀ ਨੱਕ ਹੇਠ ਸਭ ਕੁਝ ਖੁੱਲ੍ਹੇਆਮ ਚੱਲ ਰਿਹਾ ਹੈ, ਪਰ ਕੋਈ ਕਾਰਵਾਈ ਨਾ ਹੋਣਾ ਇਹ ਸਾਬਤ ਕਰਦਾ ਹੈ ਕਿ ਇਸ ਗੋਰਖਧੰਦੇ ਵਿੱਚ ਪ੍ਰਸ਼ਾਸਨ ਦੀ ਪੂਰੀ ਮਿਲੀਭੁਗਤ ਹੈ। ਉਨ੍ਹਾਂ ਮੰਗ ਕੀਤੀ ਕਿ ਉੱਚ ਅਧਿਕਾਰੀ ਤੁਰੰਤ ਇਸ ਮਾਮਲੇ ਦਾ ਨੋਟਿਸ ਲੈਣ ਅਤੇ ਰਿਹਾਇਸ਼ੀ ਇਲਾਕਿਆਂ ਵਿੱਚੋਂ ਪਟਾਕਿਆਂ ਦੀ ਵਿਕਰੀ ਨੂੰ ਸਖ਼ਤੀ ਨਾਲ ਬੰਦ ਕਰਵਾ ਕੇ ਇਨ੍ਹਾਂ ਨੂੰ ਨਿਰਧਾਰਿਤ ਕੀਤੀਆਂ ਖੁੱਲ੍ਹੀਆਂ ਥਾਵਾਂ 'ਤੇ ਤਬਦੀਲ ਕਰਵਾਉਣ, ਤਾਂ ਜੋ ਸ਼ਹਿਰ ਵਾਸੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਇਸ ਮੀਟਿੰਗ ਵਿੱਚ ਪਹੁੰਚੇ ਸੁਰਜੀਤ ਸਿੰਘ ਬਾਬਰਪੁਰ ਹਰਬੰਸ ਮੈਸ ਜਗਮੀਤ ਸਿੰਘ ਕਾਮਰੇਡ ਗੁਰਜੀਤ ਸਿੰਘ ਬਿਨਾਹੈੜੀ ਬਿੰਦਾ ਬਿਰਕ ਪੂਰਨ ਚੰਦ ਅਲੋਹਰਾਂ ਪ੍ਰਦਮਣ ਸਿੰਘ ਬਾਗੜੀਆਂ ਦਲਵਾਰਾ ਬਾਗੜੀਆਂ ਆਦੀ ਹਾਜ਼ਰ ਰਹੇ।

ਵਿਧਾਇਕ ਦਿਨੇਸ਼ ਚੱਢਾ ਨੂੰ ਦੂਜੀ ਵਾਰ ਪਾਰਟੀ ਟਿਕਟ ਮਿਲਣ 'ਤੇ ਪੁਰਖਾਲੀ ਵਿਖੇ ਵਰਕਰਾਂ ਨੇ ਲੱਡੂ ਵੰਡ ਕੇ ਮਨਾਈ ਖੁਸ਼ੀ

ਪੁਰਖਾਲੀ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਰੂਪਨਗਰ ਤੋਂ ਮੌਜੂਦਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੂੰ ਦੂਜੀ ਵਾਰ ਪਾਰਟੀ ਉਮੀਦਵਾਰ ਬਣਾਏ ਜਾਣ ਦੀ ਖੁਸ਼ੀ ਵਿੱਚ ਪੁਰਖਾਲੀ ਵਿਖੇ ਪਾਰਟੀ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਇਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਪਾਰਟੀ ਦੇ ਇਸ ਫੈਸਲੇ ਦਾ ਸਵਾਗਤ ਕੀਤਾ।

ਇਸ ਮੌਕੇ ਮੌਜੂਦ ਪਾਰਟੀ ਵਰਕਰਾਂ ਨੇ ਕਿਹਾ ਕਿ ਦਿਨੇਸ਼ ਚੱਢਾ ਨੂੰ ਮੁੜ ਪਾਰਟੀ ਟਿਕਟ ਦੇ ਕੇ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਨੇ ਉਨ੍ਹਾਂ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਕੰਮਾਂ ਅਤੇ ਲੋਕਾਂ ਨਾਲ ਬਣੇ ਸਿੱਧੇ ਸੰਪਰਕ 'ਤੇ ਮੋਹਰ



ਲਗਾਈ ਹੈ। ਉਨ੍ਹਾਂ ਕਿਹਾ ਕਿ ਦਿਨੇਸ਼ ਚੱਢਾ ਨੇ ਵਿਧਾਇਕ ਵਜੋਂ ਆਪਣੇ ਕਾਰਜਕਾਲ ਦੌਰਾਨ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਯਤਨ ਕੀਤੇ ਹਨ। ਵਰਕਰਾਂ ਨੇ ਕਿਹਾ ਕਿ ਪਾਰਟੀ ਵੱਲੋਂ ਦੂਜੀ ਵਾਰ ਭਰੋਸਾ ਜਤਾਏ ਜਾਣ ਨਾਲ ਜਿੱਥੇ ਦਿਨੇਸ਼ ਚੱਢਾ ਦੇ ਹੌਸਲੇ ਹੋਰ ਬੁਲੰਦ ਹੋਣਗੇ, ਉੱਥੇ ਹੀ ਪਾਰਟੀ ਦੇ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਆਗੂਆਂ ਅਤੇ ਵਰਕਰਾਂ ਵਿੱਚ ਵੀ ਨਵਾਂ ਜੋਸ਼ ਪੈਦਾ ਹੋਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਵਰਕਰ ਪੂਰੀ ਇਕਜੁੱਟਤਾ ਅਤੇ ਮਿਹਨਤ ਨਾਲ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣਗੇ। ਇਸ ਮੌਕੇ ਵਰਕਰਾਂ ਨੇ ਲੱਡੂ ਵੰਡ ਕੇ ਜਸ਼ਨ ਮਨਾਇਆ ਅਤੇ ਦਿਨੇਸ਼ ਚੱਢਾ ਨੂੰ ਦੂਜੀ ਵਾਰ ਟਿਕਟ ਮਿਲਣ 'ਤੇ ਵਧਾਈ ਦਿੱਤੀ।

ਸਿਹਤ ਵਿਭਾਗ ਵੱਲੋਂ ਮਿਲਾਵਟਖੋਰੀ ਕਰਨ ਵਾਲਿਆਂ ਵਿਰੁੱਧ ਕੀਤੀ ਜਾਵੇਗੀ ਸਖ਼ਤ ਕਾਰਵਾਈ : ਡਾ. ਅਮਰਜੀਤ ਕੌਰ

ਸੰਗਰੂਰ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਦੇ ਕਮਿਸ਼ਨਰ ਸ਼੍ਰੀਮਤੀ ਕੰਵਲਪ੍ਰੀਤ ਕੌਰ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸਿਵਲ ਸਰਜਨ ਸੰਗਰੂਰ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਮਿਲਾਵਟਖੋਰੀ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।



ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕਾਂ ਨੂੰ ਸ਼ੁੱਧ ਅਤੇ ਮਿਆਰੀ ਦੁੱਧ ਤੇ ਖੁਰਾਕ ਪਦਾਰਥ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਜ਼ਿਲ੍ਹੇ ਵਿੱਚ ਰੋਜ਼ਾਨਾ ਸੈਂਪਲ ਲਏ ਜਾ ਰਹੇ ਹਨ । ਉਹਨਾਂ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਦੁੱਧ ਜਾਂ ਹੋਰ ਖੁਰਾਕ ਪਦਾਰਥਾਂ ਵਿੱਚ ਮਿਲਾਵਟਖੋਰੀ ਕਰਨ ਵਾਲਿਆਂ ਵਿਰੁੱਧ ਸਿਹਤ ਵਿਭਾਗ ਵੱਲੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜੇਕਰ ਕਿਸੇ ਵੀ ਸੈਂਪਲ ਵਿੱਚ ਮਿਲਾਵਟ ਜਾਂ ਮਾਪਦੰਡਾਂ ਦੀ ਅਣਦੇਖੀ ਪਾਈ ਜਾਂਦੀ ਹੈ, ਤਾਂ ਸਬੰਧਤ ਦੁਕਾਨਦਾਰਾਂ ਅਤੇ ਬਣਾਉਣ ਵਾਲਿਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਸੇ ਲੜੀ ਤਹਿਤ ਅਸਿਸਟੈਂਟ ਫੂਡ ਕਮਿਸ਼ਨਰ ਅਦਿਤੀ ਗੁਪਤਾ ਅਤੇ ਫੂਡ ਸੇਫਟੀ ਅਫਸਰ ਸੀਮਾ ਰਾਣੀ ਦੀ ਟੀਮ ਵੱਲੋਂ ਵੱਖ-ਵੱਖ ਥਾਵਾਂ 'ਤੇ ਦੁੱਧ ਦੇ ਸੈਂਪਲ ਭਰੇ ਗਏ।

ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਪਨੀਰ ਅਤੇ ਖੋਆ ਬਣਾਉਣ ਵਾਲੀਆਂ ਯੂਨਿਟਾਂ ਅਤੇ ਮਿਠਾਈਆਂ ਦੀਆਂ ਦੁਕਾਨਾਂ ਦੀ ਲਗਾਤਾਰ ਜਾਂਚ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਬਾਹਰਲੇ ਖੇਤਰਾਂ ਤੋਂ ਆਉਣ ਵਾਲੀਆਂ ਮਿਲਾਵਟੀ ਵਸਤੂਆਂ 'ਤੇ ਨਜ਼ਰ ਰੱਖਣ ਲਈ ਨਾਕੇਬੰਦੀ ਵੀ ਕੀਤੀ ਜਾਂਦੀ ਹੈ।

ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਖੁਰਾਕ ਪਦਾਰਥਾਂ ਦੀ ਜਾਂਚ ਦੇ ਨਾਲ-ਨਾਲ ਲੋਕਾਂ ਨੂੰ ਸਿਹਤ ਅਤੇ ਸਵੱਛਤਾ ਦੇ ਨਿਯਮਾਂ ਬਾਰੇ ਵੀ ਜਾਗਰੂਕ ਕਰ ਰਿਹਾ ਹੈ। ਵਿਭਾਗ ਦੀ 'ਫੂਡ ਸੇਫਟੀ ਵੈਨ' ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਖੁਰਾਕ ਪਦਾਰਥਾਂ ਦੀ ਜਾਂਚ ਕਰ ਰਹੀ ਹੈ ਅਤੇ ਲੋਕਾਂ ਨੂੰ ਘਰ ਵਿੱਚ ਹੀ ਮਿਲਾਵਟ ਪਛਾਣਨ ਦੇ ਆਸਾਨ ਤਰੀਕੇ ਦੱਸ ਰਹੀ ਹੈ। ਜਿਵੇਂ ਦੁੱਧ ਦੀ ਇੱਕ ਬੂੰਦ ਚਿਕਨੀ ਸਤਹ 'ਤੇ ਡੇਗ ਕੇ ਦੇਖਣ ਨਾਲ ਜੇਕਰ ਉਹ ਹੌਲੀ-ਹੌਲੀ ਵਗਦੇ ਹੋਏ ਸਫ਼ੈਦ ਲਕੀਰ ਛੱਡਦੀ ਹੈ, ਤਾਂ ਦੁੱਧ ਸ਼ੁੱਧ ਮੰਨਿਆ ਜਾਂਦਾ ਹੈ। ਪਨੀਰ 'ਤੇ ਆਇਓਡੀਨ ਪਾਉਣ 'ਤੇ ਜੇਕਰ ਨੀਲਾ ਰੰਗ ਆ ਜਾਵੇ ਤਾਂ ਇਹ ਸਟਾਰਚ ਦੀ ਮਿਲਾਵਟ ਦਾ ਸੰਕੇਤ ਹੈ। ਹਲਦੀ ਵਿੱਚ ਨਕਲੀ ਰੰਗ ਦੀ ਪਛਾਣ ਹਾਈਡ੍ਰੋਕਲੋਰਿਕ ਐਸਿਡ ਨਾਲ ਹੁੰਦੀ ਹੈ। ਘਿਓ, ਸ਼ਹਿਦ ਅਤੇ ਧਨੀਆ ਪਾਊਡਰ ਵਿੱਚ ਮਿਲਾਵਟ ਦੀ ਜਾਂਚ ਲਈ ਵੀ ਅਜਿਹੇ ਸਰਲ ਘਰੇਲੂ ਉਪਾਅ ਦੱਸੇ ਜਾ ਰਹੇ ਹਨ ਤਾਂ ਜੋ ਆਮ ਨਾਗਰਿਕ ਸੁਚੇਤ ਰਹਿ ਸਕਣ।

ਲਹਿਰਾਗਾਗਾ ਨੇੜੇ ਪਿੰਡ ਖੰਡੇਬਾਦ ਵਿਖੇ 27 ਏਕੜ ਤੋਂ ਵੱਧ ਸਰਕਾਰੀ ਜ਼ਮੀਨ 'ਤੇ ਬਣਾਈ ਜਾਵੇਗੀ ਨਵੀਂ ਅਨਾਜ ਮੰਡੀ: ਬਰਿੰਦਰ ਕੁਮਾਰ ਗੋਇਲ

ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਜਲ ਸਰੋਤ ਮੰਤਰੀ ਅਤੇ ਲਹਿਰਾਗਾਗਾ ਤੋਂ ਵਿਧਾਇਕ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਐਲਾਨ ਕੀਤਾ ਕਿ ਲਹਿਰਾਗਾਗਾ ਨੇੜਲੇ ਪਿੰਡ ਖੰਡੇਬਾਦ ਵਿਖੇ 217 ਕਨਾਲ 14 ਮਰਲੇ (27 ਏਕੜ ਤੋਂ ਵੱਧ) ਸਰਕਾਰੀ ਜ਼ਮੀਨ 'ਤੇ ਨਵੀਂ ਅਨਾਜ ਮੰਡੀ ਸਥਾਪਤ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪ੍ਰਸਤਾਵ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਵੱਲੋਂ 31 ਅਕਤੂਬਰ ਨੂੰ ਹੋਈ ਮੀਟਿੰਗ ਵਿੱਚ ਪ੍ਰਵਾਨਗੀ ਦੇ ਦਿੱਤੀ ਗਈ ਹੈ।

ਇੱਥੇ ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਲਹਿਰਾਗਾਗਾ ਦੀ ਮੌਜੂਦਾ ਅਨਾਜ ਮੰਡੀ ਫ਼ਸਲਾਂ ਖਾਸ ਕਰਕੇ ਝੋਨੇ ਅਤੇ ਕਣਕ ਦੀ ਵਧਦੀ ਆਮਦ ਨੂੰ ਸੰਭਾਲਣ ਲਈ ਨਾਕਾਫ਼ੀ ਸਾਬਤ ਹੋ ਰਹੀ ਸੀ ਕਿਉਂਕਿ ਪਿਛਲੇ ਸਾਲਾਂ ਦੌਰਾਨ ਫ਼ਸਲਾਂ ਦੀ ਉਪਜ ਵਿੱਚ ਕਾਫ਼ੀ ਵਾਧਾ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਮੌਜੂਦਾ ਅਨਾਜ ਮੰਡੀ ਲਗਭਗ 45 ਸਾਲ ਪਹਿਲਾਂ ਕਰੀਬ 12 ਏਕੜ ਜ਼ਮੀਨ 'ਤੇ ਬਣਾਈ ਗਈ ਸੀ। ਇਸੇ ਜ਼ਮੀਨ ਵਿੱਚੋਂ ਬਾਅਦ ਵਿੱਚ ਕਾਟਨ ਯਾਰਡ ਵੀ ਬਣਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਫ਼ਸਲਾਂ ਦੀ ਆਮਦ ਲਗਾਤਾਰ ਵਧਣ ਕਾਰਨ ਮੰਡੀ ਵਿੱਚ ਖ਼ਰੀਦ ਅਤੇ ਵਪਾਰਕ ਗਤੀਵਿਧੀਆਂ ਲਈ ਉਪਲਬਧ ਥਾਂ ਨਾਕਾਫ਼ੀ ਹੋ ਗਈ ਸੀ।



ਕੈਬਨਿਟ ਮੰਤਰੀ ਨੇ ਕਿਹਾ ਕਿ ਮੌਜੂਦਾ ਅਨਾਜ ਮੰਡੀ ਸ਼ਹਿਰ ਦੇ ਬਿਲਕੁਲ ਵਿਚਕਾਰ ਸਥਿਤ ਹੋਣ ਕਾਰਨ ਖ਼ਰੀਦ ਸੀਜ਼ਨ ਦੌਰਾਨ ਆਵਾਜਾਈ ਦੀ ਗੰਭੀਰ ਸਮੱਸਿਆ ਪੈਦਾ ਹੁੰਦੀ ਸੀ ਜਿਸ ਕਰਕੇ ਕਿਸਾਨਾਂ, ਵਪਾਰੀਆਂ ਅਤੇ ਆੜ੍ਹਤੀਆਂ ਵੱਲੋਂ ਲੰਮੇ ਸਮੇਂ ਤੋਂ ਇਸ ਸਮੱਸਿਆ ਦੇ ਹੱਲ ਅਤੇ ਖੇਤੀਬਾੜੀ ਉਤਪਾਦਾਂ ਦੀ ਸੁਚਾਰੂ ਖ਼ਰੀਦ ਲਈ ਨਵੀਂ ਅਨਾਜ ਮੰਡੀ ਸਥਾਪਤ ਕਰਨ ਦੀ ਮੰਗ ਕੀਤੀ ਜਾ ਰਹੀ ਸੀ।

ਇਸ ਲੰਮੇ ਸਮੇਂ ਤੋਂ ਲਟਕਦੀ ਮੰਗ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਲਹਿਰਾਗਾਗਾ ਦੇ ਨਾਲ ਲੱਗਦੇ ਪਿੰਡ ਖੰਡੇਬਾਦ ਵਿਖੇ ਆਪਣੀ 217 ਕਨਾਲ 14 ਮਰਲੇ ਜ਼ਮੀਨ 'ਤੇ ਨਵੀਂ ਅਨਾਜ ਮੰਡੀ ਵਿਕਸਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਪ੍ਰਸਤਾਵਿਤ ਅਨਾਜ ਮੰਡੀ ਤੱਕ ਪਹੁੰਚ ਲਈ ਰਸਤਾ ਪਿੰਡ ਲਹਿਲ ਖ਼ੁਰਦ ਦੀ ਜ਼ਮੀਨ ਰਾਹੀਂ ਬਣਾਇਆ ਜਾਵੇਗਾ।

ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਨਵੀਂ ਅਨਾਜ ਮੰਡੀ ਸਥਾਪਤ ਹੋਣ ਨਾਲ ਕਿਸਾਨਾਂ, ਵਪਾਰੀਆਂ ਅਤੇ ਆੜ੍ਹਤੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਲਹਿਰਾਗਾਗਾ ਸ਼ਹਿਰ ਵਿੱਚ ਟ੍ਰੈਫ਼ਿਕ ਦੀ ਸਮੱਸਿਆ ਤੋਂ ਵੀ ਨਿਜਾਤ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਨਵੀਂ ਮੰਡੀ ਸਮੁੱਚੇ ਇਲਾਕੇ ਦੀਆਂ ਖੇਤੀਬਾੜੀ ਅਤੇ ਵਪਾਰਕ ਲੋੜਾਂ ਨੂੰ ਪੂਰਾ ਕਰਨ ਵਿੱਚ ਵੀ ਸਹਾਈ ਹੋਵੇਗੀ।

ਕੈਬਨਿਟ ਮੰਤਰੀ ਨੇ ਇਸ ਮਹੱਤਵਪੂਰਨ ਪ੍ਰਸਤਾਵ ਨੂੰ ਪ੍ਰਵਾਨਗੀ ਦੇਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਮੁੱਚੀ ਕੈਬਨਿਟ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਇਲਾਕੇ ਦੇ ਲੋਕਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨ ਦੇ ਨਾਲ-ਨਾਲ ਖੇਤੀਬਾੜੀ ਉਤਪਾਦਾਂ ਦੀ ਮੰਡੀਕਰਨ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਟਿਆਲਾ ਦੇ 316 ਪਿੰਡਾਂ ਨੂੰ ਸਾਫ਼ ਪੀਣ ਵਾਲੇ ਪਾਣੀ ਦਾ ਤੋਹਫ਼ਾ ਦਿੱਤਾ

➢ ਘਨੌਰ ਹਲਕਾ ਵਿੱਚ 432.65 ਕਰੋੜ ਦੀ ਲਾਗਤ ਨਾਲ ਬਣੇ ਅਤਿ-ਆਧੁਨਿਕ ਜਲ ਸੋਧ ਪਲਾਂਟ ਜਨਤਾ ਨੂੰ ਸਮਰਪਿਤ ➢ ਇਨ੍ਹਾਂ ਪਲਾਂਟਾਂ ਦੇ ਹੁਣ ਚਾਲੂ ਹੋਣ ਨਾਲ, 4.50 ਲੱਖ ਵਸਨੀਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮਿਲੇਗਾ, ਜਿਸ ਨਾਲ ਭੂਮੀਗਤ ਪਾਣੀ ਦੇ ਸੰਕਟ ਨੂੰ ਹੱਲ ਕਰਨ ਵਿੱਚ ਮਦਦ ਮਿਲੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਮੰਡੋਲੀ, ਪਟਿਆਲਾ; 3 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਪਟਿਆਲਾ ਦੇ ਘਨੌਰ ਹਲਕੇ ਦੇ ਪਿੰਡ ਮੰਡੋਲੀ ਵਿਖੇ 432.65 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਦੋ ਅਤਿ-ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਸਮਰਪਿਤ ਕੀਤੇ, ਜਿਸ ਨਾਲ ਪੂਰੇ ਖੇਤਰ ਵਿੱਚ ਸੁਰੱਖਿਅਤ ਪੀਣ ਵਾਲੇ ਪਾਣੀ ਤੱਕ ਪਹੁੰਚ ਨੂੰ ਵੱਡਾ ਹੁਲਾਰਾ ਮਿਲਿਆ। ਇਹ ਪ੍ਰੋਜੈਕਟ ਪੰਜ ਵਿਧਾਨ ਸਭਾ ਹਲਕਿਆਂ ਦੇ 316 ਪਿੰਡਾਂ ਨੂੰ ਰੋਜ਼ਾਨਾ ਸਾਫ਼ ਨਹਿਰੀ ਪਾਣੀ ਦੀ ਸਪਲਾਈ ਕਰੇਗਾ, ਜਿਸ ਵਿੱਚ 752 ਕਿਲੋਮੀਟਰ ਪਾਈਪਲਾਈਨ ਨੈੱਟਵਰਕ ਰਾਹੀਂ 4.50 ਲੱਖ ਵਸਨੀਕਾਂ ਅਤੇ 70,000 ਘਰਾਂ ਨੂੰ ਕਵਰ ਕੀਤਾ ਜਾਵੇਗਾ। ਭੂਮੀਗਤ ਪਾਣੀ ਦੇ ਸੰਕਟ ਨੂੰ ਹੱਲ ਕਰਨ ਅਤੇ ਫਲੋਰਾਈਡ ਸਮੇਤ ਗੰਦਗੀ ਨਾਲ ਨਜਿੱਠਣ ਤੋਂ ਇਲਾਵਾ, ਇਹ ਪ੍ਰੋਜੈਕਟ ਪੀਣ ਵਾਲੇ ਪਾਣੀ ਦੀਆਂ ਚੁਣੌਤੀਆਂ ਦਾ ਲੰਬੇ ਸਮੇਂ ਦਾ ਹੱਲ ਪ੍ਰਦਾਨ ਕਰੇਗਾ, ਜੋ ਕਿ ਹਰ ਘਰ ਤੱਕ ਸਾਫ਼ ਪੀਣ ਵਾਲੇ ਪਾਣੀ ਦੀ ਪਹੁੰਚਯੋਗ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ।

ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਅੱਜ, ਪਟਿਆਲਾ ਦੇ ਪਿੰਡ ਮੰਡੋਲੀ ਵਿਖੇ ?432 ਕਰੋੜ ਦੀ ਲਾਗਤ ਨਾਲ ਬਣੇ ਦੋ ਨਵੇਂ ਵਾਟਰ ਟ੍ਰੀਟਮੈਂਟ ਪਲਾਂਟ ਲੋਕਾਂ ਨੂੰ ਸਮਰਪਿਤ ਕੀਤੇ। ਹੁਣ, ਪੰਜ ਵਿਧਾਨ ਸਭਾ ਹਲਕਿਆਂ ਦੇ 316 ਪਿੰਡਾਂ ਅਤੇ 75,000 ਘਰਾਂ ਨੂੰ ਹਰ ਰੋਜ਼ ਸਾਫ਼ ਨਹਿਰੀ ਪੀਣ ਵਾਲਾ ਪਾਣੀ ਮਿਲੇਗਾ। ਇਹ ਪ੍ਰੋਜੈਕਟ ਫਲੋਰਾਈਡ ਪ੍ਰਦੂਸ਼ਣ ਸਮੇਤ ਦੂਸ਼ਿਤ ਪਾਣੀ ਦੀ ਸਮੱਸਿਆ ਦਾ ਸਥਾਈ ਹੱਲ ਪ੍ਰਦਾਨ ਕਰੇਗਾ ਅਤੇ ਵਸਨੀਕਾਂ ਲਈ ਜੀਵਨ ਰੇਖਾ ਵਜੋਂ ਕੰਮ ਕਰੇਗਾ। ਪੰਜਾਬੀਆਂ ਦੀ ਸਿਹਤ ਸਾਡੀ ਸਭ ਤੋਂ ਵੱਡੀ ਤਰਜੀਹ ਬਣੀ ਹੋਈ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਪਟਿਆਲਾ ਅਤੇ ਫਤਿਹਗੜ੍ਹ ਸਾਹਿਬ ਜ਼ਿਲ੍ਹਿਆਂ ਲਈ ਇੱਕ ਇਤਿਹਾਸਕ ਦਿਨ ਹੈ ਕਿਉਂਕਿ ਲਗਭਗ ?432 ਕਰੋੜ ਦੇ ਤਿੰਨ ਵੱਡੇ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਜਾ ਰਹੇ ਹਨ। ਸਾਫ਼ ਪੀਣ ਵਾਲੇ ਪਾਣੀ ਦੀ ਪਹੁੰਚ ਸਿੱਧੇ ਤੌਰ 'ਤੇ ਜਨਤਕ ਸਿਹਤ ਨਾਲ ਜੁੜੀ ਹੋਈ ਹੈ, ਅਤੇ ਇਹ ਪ੍ਰੋਜੈਕਟ ਲੋਕਾਂ ਲਈ ਜੀਵਨ ਰੇਖਾ ਸਾਬਤ ਹੋਣਗੇ। ਦੋਵਾਂ ਜ਼ਿਲ੍ਹਿਆਂ ਵਿੱਚ ਭੂਮੀਗਤ ਪਾਣੀ ਵਿੱਚ ਫਲੋਰਾਈਡ ਅਤੇ ਭਾਰੀ ਧਾਤਾਂ ਦੀ ਜ਼ਿਆਦਾ ਮਾਤਰਾ ਦੇ ਕਾਰਨ, ਨਹਿਰੀ-ਅਧਾਰਤ ਪੀਣ ਵਾਲੇ ਪਾਣੀ ਦੀ ਸਪਲਾਈ ਕਰਨ ਦਾ ਫੈਸਲਾ ਲਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ, ਨਹਿਰੀ ਪਾਣੀ ਨੂੰ ਸੋਧਣ ਲਈ ਮੰਡੋਲੀ ਅਤੇ ਪਾਬਰੀ ਵਿਖੇ ਵਾਟਰ ਟ੍ਰੀਟਮੈਂਟ ਪਲਾਂਟ ਸਥਾਪਿਤ ਕੀਤੇ ਗਏ ਹਨ, ਅਤੇ ਇਨ੍ਹਾਂ ਪਲਾਂਟਾਂ ਦੀ ਸੰਯੁਕਤ ਸਮਰੱਥਾ ਹਰ ਰੋਜ਼ 69 ਮਿਲੀਅਨ ਲੀਟਰ ਪਾਣੀ ਨੂੰ ਸੋਧਣ ਦੀ ਹੈ। ਪਟਿਆਲਾ ਜ਼ਿਲ੍ਹੇ ਵਿੱਚ ਮੰਡੋਲੀ ਪਲਾਂਟ 266.20 ਕਰੋੜ ਦੀ ਲਾਗਤ ਨਾਲ ਸਥਾਪਿਤ ਕੀਤਾ ਗਿਆ ਹੈ, ਜਦੋਂ ਕਿ ਪਟਿਆਲਾ ਜ਼ਿਲ੍ਹੇ ਵਿੱਚ ਪਾਬਰੀ ਪਲਾਂਟ ?166.46 ਕਰੋੜ ਦੀ ਲਾਗਤ ਨਾਲ ਸਥਾਪਤ ਕੀਤਾ ਗਿਆ ਹੈ। ਇਨ੍ਹਾਂ ਪ੍ਰੋਜੈਕਟਾਂ ਨਾਲ ਛੇ ਵਿਧਾਨ ਸਭਾ ਹਲਕਿਆਂ ਦੇ 316 ਪਿੰਡਾਂ ਨੂੰ ਲਾਭ ਹੋਵੇਗਾ, ਅਤੇ ਲਗਭਗ 75,000 ਘਰਾਂ ਵਿੱਚ ਰਹਿਣ ਵਾਲੇ 5 ਲੱਖ ਤੋਂ ਵੱਧ ਲੋਕਾਂ ਨੂੰ ਪੀਣ ਯੋਗ ਨਹਿਰੀ ਪਾਣੀ ਦੀ ਨਿਰਵਿਘਨ ਸਪਲਾਈ ਮਿਲੇਗੀ।

ਉਨ੍ਹਾਂ ਕਿਹਾ, 316 ਪਿੰਡਾਂ ਵਿੱਚੋਂ, 250 ਉਹ ਹਨ ਜਿੱਥੇ ਭੂਮੀਗਤ ਪਾਣੀ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ, ਜਦੋਂ ਕਿ ਬਾਕੀ 158 ਪਿੰਡ ਟਰਾਂਸਮਿਸ਼ਨ ਰੂਟ 'ਤੇ ਪੈਂਦੇ ਹਨ। ਇਹ ਪ੍ਰੋਜੈਕਟ ਖਾਸ ਤੌਰ 'ਤੇ ਮਹੱਤਵਪੂਰਨ ਹਨ ਕਿਉਂਕਿ ਇਹ ਭੂਮੀਗਤ ਪਾਣੀ 'ਤੇ ਨਿਰਭਰਤਾ ਨੂੰ ਘਟਾਉਣਗੇ ਅਤੇ ਭੂਮੀਗਤ ਪਾਣੀ ਦੇ ਸਰੋਤਾਂ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਕਰਨਗੇ। ਤਿੰਨੋਂ ਪ੍ਰੋਜੈਕਟ ਸਥਾਨਾਂ 'ਤੇ ਪਾਣੀ ਦੀ ਜਾਂਚ ਪ੍ਰਯੋਗਸ਼ਾਲਾਵਾਂ ਸਥਾਪਤ ਕੀਤੀਆਂ ਗਈਆਂ ਹਨ, ਅਤੇ ਪਾਣੀ ਦੇ ਨਮੂਨਿਆਂ ਦੀ ਰੋਜ਼ਾਨਾ ਜਾਂਚ ਕੀਤੀ ਜਾਂਦੀ ਹੈ, ਇਲਾਜ ਪ੍ਰਕਿਰਿਆ ਤੋਂ ਪਹਿਲਾਂ ਅਤੇ ਬਾਅਦ ਵਿੱਚ।

ਮੁੱਖ ਮੰਤਰੀ ਨੇ ਕਿਹਾ, ਇਹ ਮੰਦਭਾਗਾ ਹੈ ਕਿ ਆਜ਼ਾਦੀ ਤੋਂ 80 ਸਾਲ ਬਾਅਦ ਵੀ, ਇਨ੍ਹਾਂ ਪਿੰਡਾਂ ਦੇ ਲੋਕ ਸਾਫ਼ ਪੀਣ ਵਾਲੇ ਪਾਣੀ ਦੀ ਮੁੱਢਲੀ ਲੋੜ ਤੋਂ ਵਾਂਝੇ ਹਨ। ਇਹ ਕੰਮ ਦਹਾਕੇ ਪਹਿਲਾਂ ਪੂਰਾ ਹੋ ਜਾਣਾ ਚਾਹੀਦਾ ਸੀ, ਪਰ ਪਿਛਲੀਆਂ ਸਰਕਾਰਾਂ ਨੇ ਪੰਜਾਬ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ। ਅਸੀਂ ਇਹ ਲੰਬੇ ਸਮੇਂ ਤੋਂ ਚੱਲੀ ਆ ਰਹੀ ਜ਼ਿੰਮੇਵਾਰੀ ਲਈ ਹੈ ਅਤੇ ਹਜ਼ਾਰਾਂ ਪਰਿਵਾਰਾਂ ਲਈ ਸਾਫ਼ ਪੀਣ ਵਾਲੇ ਪਾਣੀ ਦੀ ਪਹੁੰਚ ਯਕੀਨੀ ਬਣਾਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਪ੍ਰਯੋਗਸ਼ਾਲਾਵਾਂ ਦੀਆਂ ਟੈਸਟਿੰਗ ਰਿਪੋਰਟਾਂ ਹਰ ਮਹੀਨੇ ਰਾਜ-ਪੱਧਰੀ ਜਲ ਜਾਂਚ ਪ੍ਰਯੋਗਸ਼ਾਲਾ ਨੂੰ ਭੇਜੀਆਂ ਜਾਂਦੀਆਂ ਹਨ। ਇਨ੍ਹਾਂ ਪ੍ਰੋਜੈਕਟਾਂ ਦੀ ਇੱਕ ਮੁੱਖ ਵਿਸ਼ੇਸ਼ਤਾ ਜਲ ਟ੍ਰੀਟਮੈਂਟ ਪਲਾਂਟਾਂ ਅਤੇ ਹਰੇਕ ਜਲ ਭੰਡਾਰਨ ਟੈਂਕ 'ਤੇ ਇੱਕ ਸੁਪਰਵਾਈਜ਼ਰੀ ਕੰਟਰੋਲ ਅਤੇ ਡੇਟਾ ਪ੍ਰਾਪਤੀ (SCADA) ਸਿਸਟਮ ਦੀ ਸਥਾਪਨਾ ਹੈ ਤਾਂ ਜੋ ਪਾਣੀ ਦੀ ਸਪਲਾਈ ਦੀ ਨਿਰੰਤਰ ਨਿਗਰਾਨੀ ਅਤੇ ਗੁਣਵੱਤਾ ਨਿਯੰਤਰਣ ਨੂੰ ਯਕੀਨੀ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ, ਹਰ ਘਰ ਨੂੰ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਕੁੱਲ 752 ਕਿਲੋਮੀਟਰ ਡੀਆਈ ਟ੍ਰਾਂਸਮਿਸ਼ਨ ਪਾਈਪਲਾਈਨ ਵਿਛਾਈ ਗਈ ਹੈ। ਇਸ ਤੋਂ ਇਲਾਵਾ, 316 ਪਿੰਡਾਂ ਵਿੱਚ 1,216 ਕਿਲੋਮੀਟਰ ਪਾਈਪਲਾਈਨਾਂ ਨੂੰ ਅਪਗ੍ਰੇਡ ਕੀਤਾ ਗਿਆ ਹੈ। ਇਨ੍ਹਾਂ ਪਿੰਡਾਂ ਵਿੱਚ ਮੌਜੂਦਾ ਜਲ ਸਪਲਾਈ ਸਕੀਮਾਂ ਅਧੀਨ ਹੁਣ 322 ਜਲ ਭੰਡਾਰਨ ਟੈਂਕਾਂ ਰਾਹੀਂ ਨਿਰਵਿਘਨ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾ ਰਹੀ ਹੈ।

ਉਨ੍ਹਾਂ ਅੱਗੇ ਕਿਹਾ, ਜਿਸ ਕੰਪਨੀ ਨੇ ਇਨ੍ਹਾਂ ਪ੍ਰੋਜੈਕਟਾਂ ਨੂੰ ਲਾਗੂ ਕੀਤਾ ਹੈ, ਉਸਨੂੰ 10 ਸਾਲਾਂ ਦੀ ਮਿਆਦ ਲਈ ਇਨ੍ਹਾਂ ਦੇ ਸੰਚਾਲਨ ਅਤੇ ਰੱਖ-ਰਖਾਅ ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। ਸਾਰੇ 316 ਪਿੰਡਾਂ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਪ੍ਰੋਜੈਕਟਾਂ ਦੀ ਭਾਈਚਾਰਕ ਭਾਗੀਦਾਰੀ, ਪ੍ਰਭਾਵਸ਼ਾਲੀ ਸੰਚਾਲਨ ਅਤੇ ਨਿਗਰਾਨੀ ਨੂੰ ਯਕੀਨੀ ਬਣਾਇਆ ਜਾ ਸਕੇ।

ਹੁਣ ਸਾਡੇ ਘਰਾਂ ਤੱਕ ਸਾਫ਼ ਪੀਣ ਵਾਲਾ ਪਾਣੀ ਪਹੁੰਚ ਰਿਹਾ ਹੈ। ਅਸੀਂ ਇਸ ਪਹਿਲਕਦਮੀ ਤੋਂ ਬਹੁਤ ਖੁਸ਼ ਹਾਂ: ਗੁਰਪ੍ਰੀਤ ਸਿੰਘ, ਪਟਿਆਲਾ ਜ਼ਿਲ੍ਹੇ ਦੇ ਨਿਵਾਸੀ

ਪਟਿਆਲਾ ਜ਼ਿਲ੍ਹੇ ਦੇ ਵਸਨੀਕ ਗੁਰਪ੍ਰੀਤ ਸਿੰਘ ਨੇ ਕਿਹਾ, ਪਹਿਲਾਂ, ਸਾਨੂੰ ਧਰਤੀ ਹੇਠਲੇ ਪਾਣੀ ਦੀ ਗੁਣਵੱਤਾ ਨਾਲ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਅਤੇ ਸਾਫ਼ ਪੀਣ ਵਾਲਾ ਪਾਣੀ ਪ੍ਰਾਪਤ ਕਰਨਾ ਸਾਡੇ ਪਰਿਵਾਰਾਂ ਲਈ ਇੱਕ ਵੱਡੀ ਚਿੰਤਾ ਸੀ। ਹੁਣ ਨਹਿਰੀ ਪਾਣੀ ਨੂੰ ਸਾਫ਼ ਕਰਕੇ ਸਿੱਧਾ ਸਾਡੇ ਘਰਾਂ ਵਿੱਚ ਸਪਲਾਈ ਕੀਤਾ ਜਾ ਰਿਹਾ ਹੈ, ਅਤੇ ਸਾਡੇ ਘਰੇਲੂ ਟੈਂਕ ਵੀ ਸਾਫ਼ ਪਾਣੀ ਨਾਲ ਭਰੇ ਜਾ ਰਹੇ ਹਨ। ਇਸ ਨਾਲ ਸਾਡੇ ਲਈ ਬਹੁਤ ਰਾਹਤ ਮਿਲੀ ਹੈ ਕਿਉਂਕਿ ਸਾਫ਼ ਪੀਣ ਵਾਲਾ ਪਾਣੀ ਹਰ ਪਰਿਵਾਰ ਦੀ ਲੋੜ ਹੁੰਦੀ ਹੈ। ਕਿਸੇ ਵੀ ਪਿਛਲੀ ਸਰਕਾਰ ਨੇ ਇੰਨੇ ਸਾਰੇ ਪਿੰਡਾਂ ਵਿੱਚ ਇਸ ਸਮੱਸਿਆ ਨੂੰ ਹੱਲ ਕਰਨ ਲਈ ਇੰਨੇ ਵੱਡੇ ਪੱਧਰ 'ਤੇ ਕੰਮ ਨਹੀਂ ਕੀਤਾ। ਅਸੀਂ ਇਸ ਪਹਿਲਕਦਮੀ ਕਰਨ ਅਤੇ ਹਜ਼ਾਰਾਂ ਪਰਿਵਾਰਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕਰਦੇ ਹਾਂ।

*ਸਾਡੇ ਪਰਿਵਾਰਾਂ ਨੂੰ ਹੁਣ ਸਾਫ਼ ਪੀਣ ਵਾਲੇ ਪਾਣੀ ਦੀ ਚਿੰਤਾ ਨਹੀਂ ਕਰਨੀ ਪਵੇਗੀ; ਇਹ ਇੱਕ ਵੱਡੀ ਰਾਹਤ ਹੈ: ਹਰਪ੍ਰੀਤ ਕੌਰ, ਸਨੌਰ ਦੀ ਵਸਨੀਕ

ਸਨੌਰ ਦੀ ਵਸਨੀਕ ਹਰਪ੍ਰੀਤ ਕੌਰ ਨੇ ਕਿਹਾ, ਪਹਿਲਾਂ, ਅਸੀਂ ਧਰਤੀ ਹੇਠਲੇ ਪਾਣੀ ਦੀ ਗੁਣਵੱਤਾ ਅਤੇ ਸਾਡੇ ਪਰਿਵਾਰਾਂ 'ਤੇ ਇਸਦੇ ਪ੍ਰਭਾਵ ਬਾਰੇ ਚਿੰਤਤ ਸੀ। ਹੁਣ ਸਾਫ਼-ਸੁਥਰਾ ਨਹਿਰੀ ਪਾਣੀ ਸਾਡੇ ਘਰਾਂ ਤੱਕ ਪਹੁੰਚ ਰਿਹਾ ਹੈ, ਜਿਸ ਨਾਲ ਸਾਡੀ ਰੋਜ਼ਾਨਾ ਜ਼ਿੰਦਗੀ ਬਹੁਤ ਆਸਾਨ ਹੋ ਗਈ ਹੈ। ਅਸੀਂ ਇਸ ਪਾਣੀ ਨੂੰ ਆਪਣੇ ਘਰੇਲੂ ਟੈਂਕਾਂ ਵਿੱਚ ਸਟੋਰ ਕਰ ਸਕਦੇ ਹਾਂ ਅਤੇ ਇਸਨੂੰ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਲਈ ਵਰਤ ਸਕਦੇ ਹਾਂ, ਬਿਨਾਂ ਪਹਿਲਾਂ ਦੀਆਂ ਚਿੰਤਾਵਾਂ ਦੇ। ਸੈਂਕੜੇ ਪਿੰਡਾਂ ਵਿੱਚ ਇੰਨਾ ਵਿਆਪਕ ਕੰਮ ਹੁੰਦਾ ਦੇਖ ਕੇ ਖੁਸ਼ੀ ਹੁੰਦੀ ਹੈ। ਪਿਛਲੀਆਂ ਸਰਕਾਰਾਂ ਨੇ ਇਸ ਬੁਨਿਆਦੀ ਲੋੜ ਨੂੰ ਪੂਰਾ ਕਰਨ ਲਈ ਇੰਨੇ ਵੱਡੇ ਪੱਧਰ 'ਤੇ ਪਹਿਲ ਨਹੀਂ ਕੀਤੀ। ਅਸੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਸਰਕਾਰ ਦੇ ਸਾਡੇ ਪਿੰਡਾਂ ਵਿੱਚ ਸਾਫ਼ ਪੀਣ ਵਾਲਾ ਪਾਣੀ ਲਿਆਉਣ ਦੇ ਯਤਨਾਂ ਦੀ ਸ਼ਲਾਘਾ ਕਰਦੇ ਹਾਂ।

ਭਗਵੰਤ ਮਾਨ ਸਰਕਾਰ ਨੇ ਪਾਣੀ ਸੁਰੱਖਿਆ ਨੂੰ ਮਜ਼ਬੂਤ ??ਕੀਤਾ, ਜਨਤਕ ਸਿਹਤ ਦੀ ਰੱਖਿਆ ਕੀਤੀ ਅਤੇ ਪੰਜਾਬ ਭਰ ਵਿੱਚ ਪਾਣੀ ਦੇ ਬੁਨਿਆਦੀ ਢਾਂਚੇ ਨੂੰ ਬਦਲਿਆ*

ਪੰਜਾਬ ਸਰਕਾਰ ਨੇ ਪੀਣ ਵਾਲੇ ਪਾਣੀ ਨੂੰ ਯਕੀਨੀ ਬਣਾਉਣ, ਜਨਤਕ ਸਿਹਤ ਦੀ ਰੱਖਿਆ ਕਰਨ ਅਤੇ ਵਧ ਰਹੇ ਭੂਮੀਗਤ ਪਾਣੀ ਦੇ ਸੰਕਟ ਨੂੰ ਹੱਲ ਕਰਨ ਲਈ ਵੱਡੀਆਂ ਬੁਨਿਆਦੀ ਢਾਂਚਾਗਤ ਪਹਿਲਕਦਮੀਆਂ ਕੀਤੀਆਂ ਹਨ। 432.65 ਕਰੋੜ ਰੁਪਏ ਦੀ ਬਲਕ ਸਰਫੇਸ ਵਾਟਰ ਇਨੀਸ਼ੀਏਟਿਵ ਦੇ ਤਹਿਤ, ਪਟਿਆਲਾ ਦੇ ਪਾਬਰਾ ਅਤੇ ਮੰਡੌਲੀ ਵਿਖੇ ਅਤਿ-ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਸਥਾਪਤ ਕੀਤੇ ਗਏ ਹਨ, ਜਿਸ ਨਾਲ 316 ਪਿੰਡਾਂ ਨੂੰ ਲਾਭ ਪਹੁੰਚੇਗਾ। ਇਹ ਪ੍ਰੋਜੈਕਟ ਲਗਭਗ 75,000 ਘਰਾਂ ਨੂੰ ਟਿਕਾਊ ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਪ੍ਰਦਾਨ ਕਰੇਗਾ, ਜੋ 4,50,421 ਦੀ ਆਬਾਦੀ ਦੀ ਸੇਵਾ ਕਰੇਗਾ, ਅਤੇ 2049 ਤੱਕ ਖੇਤਰ ਦੀਆਂ ਪੀਣ ਵਾਲੇ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ।

ਪੰਜਾਬ ਆਪਣੀ ਕੁਦਰਤੀ ਰੀਚਾਰਜ ਸਮਰੱਥਾ ਦੇ 156.36% 'ਤੇ ਭੂਮੀਗਤ ਪਾਣੀ ਕੱਢ ਰਿਹਾ ਹੈ, ਜੋ ਕਿ ਇੱਕ ਅਸਥਿਰ ਸਥਿਤੀ ਹੈ ਜੋ ਭੂਮੀਗਤ ਜਲ ਸਰੋਤਾਂ ਨੂੰ ਸੰਭਾਲਣ ਦੀ ਤੁਰੰਤ ਲੋੜ ਨੂੰ ਉਜਾਗਰ ਕਰਦੀ ਹੈ। ਪਟਿਆਲਾ ਵਿੱਚ ਸਥਿਤੀ ਖਾਸ ਤੌਰ 'ਤੇ ਚਿੰਤਾਜਨਕ ਹੈ, ਭੂਮੀਗਤ ਪਾਣੀ ਰੀਚਾਰਜ 1.89 ਬੀਸੀਐਮ ਦੇ ਨਿਕਾਸੀ ਦੇ ਮੁਕਾਬਲੇ 1.01 ਬਿਲੀਅਨ ਘਣ ਮੀਟਰ (ਬੀਸੀਐਮ) 'ਤੇ ਖੜ੍ਹਾ ਹੈ, ਜਦੋਂ ਕਿ ਕੱਢਣ ਯੋਗ ਸੀਮਾ ਸਿਰਫ 0.9 ਬੀਸੀਐਮ ਹੈ। ਇਹ ਲਗਭਗ 208% ਦੇ ਸ਼ੋਸ਼ਣ ਪੱਧਰ ਨੂੰ ਦਰਸਾਉਂਦਾ ਹੈ, ਭਾਵ ਭੂਮੀਗਤ ਪਾਣੀ ਨੂੰ ਕੁਦਰਤ ਦੁਆਰਾ ਇਸਨੂੰ ਦੁਬਾਰਾ ਭਰਨ ਦੀ ਦਰ ਨਾਲੋਂ ਦੁੱਗਣੇ ਤੋਂ ਵੱਧ ਦਰ 'ਤੇ ਕੱਢਿਆ ਜਾ ਰਿਹਾ ਹੈ।

ਪੰਜਾਬ ਸਰਕਾਰ ਨੇ ਘਨੌਰ, ਰਾਜਪੁਰਾ, ਸਨੌਰ, ਪਟਿਆਲਾ ਦਿਹਾਤੀ ਅਤੇ ਸ਼ੰਭੂ ਕਲਾਂ ਦੇ 316 ਪਿੰਡਾਂ ਵਿੱਚ ਫਲੋਰਾਈਡ ਅਤੇ ਭਾਰੀ ਧਾਤਾਂ, ਜਿਨ੍ਹਾਂ ਵਿੱਚ ਐਲੂਮੀਨੀਅਮ, ਸੀਸਾ, ਸਲਫੇਟ, ਆਰਸੈਨਿਕ ਅਤੇ ਯੂਰੇਨੀਅਮ ਸ਼ਾਮਲ ਹਨ, ਦੀ ਬਹੁਤ ਜ਼ਿਆਦਾ ਗਾੜ੍ਹਾਪਣ ਦੀ ਪਛਾਣ ਕੀਤੀ ਹੈ, ਜੋ ਕਿ ਸੁਰੱਖਿਆ ਸੀਮਾਵਾਂ ਤੋਂ ਵੱਧ ਹੈ। ਨਹਿਰ-ਅਧਾਰਤ ਜਲ ਸ਼ੁੱਧੀਕਰਨ ਬੁਨਿਆਦੀ ਢਾਂਚੇ ਦੀ ਸਥਾਪਨਾ ਪਾਣੀ ਦੀ ਗੁਣਵੱਤਾ ਦੀਆਂ ਇਨ੍ਹਾਂ ਚਿੰਤਾਵਾਂ ਨੂੰ ਦੂਰ ਕਰਦੀ ਹੈ ਅਤੇ ਸਥਾਨਕ ਭਾਈਚਾਰਿਆਂ ਨੂੰ ਸੁਰੱਖਿਅਤ ਪੀਣ ਵਾਲਾ ਪਾਣੀ ਪ੍ਰਦਾਨ ਕਰਦੀ ਹੈ।

ਪਾਬਰਾ ਅਤੇ ਮੰਡੌਲੀ ਵਿਖੇ ਦੋ ਵਾਟਰ ਟ੍ਰੀਟਮੈਂਟ ਪਲਾਂਟਾਂ ਦੀ ਸੰਯੁਕਤ ਟ੍ਰੀਟਮੈਂਟ ਸਮਰੱਥਾ 58 ਮਿਲੀਅਨ ਲੀਟਰ ਪ੍ਰਤੀ ਦਿਨ ($*4) ਹੈ। ਟ੍ਰੀਟ ਕੀਤੇ ਪਾਣੀ ਨੂੰ 259 ਓਵਰਹੈੱਡ ਸਰਵਿਸ ਰਿਜ਼ਰਵਾਇਰ ਰਾਹੀਂ ਵੰਡਿਆ ਜਾਂਦਾ ਹੈ, ਜਿਸ ਨਾਲ 752 ਕਿਲੋਮੀਟਰ ਤੱਕ ਫੈਲੇ ਪਾਈਪਲਾਈਨ ਨੈੱਟਵਰਕ ਰਾਹੀਂ ਲਗਭਗ 75,000 ਘਰਾਂ ਨੂੰ ਲਾਭ ਪਹੁੰਚਦਾ ਹੈ ਅਤੇ ਕੁੱਲ 4,50,421 ਦੀ ਆਬਾਦੀ ਨੂੰ ਸੇਵਾ ਮਿਲਦੀ ਹੈ। ਇਨ੍ਹਾਂ ਪਲਾਂਟਾਂ ਨੂੰ 2049 ਤੱਕ ਖੇਤਰ ਦੀਆਂ ਪੀਣ ਵਾਲੇ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ, ਜੋ ਲੰਬੇ ਸਮੇਂ ਦੀ ਪਾਣੀ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹਨ।

21 ਫੁੱਟ ਲੰਬੀ ਅੱਠ ਧਾਤੂ ਦੀ ਪਵਿੱਤਰ ਗਦਾ ਅਮਲੋਹ ਪਹੁੰਚੀ, ਸ਼ਰਧਾਲੂਆਂ ਨੇ ਕੀਤੇ ਦਰਸ਼ਨ



ਮਲੇਰਕੋਟਲਾ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਵਿਧਾਨ ਸਭਾ ਹਲਕਾ ਮਾਲੇਰਕੋਟਲਾ ਦੇ ਪਿੰਡ ਖੁਰਦ ਵਿਖੇ ਐਡਵੋਕੇਟ ਚੌਧਰੀ ਮੁਹੰਮਦ ਨਿਸਾਰ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਅਤੇ ਸਿੱਖਿਆ, ਸਿਹਤ ਤੇ ਹੋਰ ਜਨਤਕ ਸਹੂਲਤਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ।

ਐਡਵੋਕੇਟ ਚੌਧਰੀ ਮੁਹੰਮਦ ਨਿਸਾਰ ਨੇ ਕਿਹਾ ਕਿ ਸਰਕਾਰੀ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਜ਼ਰੂਰੀ ਹੈ, ਤਾਂ ਜੋ ਯੋਗ ਲਾਭਪਾਤਰੀ ਉਪਲਬਧ ਸਹੂਲਤਾਂ ਦਾ ਲਾਭ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਜਨਤਕ ਸੰਪਰਕ ਦੌਰਾਨ ਲੋਕਾਂ ਦੀਆਂ ਰੋਜ਼ਮਰ੍ਹਾ ਦੀਆਂ ਮੁਸ਼ਕਲਾਂ ਅਤੇ ਸਥਾਨਕ ਲੋੜਾਂ ਨੂੰ ਸਮਝਣ ਦਾ ਮੌਕਾ ਵੀ ਮਿਲਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਘਰਾਂ ਦੀਆਂ ਬਰੂਹਾਂ ਤੱਕ ਪਹੁੰਚ ਕੇ ਉਨ੍ਹਾਂ ਦੀ ਗੱਲ ਸੁਣਨਾ ਅਤੇ ਸੁਝਾਅ ਪ੍ਰਾਪਤ ਕਰਨਾ ਜਨਤਕ ਸੰਪਰਕ ਦਾ ਅਹਿਮ ਹਿੱਸਾ ਹੈ।

ਇਸੇ ਉਦੇਸ਼ ਨਾਲ ਪਿੰਡ ਵਾਸੀਆਂ ਨਾਲ ਵਿਚਾਰ-ਵਟਾਂਦਰਾ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਅਜਿਹੇ ਸਿੱਧੇ ਸੰਵਾਦ ਰਾਹੀਂ ਲੋਕਾਂ ਤੱਕ ਸਰਕਾਰੀ ਉਪਰਾਲਿਆਂ ਦੀ ਜਾਣਕਾਰੀ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਉਮੀਦਾਂ ਅਤੇ ਜ਼ਮੀਨੀ ਹਕੀਕਤਾਂ ਨੂੰ ਸਮਝਣ ਵਿੱਚ ਵੀ ਮਦਦ ਮਿਲਦੀ ਹੈ।

ਇਸ ਮੌਕੇ ਕੁਲਵਿੰਦਰ ਸਿੰਘ, ਨਰਜਿੰਦਰ ਸਿੰਘ, ਜਸਵਿੰਦਰ ਸਿੰਘ, ਮੁਹੰਮਦ ਅਸਲਮ, ਹਰਪ੍ਰੀਤ ਸਿੰਘ, ਜੀਵੰਦਰ ਸਿੰਘ, ਤਸਕੀਮ ਫਾਰੂਕੀ, ਐਡਵੋਕੇਟ ਹਾਰੂਨ ਰਸ਼ੀਦ, ਅਖਲਾਕ ਅਹਿਮਦ, ਨਦੀਮ ਸਮੇਤ ਪਿੰਡ ਵਾਸੀ ਹਾਜ਼ਰ ਸਨ।

ਵੋਟ ਚੋਰੀ ਦੇ ਸਤਾਏ ਲੱਖਾਂ ਦੇਸ਼ ਵਾਸੀਆਂ ਦੇ ਰੋਹ ਨਾਲ ਨਵੀਂ ਦਿੱਲੀ ਦਾ ਰਾਮਲੀਲ੍ਹਾ ਮੈਦਾਨ ਭਰਿਆ



ਮਾਛੀਵਾੜਾ ਸਾਹਿਬ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

'ਵੋਟ ਚੋਰੀ' ਖਿਲਾਫ 'ਇੰਡੀਆ' ਗੱਠਜੋੜ ਵੱਲੋਂ ਐਤਵਾਰ ਕੌਮੀ ਰਾਜਧਾਨੀ 'ਚ ਕੀਤੀ ਗਈ ਰੈਲੀ 'ਚ ਦੇਸ਼-ਭਰ ਵਿੱਚੋਂ ਲੱਖਾਂ ਲੋਕ ਪੁੱਜੇ ਤੇ ਰਾਮਲੀਲ੍ਹਾ ਮੈਦਾਨ ਵੀ ਛੋਟਾ ਪੈ ਗਿਆ। ਇਕੱਠ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਸਪੱਸ਼ਟ ਸੁਨੇਹਾ ਦਿੱਤਾ ਕਿ ਲੋਕ ਸੰਵਿਧਾਨ ਨੂੰ ਤਬਾਹ ਨਹੀਂ ਹੋਣ ਦੇਣਗੇ ਤੇ ਤਾਨਾਸ਼ਾਹੀ ਕਤਈ ਬਰਦਾਸ਼ਤ ਨਹੀਂ ਕਰਨਗੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਅਤੇ ਬਲਾਕ ਮਾਛੀਵਾੜਾ ਸੋਸ਼ਲ ਮੀਡੀਆ ਇੰਚਾਰਜ ਯੂਥ ਆਗੂ ਸੁਖਦੀਪ ਸਿੰਘ ਸੋਨੀ ਸਰਪੰਚ ਨੇ ਕਿਹਾ ਕਿ ਸਰਕਾਰ ਜਨਤਾ ਦੀ ਆਵਾਜ਼ ਨੂੰ ਕਿਸੇ ਵੀ ਤਰੀਕੇ ਨਹੀਂ ਦਬਾ ਸਕਦੀ। ਉਹਨਾਂ ਦੱਸਿਆ ਕਿ ਇਸ ਵੱਡੇ ਇਕੱਠ ਵਿੱਚ ਰਾਖਲਗਾਧੀ ਨੇ ਆਪਣੇ ਭਾਸ਼ਣ ਦੌਰਾਨ ਕਿਹਾ ਕਿ 'ਦੇਸ਼ ਬੋਲ ਰਿਹਾ ਹੈ ਕਿ ਅਸੀਂ ਲੋਕਤੰਤਰ ਨੂੰ ਖਤਮ ਨਹੀਂ ਹੋਣ ਦੇਵਾਂਗੇ, ਸੰਵਿਧਾਨ ਨੂੰ ਤਬਾਹ ਨਹੀਂ ਹੋਣ ਦੇਵਾਂਗੇ। ਇਹ ਕਿਸੇ ਇੱਕ ਪਾਰਟੀ ਜਾਂ ਨੇਤਾ ਦੀ ਆਵਾਜ਼ ਨਹੀਂ ਹੈ: ਇਹ ਭਾਰਤ ਦੇ ਨੌਜਵਾਨਾਂ, ਔਰਤਾਂ, ਕਿਸਾਨਾਂ, ਮਜ਼ਦੂਰਾਂ ਦੀ ਆਵਾਜ਼ ਹੈ। ਉਨ੍ਹਾ ਕਿਹਾ ਕਿ ਗਿਆਨੇਸ਼ ਕੁਮਾਰ ਨੂੰ ਮੁੱਖ ਚੋਣ ਕਮਿਸ਼ਨਰ ਦੇ ਅਹੁਦੇ ਤੋਂ ਹਟਾ ਦਿੱਤਾ ਜਾਵੇਗਾ, ਉਹ ਜੇਲ੍ਹ ਜਾਣਗੇ। ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ, 'ਗਿਆਨੇਸ਼ ਕੁਮਾਰ ਤੋਂ ਬਾਅਦ ਅਸੀਂ ਤੁਹਾਡੇ ਲਈ ਆ ਰਹੇ ਹਾਂ, ਇਹ ਸੰਕੇਤ ਦਿੰਦੇ ਹੋਏ ਕਿ ਵਿਰੋਧੀ ਧਿਰ ਕੇਂਦਰ ਵਿਰੁੱਧ ਆਪਣੀ ਲੜਾਈ ਜਾਰੀ ਰੱਖੇਗੀ।

ਰਾਹੁਲ ਗਾਂਧੀ ਨੇ ਕਿਹਾ, 'ਅਮਿਤ ਸ਼ਾਹ ਨੇ ਕਿਹਾ ਸੀ ਕਿ ਨਰਿੰਦਰ ਮੋਦੀ ਕਿਤੇ ਨਹੀਂ ਜਾ ਰਹੇ। ਮੈਂ ਉਨ੍ਹਾ ਨੂੰ ਦੱਸਣਾ ਚਾਹੁੰਦਾ ਹਾਂ ਕਿ ਨਰਿੰਦਰ ਮੋਦੀ ਕਿਤੇ ਨਹੀਂ ਜਾ ਸਕਦੇ। ਜੇ ਉਹ ਜਾਣਾ ਵੀ ਚਾਹੁਣ ਤਾਂ ਅਸੀਂ ਉਨ੍ਹਾ ਨੂੰ ਜਾਣ ਨਹੀਂ ਦਿਆਂਗੇ। ਨਰਿੰਦਰ ਮੋਦੀ ਅਤੇ ਅਮਿਤ ਸ਼ਾਹ, ਇਹ ਗੱਲ ਸਮਝ ਲਓ ਕਿ ਤੁਸੀਂ ਜੋ ਵੋਟ ਚੋਰੀ ਕੀਤੀ ਹੈ, ਉਸ ਲਈ ਤੁਹਾਡੇ ਅਤੇ ਨਰਿੰਦਰ ਮੋਦੀ ਖਿਲਾਫ ਕਾਨੂੰਨੀ ਕਾਰਵਾਈ ਹੋਵੇਗੀ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਭਵਿੱਖ ਵਿੱਚ ਉਨ੍ਹਾ ਦੇ ਅਹੁਦੇ ਤੋਂ ਹਟਾ ਕੇ ਦੇਸ਼ਧ੍ਰੋਹ ਦੇ ਦੋਸ਼ ਹੇਠ ਜੇਲ੍ਹ ਭੇਜਿਆ ਜਾਵੇਗਾ। ਰਾਜਾ ਗਿੱਲ ਅਤੇ ਸੋਨੀ ਸਰਪੰਚ ਸਾਹਿਬ ਦਾ ਵਿੱਚ ਕਿਹਾ ਕਿ ਰਾਹੁਲ ਗਾਂਧੀ ਦਾ ਭਾਸ਼ਣ ਇਹ ਸਪਸ਼ਟ ਕਰਦਾ ਹੈ।

ਕਿ ਉਹ ਦੇਸ਼ ਦੀ ਜਨਤਾ ਦੀ ਨਾਲ ਦਿਨ ਰਾਤ ਖੜੇ ਹਨ, ਤੇ ਜਨਤਾ ਦੇ ਹਿੱਤਾਂ ਦੀ ਰਾਖੀ ਲਈ ਹਰ ਲੜਾਈ ਲੜਨ ਲਈ ਤਿਆਰ ਹਨ।

ਅਗਲੀ ਅਕਾਲੀ ਦਲ ਦੀ ਸਰਕਾਰ ਸਾਰੇ ਸਰਕਾਰੀ ਟੈਂਡਰਾਂ ਵਿਚ 'ਮੇਡ ਇਨ ਪੰਜਾਬ' ਉਤਪਾਦਾਂ ਲਈ ਵਿਸ਼ੇਸ਼ ਕੋਟਾ ਰੱਖੇਗੀ: ਸੁਖਬੀਰ ਸਿੰਘ ਬਾਦਲ

ਫ਼ਤਹਿਗੜ੍ਹ ਸਾਹਿਬ,3 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਸੂਬੇ ਦੇ ਉਦਯੋਗਾਂ ਨੂੰ ਹੁਲਾਰਾ ਦੇਣ ਵਾਸਤੇ ਸਾਰੀ ਸਰਕਾਰੀ ਖਰੀਦ ਵਿਚ 'ਮੇਡ ਇਨ ਪੰਜਾਬ' ਪ੍ਰਾਜੈਕਟਾਂ ਲਈ ਵਿਸ਼ੇਸ਼ ਕੋਟਾ ਰੱਖੇਗੀ।

ਅਕਾਲੀ ਦਲ ਦੇ ਪ੍ਰਧਾਨ ਜਿਹਨਾਂ ਨੇ ਫਤਿਹਗੜ੍ਹ ਸਾਹਿਬ ਅਤੇ ਨਾਭਾ ਵਿਚ ਵਪਾਰ ਤੇ ਉਦਯੋਗ ਦੇ ਮੈਂਬਰਾਂ ਨਾਲ ਸਫਲ ਮੀਟਿੰਗਾਂ ਕੀਤੀਆਂ, ਨੇ ਇਹ ਵੀ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਲਘੂ ਤੇ ਦਰਮਿਆਨੇ ਉਦਯੋਗਾਂ ਨੂੰ ਵੱਡੀ ਪੱਧਰ 'ਤੇ ਉਤਸ਼ਾਹਿਤ ਕਰੇਗੀ। ਉਹਨਾਂ ਕਿਹਾ ਕਿ ਅਸੀਂ ਇਹਨਾਂ ਵਰਗਾਂ ਦੀਆਂ ਸਾਰੀਆਂ ਨਵੀਂਆਂ ਇਕਾਈਆਂ ਨੂੰ ਸੂਬੇ ਦਾ ਜੀ ਐਸ ਟੀ ਰਿਟੇਨ ਕਰਨ ਦੀ ਆਗਿਆ ਦੇਵਾਂਗੇ। ਉਹਨਾਂ ਕਿਹਾ ਕਿ ਅਸੀਂ ਇੰਸਪੈਕਟਰੀ ਰਾਜ ਦਾ ਖ਼ਾਤਮਾ ਕਰਾਂਗੇ। ਉਹਨਾਂ ਇਹ ਵੀ ਐਲਾਨ ਕੀਤਾ ਕਿ ਸਾਰੇ ਸੂਬੇ ਵਿਚ ਉਦਯੋਗਿਕ ਖੇਤਰ ਵਾਸਤੇ ਬਿਜਲੀ 5 ਰੁਪਏ ਪ੍ਰਤੀ ਯੂਨਿਟ ਦੀ ਦਰ 'ਤੇ ਮਿਲੇਗੀ ਅਤੇ ਰਾਹਤ ਸਕੀਮ ਮੁੜ ਸ਼ੁਰੂ ਕੀਤੀ ਜਾਵੇਗੀ। ਉਹਨਾਂ ਐਲਾਨ ਕੀਤਾ ਕਿ ਸਕੀਮ ਵਪਾਰੀਆਂ ਲਈ ਖ਼ਾਤੇ ਰੱਖਣ ਦੀ ਲੋੜ ਖ਼ਤਮ ਕਰੇਗੀ ਅਤੇ ਵਪਾਰੀ ਯਕਮੁਸ਼ਤ ਟੈਕਸ ਦੇ ਕੇ ਆਪਣਾ ਟੈਕਸ ਤਾਰਨ ਦੇ ਸਮਰਥ ਹੋਣਗੇ।

ਫਤਿਹਗੜ੍ਹ ਸਾਹਿਬ ਅਤੇ ਨਾਭਾ ਦੇ ਹਲਕਾ ਇੰਚਾਰਜਾਂ ਬਲਜੀਤ ਸਿੰਘ ਭੁੱਟਾ ਤੇ ਮੱਖਣ ਸਿੰਘ ਲਾਲਕਾ ਨੇ ਵਪਾਰੀਆਂ ਨਾਲ ਗੱਲਬਾਤ ਦੌਰਾਨ ਮੰਚ ਸੰਚਾਲਨ ਕੀਤਾ।

ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਨੂੰ ਆਪਣੇ ਨਾਗਰਿਕਾਂ 'ਤੇ ਪੂਰਨ ਵਿਸ਼ਵਾਸ ਹੈ। ਅਸੀਂ ਇੰਸਪੈਕਟਰੀ ਰਾਜ ਨੂੰ ਹਮੇਸ਼ਾ ਹਮੇਸ਼ਾ ਵਾਪਸ ਖ਼ਤਮ ਕਰਾਂਗੇ। ਕੋਈ



ਵੀ ਸਰਕਾਰੀ ਅਫਸਰ ਤੁਹਾਡੇ ਅਦਾਰਿਆਂ ਵਿਚ ਆ ਕੇ ਤੁਹਾਨੂੰ ਤੰਗ ਪ੍ਰੇਸ਼ਾਨ ਨਹੀਂ ਕਰੇਗਾ।

ਉਹ ਫਤਿਹਗੜ੍ਹ ਸਾਹਿਬ ਸਿਲਾਈ ਮਸ਼ੀਨ ਐਸੋਸੀਏਸ਼ਨ ਦੇ ਬਲਵੰਤ ਸਿੰਘ ਸਮੇਤ ਇੰਡਸਟਰੀ ਐਸੋਸੀਏਸ਼ਨ ਦੇ ਇਕ ਸਵਾਲ ਦਾ ਜਵਾਬ ਦੇ ਰਹੇ ਸਨ।

ਸਰਦਾਰ ਨੇ ਇਹ ਵੀ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਸਰਹਿੰਦ ਵਿਖੇ ਫੋਕਲ ਪੁਆਇੰਟ ਸਥਾਪਿਤ ਕਰੇਗੀ। ਉਹਨਾਂ ਕਿਹਾ ਕਿ ਅਸੀਂ ਸਮਝਦੇ ਹਾਂ ਕਿ ਇਸ ਸ਼ਹਿਰ ਨੂੰ ਸਥਾਨਕ ਲਾਭ ਹਨ ਤੇ ਇਥੇ ਇਕ ਹਜ਼ਾਰ ਏਕੜ ਵਿਚ ਅਸੀਂ ਫੋਕਲ ਪੁਆਇੰਟ ਬਣਾ ਕੇ ਇਹ ਲਾਭ ਉਠਾਵਾਂਗੇ।

ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਹ ਤਾਂ ਹੀ ਸੰਭਵ ਹੈ ਜੇਕਰ ਤੁਸੀਂ ਚੋਣ ਕਰੋ। ਉਹਨਾਂ ਕਿਹਾ ਕਿ ਤੁਹਾਨੂੰ ਸਹੀ ਫੈਸਲਾ ਕਰਨਾ ਪਵੇਗਾ ਕਿ ਤੁਹਾਡਾ ਅਗਲਾ ਮੁੱਖ ਮੰਤਰੀ ਕੌਣ ਹੋਵੇ। ਉਹਨਾਂ ਕਿਹਾ ਕਿ ਇਕ ਗਲਤ ਫੈਸਲੇ ਨਾਲ ਪੰਜ ਸਾਲ ਹੋਰ ਬਰਬਾਦ ਹੋ ਜਾਣਗੇ। ਉਹਨਾਂ ਨੇ ਵਪਾਰ ਤੇ ਉਦਯੋਗ ਨੂੰ ਅਪੀਲ ਕੀਤੀ ਕਿ ਉਹ ਪਿਛਲੀ ਅਕਾਲੀ ਦਲ ਦੀ ਸਰਕਾਰ ਵੱਲੋਂ ਕੀਤੇ ਕੰਮਾਂ ਦਾ ਵਿਸ਼ਲੇਸ਼ਣ ਕਾਂਗਰਸ ਤੇ ਮੌਜੂਦਾ ਆਪ ਸਰਕਾਰ ਨਾਲ ਕਰਨ। ਉਹਨਾਂ ਕਿਹਾ ਕਿ ਅਕਾਲੀ ਦਲ ਨੇ ਪੰਜਾਬ ਨੂੰ ਬਿਜਲੀ ਸਰਪਲੱਸ ਬਣਾਇਆ ਤੇ ਵਿਸ਼ਵ ਪੱਧਰੀ ਸੜਕ ਨੈਟਵਰਕ ਬਣਾਇਆ, ਹਵਾਈ ਅੱਡੇ ਬਣਾਏ, ਸੂਬੇ ਵਿਚ ਨਿਵੇਸ਼ ਲਿਆਂਦਾ, ਇਸੇ ਲਈ ਤੁਹਾਨੂੰ ਅਕਾਲੀ ਦਲ ਦੀ ਸਰਕਾਰ ਅਗਲੀਆਂ ਚੋਣਾਂ ਵਿਚ ਲਿਆਉਣੀ ਚਾਹੀਦੀ ਹੈ।

ਜਿਹਨਾਂ ਨੇ ਅਕਾਲੀ ਦਲ ਦੇ ਪ੍ਰਧਾਨ ਨਾਲ ਇਸ ਮੌਕੇ ਗੱਲਬਾਤ ਕੀਤੀ ਉਹਨਾਂ ਵਿਚ ਟਰੱਕ ਬਿਲਡਰਜ਼ ਐਸੋਸੀਏਸ਼ਨ ਦੇ ਮੈਂਬਰ ਵੀ ਸਨ, ਜਿਹਨਾਂ ਨੇ ਰੋਡ ਟੈਕਸ ਵਿਚ ਕਟੌਤੀ ਦੀ ਮੰਗ ਕੀਤੀ। ਫਤਿਹਗੜ੍ਹ ਸਾਹਿਬ ਆੜ੍ਹਤੀਆ ਐਸੋਸੀਏਸ਼ਨ ਦੇ ਸਾਧੂ ਸਿੰਘ ਭੱਟਮਾਜਰਾ ਨੇ ਮੰਗ ਕੀਤੀ ਕਿ ਕਮਿਸ਼ਨ ਏਜੰਟਾਂ ਨੂੰ 2.5 ਫੀਸਦੀ ਕਮਿਸ਼ਨ ਮਿਲਣੀ ਯਕੀਨੀ ਬਣਾਈ ਜਾਵੇ। ਪੈਸਟੀਸਾਈਡ ਐਸੋਸੀਏਸ਼ਨ ਦੇ ਰਾਕੇਸ਼ ਸਿੰਘ ਨੇ ਅਪੀਲ ਕੀਤੀ ਕਿ ਪੈਸਟੀਸਾਈਡ ਡੀਲਰਾਂ ਨੂੰ ਘਟੀਆ ਕਵਾਲਟੀ ਦੀਆਂ ਦਵਾਈਆਂ ਜਾਂ ਬੀਜ ਵੇਚਣ ਲਈ ਜ਼ਿੰਮੇਵਾਰ ਨਾ ਠਹਿਰਾਇਆ ਜਾਵੇ। ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਦੇ ਸੰਦੀਪ ਵਰਮਾ ਨੇ ਜੀ ਐਸ ਟੀ ਤਰਕਸੰਗਤ ਬਣਾਉਣ ਦੀ ਮੰਗ ਕੀਤੀ ਜਦੋਂ ਕਿ ਸੁਨਿਆਰਾ ਯੂਨੀਅਨ ਦੇ ਚਰਨਜੀਤ ਸਹਿਦੇਵ ਨੇ ਪੁਲਿਸ ਵੱਲੋਂ ਤੰਗ ਪ੍ਰੇਸ਼ਾਨ ਕਰਨ ਤੋਂ ਸੁਰੱਖਿਆ ਦੀ ਮੰਗ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਾਭਾ ਸੁਨਿਆਰਾ ਯੂਨੀਅਨ ਦੇ ਜੌਨੀ ਬੱਗਾ, ਨਾਭਾ ਰਾਈਸ ਮਿਲਰਜ਼ ਐਸੋਸੀਏਸ਼ਨ ਦੇ ਪ੍ਰਮੋਦ ਗੁਪਤਾ, ਨਾਭਾ ਬਰਤਨ ਐਸੋਸੀਏਸ਼ਨ ਦੇ ਵਿਪਿਨ ਸ਼ਰਮਾ ਅਤੇ ਨਾਭਾ ਟਾਇਰ ਐਸੋਸੀਏਸ਼ਨ ਦੇ ਧਰਮੇਂਦਰ ਗੁਪਤਾ ਨੇ ਵੀ ਆਪਣੇ ਵਿਚਾਰ ਰੱਖੇ।

ਵਿਸ਼ਵ ਹਿੰਦੂ ਪਰਿਸ਼ਦ ਅਮਲੋਹ ਵੱਲੋਂ ਅਤੇ ਅਗਰਵਾਲ ਸਮਾਜ ਸਭਾ ਵੱਲੋਂ ਕੀਤਾ ਗਿਆ ਭਰਵਾਂ ਸਵਾਗਤ, ਸਿਵ ਕੁਮਾਰ ਗੋਇਲ ਨੇ ਨਿਭਾਈ ਵਿਸ਼ੇਸ਼ ਭੂਮਿਕਾ

ਅਮਲੋਹ, 3 ਨਵੰਬਰ
-ਗੁਰਮੀਤ ਸਿੰਘ ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸਨਾਤਨ ਧਰਮ ਦੀ ਆਸਥਾ ਅਤੇ ਭਗਵਾਨ ਹਨੂੰਮਾਨ ਜੀ ਪ੍ਰਤੀ ਅਟੁੱਟ ਸ਼ਰਧਾ ਦੇ ਪ੍ਰਤੀਕ 21 ਫੁੱਟ ਲੰਬੀ ਅੱਠ ਧਾਤੂ ਤੋਂ ਤਿਆਰ ਕੀਤੀ ਗਈ ਪਵਿੱਤਰ ਗਦਾ ਅੱਜ ਅਮਲੋਹ ਸ਼ਹਿਰ ਪਹੁੰਚੀ। ਕੰਚਨ ਸੇਵਾ ਸੰਸਥਾਨ, ਉਦੇਪੁਰ ਦੀ ਦੇਖ-ਰੇਖ ਹੇਠ ਦੇਸ਼ ਭਰ ਦੇ ਮੰਦਰਾਂ ਵਿੱਚ ਧਾਰਮਿਕ ਯਾਤਰਾ ਕਰ ਰਹੀ ਇਸ ਪਵਿੱਤਰ ਗਦਾ ਦੇ ਸ਼੍ਰੀ ਰਾਮ ਮੰਦਿਰ, ਬੁੱਗਾ ਬੱਸ ਸਟੈਂਡ, ਅਮਲੋਹ ਵਿਖੇ ਪਹੁੰਚਣ 'ਤੇ ਸ਼ਹਿਰ ਵਾਸੀਆਂ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਮੰਦਿਰ ਦੇ ਪੁਜਾਰੀ ਜੀ ਵੱਲੋਂ ਵਿਧੀ-ਵਿਧਾਨ ਅਨੁਸਾਰ ਪੂਜਾ-ਅਰਚਨਾ ਕੀਤੀ ਗਈ। ਇਸ ਉਪਰੰਤ ਸ਼ਰਧਾਲੂਆਂ ਨੇ ਪਵਿੱਤਰ ਗਦਾ ਦੀ ਪਰਿਕਰਮਾ ਕਰਕੇ ਭਗਵਾਨ ਹਨੂੰਮਾਨ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਧਾਰਮਿਕ ਮੌਕੇ ਵਿਸ਼ਵ ਹਿੰਦੂ ਪਰਿਸ਼ਦ ਅਮਲੋਹ ਵੱਲੋਂ ਵੀ ਪਵਿੱਤਰ ਗਦਾ ਦਾ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਰਾਕੇਸ਼ ਕੁਮਾਰ ਗਰਗ ਨੇ ਵਿਸ਼ੇਸ਼ ਉਪਰਾਲਾ ਕਰਦਿਆਂ ਇਸ ਧਾਰਮਿਕ ਆਯੋਜਨ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦੇ ਯਤਨਾਂ ਨਾਲ ਸ਼ਹਿਰ ਵਾਸੀਆਂ ਨੂੰ ਭਗਵਾਨ ਹਨੂੰਮਾਨ ਜੀ ਦੀ ਪਵਿੱਤਰ ਗਦਾ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਸ਼੍ਰੀ ਰਾਮ ਮੰਦਿਰ ਦੇ ਪ੍ਰਧਾਨ ਸ਼੍ਰੀ ਸੋਹਣ ਲਾਲ ਅਬਰੋਲ,, ਅਗਰਵਾਲ ਸਮਾਜ ਸਭਾ ਦੇ ਪ੍ਰਧਾਨ ਸ਼ਿਵ ਕੁਮਾਰ ਗੋਇਲ, ਯੋਗੇਸ਼ ਬਾਂਸਲ, ਅਜੇ ਕੁਮਾਰ ਜਿੰਦਲ , ਚਮਨ ਲਾਲ ਗੋਇਲ ਰਾਜੇਸ਼ ਪੁਰੀ , ਮਨੇਸ਼ ਗੋਇਲ ,ਅਨਿਲ ਕੁਮਾਰ ਗੋਇਲ ,ਸੈਲਰ ਐਸ਼ ਦੇ ਰਾਕੇਸ਼ ਕੁਮਾਰ ਗਰਗ, ਅਤੇ ਵਿਸ਼ਵ ਹਿੰਦੂ ਪਰਿਸ਼ਦ ਦੇ ਮੈਂਬਰਾਂ ਨੇ ਵੀ ਪੂਰੀ ਸ਼ਰਧਾ ਨਾਲ ਗਦਾ ਦੇ ਦਰਸ਼ਨ ਕੀਤੇ ਅਤੇ ਇਸ ਧਾਰਮਿਕ ਯਾਤਰਾ ਦਾ ਸਵਾਗਤ ਕੀਤਾ।

ਦੱਸਣਯੋਗ ਹੈ ਕਿ 3 ਨਵੰਬਰ 2023 ਤੋਂ ਸ਼ੁਰੂ ਹੋਈ ਇਹ ਧਾਰਮਿਕ ਯਾਤਰਾ ਦੇਸ਼ ਭਰ ਦੇ ਵੱਖ-ਵੱਖ ਮੰਦਰਾਂ ਤੱਕ ਪਹੁੰਚ ਰਹੀ ਹੈ। 21 ਫੁੱਟ ਲੰਬੀ ਅਤੇ ਅੱਠ ਧਾਤੂ ਨਾਲ ਬਣੀ ਇਹ ਪਵਿੱਤਰ ਗਦਾ ਸਨਾਤਨ ਧਰਮ ਦੀ ਆਸਥਾ, ਏਕਤਾ ਅਤੇ ਭਗਵਾਨ ਹਨੂੰਮਾਨ ਜੀ ਪ੍ਰਤੀ ਅਟੁੱਟ ਸ਼ਰਧਾ ਦਾ ਸੰਦੇਸ਼ ਦੇ ਰਹੀ ਹੈ।ਪਵਿੱਤਰ ਗਦਾ ਦੇ ਦਰਸ਼ਨ ਕਰਕੇ ਸ਼ਹਿਰ ਵਾਸੀਆਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ। ਇਸ ਮੌਕੇ ਪੂਰਾ ਮਾਹੌਲ ਜੈ ਸ਼੍ਰੀ ਰਾਮ ਅਤੇ ਜੈ ਹਨੂੰਮਾਨ ਦੇ ਜੈਕਾਰਿਆਂ ਨਾਲ ਭਗਤੀਮਈ ਹੋ ਗਿਆ।

ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫ਼ੀ 2026 ; ਭਾਰਤ ਨੇ ਦੱਖਣੀ ਕੋਰੀਆ ਨੂੰ 8-0 ਨਾਲ ਹਰਾ ਕੇ ਆਖ਼ਰੀ ਲੀਗ ਮੈਚ ਜਿੱਤਿਆ; ਰਾਊਂਡ ਰੌਬਿਨ ਪੂਲ ਵਿੱਚ ਸਿਖ਼ਰ 'ਤੇ ਰਹੀ ਭਾਰਤੀ ਟੀਮ

ਜਲੰਧਰ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਜਲੰਧਰ ਵਿਖੇ ਚੱਲ ਰਹੇ ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫ਼ੀ ਹਾਕੀ ਟੂਰਨਾਮੈਂਟ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਨੀਦਰਲੈਂਡਜ਼ ਦੇ ਮਹਾਨ ਡਰੈਗ-ਫਲਿੱਕਰ ਫ਼ਲੋਰਿਸ ਜਾਨ ਬੋਵਲੈਂਡਰ ਵੱਲੋਂ ਖਿਡਾਰੀਆਂ ਨਾਲ ਜਾਣ-ਪਛਾਣ ਤੋਂ ਬਾਅਦ ਸ਼ੁਰੂ ਹੋਏ ਆਖਰੀ ਲੀਗ ਮੈਚ ਵਿੱਚ ਭਾਰਤੀ ਹਾਕੀ ਟੀਮ ਨੇ ਦੱਖਣੀ ਕੋਰੀਆ ਨੂੰ 8-0 ਨਾਲ ਵੱਡੇ ਫਰਕ ਨਾਲ ਹਾਰ ਦੇ ਕੇ ਆਪਣੀ ਜੇਤੂ ਲੈਅ ਬਰਕਰਾਰ ਰੱਖੀ ਹੈ।

ਇਸ ਜਿੱਤ ਨਾਲ ਭਾਰਤੀ ਟੀਮ ਰਾਊਂਡ ਰੌਬਿਨ ਲੀਗ ਗੇੜ ਵਿੱਚ ਸਿਖ਼ਰਲੇ ਸਥਾਨ 'ਤੇ ਰਹੀ। ਇਸ ਆਖ਼ਰੀ ਲੀਗ ਮੁਕਾਬਲੇ ਦੀ ਸ਼ੁਰੂਆਤ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਫ਼ਲੋਰਿਸ ਜਾਨ ਬੋਵਲੈਂਡਰ ਨੇ ਭਾਰਤੀ ਅਤੇ ਦੱਖਣੀ ਕੋਰੀਆਈ ਟੀਮਾਂ ਦੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ।

ਲੀਗ ਗੇੜ ਵਿੱਚ ਭਾਰਤ 15 ਅੰਕਾਂ ਨਾਲ ਪਹਿਲੇ, ਜਾਪਾਨ 10 ਅੰਕਾਂ ਨਾਲ ਦੂਜੇ, ਮਲੇਸ਼ੀਆ 9 ਅੰਕਾਂ ਨਾਲ ਤੀਜੇ ਅਤੇ ਦੱਖਣੀ ਕੋਰੀਆ 6 ਅੰਕਾਂ ਨਾਲ ਚੌਥੇ ਸਥਾਨ 'ਤੇ ਰਿਹਾ। ਇਸ ਮੈਚ ਵਿੱਚ ਭਾਰਤ ਵੱਲੋਂ ਦਿਲਪ੍ਰੀਤ ਸਿੰਘ ਨੇ ਦੋ ਗੋਲ ਦਾਗੇ, ਜਦਕਿ ਕਪਤਾਨ ਹਰਮਨਪ੍ਰੀਤ ਸਿੰਘ, ਜੁਗਰਾਜ ਸਿੰਘ, ਸੁਖਜੀਤ ਸਿੰਘ, ਸ਼ਿਲਾਨੰਦ ਲਾਕੜਾ, ਸੰਜੇ ਅਤੇ ਅੰਗਦ



ਬੀਰ ਸਿੰਘ ਨੇ ਇੱਕ-ਇੱਕ ਗੋਲ ਕੀਤਾ।

ਇਸ ਤੋਂ ਪਹਿਲਾਂ ਖੇਡੇ ਗਏ ਮੈਚ ਵਿੱਚ ਬੰਗਲਾਦੇਸ਼ ਨੇ ਚੀਨ ਨੂੰ 1-1 ਦੀ ਬਰਾਬਰੀ 'ਤੇ ਰੋਕ ਲਿਆ। ਚੀਨ ਵੱਲੋਂ ਮੈਚ ਦੇ ਦੂਜੇ ਮਿੰਟ ਵਿੱਚ ਬੇਨਹਾਈ ਚੇਨ ਨੇ ਪੈਨਲਟੀ ਕਾਰਨਰ ਰਾਹੀਂ ਪਹਿਲਾ ਗੋਲ ਕਰਕੇ ਟੀਮ ਨੂੰ ਬੜ੍ਹਤ ਦਿਵਾਈ। ਬੰਗਲਾਦੇਸ਼ ਲਈ ਬਰਾਬਰੀ ਦਾ ਗੋਲ ਕਪਤਾਨ ਅਸ਼ਰਫ਼ੁਲ ਇਸਲਾਮ ਨੇ 38ਵੇਂ ਮਿੰਟ ਵਿੱਚ ਪੈਨਲਟੀ ਸਟਰੋਕ ਨੂੰ ਗੋਲ ਵਿੱਚ ਬਦਲਕੇ ਕੀਤਾ। ਜਾਪਾਨ ਅਤੇ ਮਲੇਸ਼ੀਆ ਵਿਚਾਲੇ ਖੇਡੇ ਗਏ ਇੱਕ ਹੋਰ ਫਸਵੇਂ ਮੁਕਾਬਲੇ ਵਿੱਚ ਜਾਪਾਨ ਨੇ 2-1 ਨਾਲ ਜਿੱਤ ਦਰਜ ਕੀਤੀ। ਮਲੇਸ਼ੀਆ ਵੱਲੋਂ 10ਵੇਂ ਮਿੰਟ ਵਿੱਚ ਅਬੂ ਕਮਲ ਅਜ਼ਰਾਈ ਨੇ ਗੋਲ ਕਰਕੇ ਆਪਣੀ ਟੀਮ ਨੂੰ ਸ਼ੁਰੂਆਤ 'ਚ ਬੜ੍ਹਤ ਦਿਵਾਈ, ਪਰ ਜਾਪਾਨੀ ਟੀਮ ਨੇ ਹਾਰ ਨਹੀਂ ਮੰਨੀ। ਜਾਪਾਨ ਦੇ ਕੇਨਤਾਰੋ ਫ਼ੁਕੂਦਾ ਨੇ ਕ੍ਰਮਵਾਰ 24ਵੇਂ ਅਤੇ 54ਵੇਂ ਮਿੰਟ ਵਿੱਚ ਦੋ ਗੋਲ ਕਰਕੇ ਟੀਮ ਨੂੰ ਜਿੱਤ ਦਿਵਾਈ।

ਹੁਣ ਸੈਮੀਫ਼ਾਈਨਲ ਗੇੜ ਵਿੱਚ ਭਾਰਤ ਦਾ ਮੁਕਾਬਲਾ ਦੱਖਣੀ ਕੋਰੀਆ ਨਾਲ ਅਤੇ ਜਾਪਾਨ ਦਾ ਮਲੇਸ਼ੀਆ ਨਾਲ ਹੋਵੇਗਾ। ਇਹ ਚਾਰੇ ਟੀਮਾਂ ਪਹਿਲਾਂ ਹੀ ਅੰਤਿਮ ਚਾਰ ਵਿੱਚ ਥਾਂ ਬਣਾ ਚੁੱਕੀਆਂ ਹਨ। ਸੈਮੀਫ਼ਾਈਨਲ ਮੁਕਾਬਲੇ 4 ਨਵੰਬਰ ਨੂੰ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਇੰਟਰਨੈਸ਼ਨਲ ਹਾਕੀ ਸਟੇਡੀਅਮ, ਮੋਹਾਲੀ ਵਿਖੇ ਖੇਡੇ ਜਾਣਗੇ, ਅਤੇ ਫ਼ਾਈਨਲ ਮੁਕਾਬਲਾ ਵੀ 5 ਨਵੰਬਰ ਨੂੰ ਮੋਹਾਲੀ ਵਿਖੇ ਹੀ ਹੋਵੇਗਾ।

ਪੰਜਾਬ ਲੋਕ ਭਵਨ ਵਿਖੇ ਅੱਠ ਸੂਬਿਆਂ ਅਤੇ ਸੱਤ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਸਥਾਪਨਾ ਦਿਵਸ ਸਮਾਰੋਹ ਦਾ ਆਯੋਜਨ

ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਏਕ ਭਾਰਤ ਸ੍ਰੇਸ਼ਠ ਭਾਰਤ ਮੁਹਿੰਮ ਤਹਿਤ ਅੱਜ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਅੱਠ ਸੂਬਿਆਂ—ਪੰਜਾਬ, ਹਰਿਆਣਾ, ਛੱਤੀਸਗੜ੍ਹ, ਮੱਧ ਪ੍ਰਦੇਸ਼, ਆਂਧਰਾ ਪ੍ਰਦੇਸ਼, ਕਰਨਾਟਕ, ਕੇਰਲ ਅਤੇ ਤਾਮਿਲਨਾਡੂ ਅਤੇ ਸੱਤ ਕੇਂਦਰ ਸ਼ਾਸਿਤ ਪ੍ਰਦੇਸ਼ਾਂ—ਜੰਮੂ-ਕਸ਼ਮੀਰ, ਲੱਦਾਖ, ਅੰਡੇਮਾਨ ਅਤੇ ਨਿਕੋਬਾਰ ਟਾਪੂ ਸਮੂਹ, ਚੰਡੀਗੜ੍ਹ, ਦਿੱਲੀ, ਲਕਸ਼ਦੀਪ ਅਤੇ ਪੁਡੂਚੇਰੀ ਦੇ ਸਥਾਪਨਾ ਦਿਵਸ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕੀਤੀ। ਇਸ ਮੌਕੇ ਉਨ੍ਹਾਂ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲੋਕਾਂ ਨੂੰ ਸਥਾਪਨਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਆਪਸੀ ਸਤਿਕਾਰ, ਸੱਭਿਆਚਾਰਕ ਆਦਾਨ-ਪ੍ਰਦਾਨ ਅਤੇ ਆਪਸੀ ਸਹਿਯੋਗ ਰਾਹੀਂ ਰਾਸ਼ਟਰੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਰਾਜਪਾਲ ਦੇ ਨਾਲ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ, ਭਾਰਤ ਦੇ ਵਧੀਕ ਸਾਲਿਸਟਰ ਜਨਰਲ ਸ੍ਰੀ ਸਤਿਆ ਪਾਲ ਜੈਨ, ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ, ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਸ੍ਰੀ ਹਿਰਿਆਂਡਕਾ ਰਾਜੇਸ਼ ਪ੍ਰਸਾਦ, ਪੰਜਾਬ ਦੇ ਰਾਜਪਾਲ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਵੇਕ ਪ੍ਰਤਾਪ ਸਿੰਘ, ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ ਸ੍ਰੀ ਗੌਰਵ ਯਾਦਵ, ਚੰਡੀਗੜ੍ਹ ਦੀ ਸਿੱਖਿਆ ਸਕੱਤਰ ਸ੍ਰੀਮਤੀ ਪ੍ਰੇਰਨਾ ਪੁਰੀ, ਸੈਰ-ਸਪਾਟਾ ਸਕੱਤਰ ਡਾ. ਸੱਯਦ ਆਬਿਦ ਰਸ਼ੀਦ ਸ਼ਾਹ ਅਤੇ ਪੰਜਾਬ ਤੇ ਚੰਡੀਗੜ੍ਹ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

ਰਾਜਪਾਲ ਨੇ ਕਿਹਾ ਕਿ ਭਾਰਤ ਦੇ ਹਰ ਖੇਤਰ ਦੀ ਆਪਣੀ ਵਿਲੱਖਣ ਸੰਸਕ੍ਰਿਤੀ, ਭਾਸ਼ਾ, ਪਰੰਪਰਾਵਾਂ ਅਤੇ ਅਧਿਆਤਮਿਕ ਵਿਰਾਸਤ ਹੈ, ਪਰ ਇਸ ਦੇ ਬਾਵਜੂਦ ਸਾਂਝੀਆਂ ਕਦਰਾਂ-ਕੀਮਤਾਂ, ਵਿਸ਼ਵਾਸਾਂ ਅਤੇ ਆਪਸੀ ਸਾਂਝ ਦੀ ਭਾਵਨਾ ਸਾਰੇ ਦੇਸ਼ ਨੂੰ ਇੱਕ ਸੂਤਰ ਵਿੱਚ ਬੰਨ੍ਹਦੀ ਹੈ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਰਾਮ, ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਹਾਰਾਣਾ ਪ੍ਰਤਾਪ ਅਤੇ ਛਤਰਪਤੀ ਸ਼ਿਵਾਜੀ ਮਹਾਰਾਜ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੇ ਨਾਲ-ਨਾਲ ਦੇਸ਼ ਦੇ ਵੱਖ-ਵੱਖ ਖੇਤਰਾਂ ਦੇ ਆਜ਼ਾਦੀ ਘੁਲਾਟੀਆਂ ਅਤੇ ਹੋਰ ਮਹਾਨ ਵਿਅਕਤੀਆਂ ਦੇ ਆਦਰਸ਼, ਸਾਹਸ ਅਤੇ ਯੋਗਦਾਨ ਅੱਜ ਵੀ ਸਮੁੱਚੇ ਦੇਸ਼ ਦੇ ਲੋਕਾਂ ਨੂੰ ਪ੍ਰੇਰਿਤ ਕਰਦੇ ਹਨ।

ਸਰਦਾਰ ਵੱਲਭ ਭਾਈ ਪਟੇਲ ਦੇ ਰਾਸ਼ਟਰੀ ਏਕੀਕਰਨ ਵਿੱਚ ਯੋਗਦਾਨ ਨੂੰ ਯਾਦ ਕਰਦਿਆਂ ਸ੍ਰੀ ਕਟਾਰੀਆ ਨੇ ਕਿਹਾ ਕਿ ਭਾਸ਼ਾਵਾਂ, ਖਾਣ-ਪੀਣ, ਰਹਿਣ-ਸਹਿਣ ਅਤੇ ਪਰੰਪਰਾਵਾਂ ਵਿੱਚ ਵੱਖਰੇਵੇਂ ਹੋਣ ਦੇ ਬਾਵਜੂਦ ਸਾਡਾ ਸੰਵਿਧਾਨ, ਰਾਸ਼ਟਰੀ ਝੰਡਾ ਅਤੇ ਸਾਂਝੀ ਰਾਸ਼ਟਰੀ ਪਛਾਣ ਸਾਰੇ ਭਾਰਤੀਆਂ ਨੂੰ ਇੱਕਜੁੱਟ ਰੱਖਦੀ ਹੈ। ਉਨ੍ਹਾਂ ਕਿਹਾ ਕਿ ਏਕ ਭਾਰਤ ਸ੍ਰੇਸ਼ਠ ਭਾਰਤ ਮੁਹਿੰਮ ਦਾ ਉਦੇਸ਼ ਦੇਸ਼ ਵਾਸੀਆਂ ਨੂੰ ਇੱਕ-ਦੂਜੇ ਦੇ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਸਮਝਣ ਅਤੇ ਉਨ੍ਹਾਂ ਦਾ ਸਤਿਕਾਰ ਕਰਨ, ਆਪਣੇ ਤਜਰਬੇ ਸਾਂਝੇ ਕਰਨ ਅਤੇ ਰਾਸ਼ਟਰੀ ਏਕਤਾ ਦੇ ਬੰਧਨ ਨੂੰ ਹੋਰ ਮਜ਼ਬੂਤ ਕਰਨ ਲਈ ਉਤਸ਼ਾਹਿਤ ਕਰਨਾ ਹੈ।

ਰਾਜਪਾਲ ਨੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਸਮੇਤ ਸਾਰੇ ਨਾਗਰਿਕਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਰੀਆਂ ਭਾਸ਼ਾਵਾਂ ਅਤੇ ਸੱਭਿਆਚਾਰਾਂ ਦਾ ਸਤਿਕਾਰ ਕਰਨਾ, ਸਿੱਖਿਆ ਅਤੇ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨਾ, ਮਹਿਲਾ ਸਸ਼ਕਤੀਕਰਨ, ਖੇਡਾਂ ਨੂੰ ਪ੍ਰੋਤਸਾਹਨ ਦੇਣਾ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਮੂਹਿਕ ਯਤਨ ਕਰਨਾ ਸਮੇਂ ਦੀ ਮੁੱਖ ਲੋੜ ਹੈ।

ਵਿਕਸਿਤ ਭਾਰਤ 2047 ਦੇ ਸੰਕਲਪ ਦਾ ਜ਼ਿਕਰ ਕਰਦਿਆਂ ਸ੍ਰੀ ਕਟਾਰੀਆ ਨੇ ਕਿਹਾ ਕਿ ਦੇਸ਼ ਦੇ ਵਿਕਾਸ ਵਿੱਚ ਹਰ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਇੱਕ ਮਜ਼ਬੂਤ, ਖੁਸ਼ਹਾਲ ਅਤੇ ਵਿਕਸਿਤ ਭਾਰਤ ਦੀ ਸਿਰਜਣਾ ਲਈ ਏਕਤਾ, ਭਾਈਚਾਰਾ, ਸਦਭਾਵਨਾ ਅਤੇ ਆਪਸੀ ਸਤਿਕਾਰ ਬੇਹੱਦ ਜ਼ਰੂਰੀ ਹਨ। ਉਨ੍ਹਾਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲੋਕਾਂ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ।

ਇਸ ਤੋਂ ਪਹਿਲਾਂ, ਚੰਡੀਗੜ੍ਹ ਪ੍ਰਸ਼ਾਸਨ ਦੇ ਸੈਰ-ਸਪਾਟਾ ਸਕੱਤਰ ਡਾ. ਸੱਯਦ ਆਬਿਦ ਰਸ਼ੀਦ ਸ਼ਾਹ ਨੇ ਪੰਜਾਬ ਅਤੇ ਹਰਿਆਣਾ ਨਾਲ ਜੰਮੂ-ਕਸ਼ਮੀਰ ਦੇ ਲੰਮੇ ਸਮੇਂ ਤੋਂ ਚਲੇ ਆ ਰਹੇ ਇਤਿਹਾਸਕ ਅਤੇ ਸੱਭਿਆਚਾਰਕ ਸਬੰਧਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਰਾਂ ਦੀ ਅਮੀਰ ਵਿਰਾਸਤ ਸਦਭਾਵਨਾ, ਆਪਸੀ ਸਤਿਕਾਰ ਅਤੇ ਸਿੱਖ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਆਧਾਰਿਤ ਹੈ। ਉਨ੍ਹਾਂ ਵਿਕਸਿਤ ਭਾਰਤ ਦੀ ਸਿਰਜਣਾ ਲਈ ਸਾਂਝੀ ਵਚਨਬੱਧਤਾ ਨਾਲ ਸਾਰੇ ਖੇਤਰਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਕੰਨੜ ਸੰਘ ਦੇ ਪ੍ਰਧਾਨ ਡਾ. ਗੰਗਾਧਰ ਹੁਗਾਰ ਅਤੇ ਸ੍ਰੀ ਹਰੀਪ੍ਰਸਾਦ ਨੇ ਕ੍ਰਮਵਾਰ ਕਰਨਾਟਕ ਅਤੇ ਕੇਰਲ ਦੇ ਸੱਭਿਆਚਾਰ ਅਤੇ ਪਰੰਪਰਾਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਤਾਮਿਲ ਸੰਗਮ ਦੇ ਜਨਰਲ ਸਕੱਤਰ ਸ੍ਰੀ ਐੱਸ.ਪੀ. ਰਾਜਸ਼ੇਕਰਨ ਨੇ ਵੀ ਤਾਮਿਲਨਾਡੂ ਦੀ ਅਮੀਰ ਸੱਭਿਆਚਾਰਕ ਵਿਰਾਸਤ ਬਾਰੇ ਜਾਣਕਾਰੀ ਦਿੱਤੀ।

ਸਮਾਰੋਹ ਦੌਰਾਨ ਦੇਸ਼ ਦੇ ਵੱਖ-ਵੱਖ ਖੇਤਰਾਂ ਦੀ ਅਮੀਰ ਸੱਭਿਆਚਾਰਕ ਵਿਭਿੰਨਤਾ ਨੂੰ ਦਰਸਾਉਂਦੀਆਂ ਰੰਗਾਰੰਗ ਪੇਸ਼ਕਾਰੀਆਂ ਵੀ ਪੇਸ਼ ਕੀਤੀਆਂ ਗਈਆਂ। ਪੰਜਾਬ ਅਤੇ ਹਰਿਆਣਾ ਦੇ ਕਲਾਕਾਰਾਂ ਨੇ ਆਪਣੇ ਰਵਾਇਤੀ ਲੋਕ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਤਾਮਿਲ ਸੰਗਮ ਵੱਲੋਂ ਭਗਵਾਨ ਨਟਰਾਜ ਦੀ ਸ਼ੋਭਾ ਯਾਤਰਾ ਨੂੰ ਦਰਸਾਉਂਦੀ ਭਰਤਨਾਟਿਅਮ ਦੀ ਮਨਮੋਹਕ ਪੇਸ਼ਕਾਰੀ ਦਿੱਤੀ ਗਈ।



ਹਰਿਆਣਾ ਖ਼ਬਰਨਾਮਾ



ਪੰਜਾਬ ਦੇ ਰਾਜਪਾਲ ਨੇ ਸੀਮਾਵਾਂ ਤੇ ਤੈਨਾਤ ਜਵਾਨਾਂ ਲਈ ਦੀਵਾਲੀ ਦੀਆਂ ਛੇ ਟਨ ਮਠਿਆਈਆਂ ਨਾਲ ਭਰੇ ਸੈਨਾ ਦੇ ਦੋ ਟਰੱਕਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ



ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਦੇਸ਼ ਦੀਆਂ ਸੀਮਾਵਾਂ 'ਤੇ ਤੈਨਾਤ ਜਵਾਨਾਂ ਲਈ ਦੀਵਾਲੀ ਦੀਆਂ ਛੇ ਟਨ ਮਠਿਆਈਆਂ ਲੈ ਕੇ ਜਾਣ ਵਾਲੇ ਦੋ ਫੌਜੀ ਟਰੱਕਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਰੋਟਰੀ ਦੀ ਇਸ ਵਾਰਸ਼ਿਕ ਪਹਿਲ ਦੇ ਤਹਿਤ ਛੇ ਟਨ ਮਠਿਆਈ ਭੇਜੀ ਜਾ ਰਹੀ ਹੈ। ਭਾਰਤੀ ਵਾਯੂ ਸੈਨਾ ਇਸ ਮਠਿਆਈ ਨੂੰ ਚੰਡੀਗੜ੍ਹ ਤੋਂ ਦੇਸ਼ ਭਰ ਦੇ ਅਲੱਗ-ਅਲੱਗ ਸੀਮਾਵਰਤੀ ਖੇਤਰਾਂ ਵਿੱਚ ਤੈਨਾਤ ਜਵਾਨਾਂ ਤੱਕ ਪਹੁੰਚਾਵੇਗੀ।

ਇਸ ਪਹਿਲ ਦੀ ਸ਼ਲਾਘਾ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਰੋਟਰੀ ਕਲੱਬ ਦੇ ਮੈਂਬਰ ਉਨ੍ਹਾਂ ਜਵਾਨਾਂ ਨੂੰ ਤਿਉਹਾਰਾਂ 'ਤੇ ਯਾਦ ਰੱਖਦੇ ਹਨ, ਜੋ ਦੇਸ਼ ਦੀਆਂ ਸੀਮਾਵਾਂ ਦੀ ਰੱਖਿਆ ਕਰਦੇ ਹੋਏ ਆਪਣੇ ਪਰਿਵਾਰਾਂ ਤੋਂ ਦੂਰ ਰਹਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰਯਾਸ ਜਵਾਨਾਂ ਪ੍ਰਤੀ ਦੇਸ਼ਵਾਸੀਆਂ ਦਾ ਪਿਆਰ, ਸਨਮਾਨ ਅਤੇ ਆਭਾਰ ਦਿਖਾਉਂਦੇ ਹਨ। ਇਸ ਨਾਲ ਦੇਸ਼ ਦੀ ਸੇਵਾ ਵਿੱਚ ਤੈਨਾਤ ਜਵਾਨਾਂ ਨੂੰ ਵੀ ਤਿਉਹਾਰਾਂ ਦੀਆਂ ਖੁਸ਼ੀਆਂ ਮਿਲਦੀਆਂ ਹਨ। 'ਆਪ ਹੈਂ ਤੋ ਹਮ ਹੈਂ' ਦੇ ਸੰਦੇਸ਼ ਨਾਲ ਰੋਟਰੀ ਸੰਨ 2016 ਤੋਂ ਇਹ ਇਹ ਕੰਮ ਕਰ ਰਿਹਾ ਹੈ। ਇਸ ਪਹਿਲ ਦੀ ਸ਼ੁਰੂਆਤ ਰੋਟਰੀ ਇੰਟਰਨੈਸ਼ਨਲ ਦੇ ਸਾਬਕਾ ਪ੍ਰਧਾਨ ਰਾਜੇਂਦਰ ਕੇ. ਸਾਬੂ ਦੀ ਪਤਨੀ ਸ਼੍ਰੀਮਤੀ ਊਸ਼ਾ ਸਾਬੂ ਨੇ ਕੀਤੀ ਸੀ। ਹੁਣ ਰੋਟਰੀ ਕਲੱਬ ਆਵ? ਚੰਡੀਗੜ੍ਹ ਅਤੇ ਰੋਟਰੀ ਇੰਟਰਨੈਸ਼ਨਲ ਜ਼ਿਲ੍ਹਾ 3080 ਦੇ ਮੈਂਬਰ ਵੀ ਇਸ ਵਿੱਚ ਵਧ-ਚੜ੍ਹ ਕੇ ਹਿੱਸਾ ਲੈਂਦੇ ਹਨ। ਇਹ ਜਾਣਕਾਰੀ ਕਲੱਬ ਦੇ ਪ੍ਰਧਾਨ ਸ਼੍ਰੀਮਤੀ ਟੀਨਾ ਵਿਰਕ ਨੇ ਦਿੱਤੀ। ਰੋਟਰੀ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਸ਼੍ਰੀ ਮਧੂਕਰ ਮਲਹੋਤਰਾ ਨੇ ਚੰਡੀਗੜ੍ਹ ਵਿੱਚ ਤੈਨਾਤ ਭਾਰਤੀ ਵਾਯੂ ਸੈਨਾ ਦੀ ਟੀਮ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਵਾਯੂ ਸੈਨਾ ਇਸ ਮਠਿਆਈ ਨੂੰ ਦੇਸ਼ ਦੇ ਅਲੱਗ-ਅਲੱਗ ਸਥਾਨਾਂ ਤੱਕ ਸਮੇਂ 'ਤੇ ਪਹੁੰਚਾਉਣ ਵਿੱਚ ਮਦਦ ਕਰਦੀ ਹੈ।

ਅਮਿਤ ਸ਼ਾਹ ਦੀ ਕਰਨਾਲ ਪਦਯਾਤਰਾ ਨੂੰ ਇਤਿਹਾਸਕ ਬਣਾਉਣ ਦੀਆਂ ਤਿਆਰੀਆਂ ਤੇਜ਼, ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਸੰਭਾਲਿਆ ਮੋਰਚਾ

ਕਰਨਾਲ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੇ 5 ਨਵੰਬਰ ਨੂੰ ਕਰਨਾਲ ਆਗਮਨ ਅਤੇ 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਮੁਹਿੰਮ ਦੇ ਸਮਾਪਤੀ ਮੌਕੇ ਕਰਵਾਈ ਜਾਣ ਵਾਲੀ ਪਦਯਾਤਰਾ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਭਾਰਤੀ ਜਨਤਾ ਪਾਰਟੀ ਦੀ ਹਰਿਆਣਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਸੋਮਵਾਰ ਨੂੰ ਕਰਨਾਲ ਪਹੁੰਚੇ। ਉਨ੍ਹਾਂ ਨੇ ਸੂਬੇ ਭਰ ਦੇ ਪ੍ਰਮੁੱਖ ਅਹੁਦੇਦਾਰਾਂ ਨੂੰ ਕਰਨਾਲ ਬੁਲਾ ਕੇ ਜਥੇਬੰਦਕ ਪੱਧਰ 'ਤੇ ਤਿਆਰੀਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਸੈਕਟਰ-12 ਸਥਿਤ ਸਮਾਗਮ ਵਾਲੀ ਥਾਂ ਦਾ ਨਿਰੀਖਣ ਕੀਤਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਵੱਖ-ਵੱਖ ਪ੍ਰਬੰਧਾਂ ਬਾਰੇ ਚਰਚਾ ਕਰਕੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਦੀ ਪ੍ਰਧਾਨਗੀ ਹੇਠ ਪਾਰਟੀ ਦਫ਼ਤਰ ਕਰਨ ਕਮਲ ਵਿਖੇ ਹੋਈ ਸੂਬਾ ਪੱਧਰੀ ਸਮੀਖਿਆ ਮੀਟਿੰਗ ਵਿੱਚ



ਸੂਬਾ ਜਨਰਲ ਸਕੱਤਰ ਸ਼੍ਰੀ ਗੋਪਾਲ ਸ਼ਰਮਾ, ਸ਼੍ਰੀ ਸਤਿਆਪ੍ਰਕਾਸ਼ ਜਰਾਵਤਾ, ਸੂਬਾ ਮੀਤ ਪ੍ਰਧਾਨ ਸ਼੍ਰੀ ਅਸ਼ੋਕ ਗੁਰਜਰ, ਸੂਬਾ ਮੀਤ ਪ੍ਰਧਾਨ ਸ਼੍ਰੀ ਜਵਾਹਰ ਸੈਣੀ, ਸ਼੍ਰੀ ਲਕਸ਼ਮਣ ਯਾਦਵ, ਸ਼੍ਰੀਮਤੀ ਰੇਣੂ ਬਾਲਾ ਗੁਪਤਾ ਅਤੇ ਕਰਨਾਲ ਦੇ ਵਿਧਾਇਕ ਸ਼੍ਰੀ ਜਗਮੋਹਨ ਆਨੰਦ ਸਮੇਤ ਪਾਰਟੀ ਦੇ ਕਈ ਸੀਨੀਅਰ ਅਹੁਦੇਦਾਰ ਮੌਜੂਦ ਰਹੇ।

ਮੀਟਿੰਗ ਦੌਰਾਨ 5 ਨਵੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਹੋਣ ਵਾਲੀ ਪਦਯਾਤਰਾ ਦੀ ਰੂਪ-ਰੇਖਾ, ਜਥੇਬੰਦਕ ਜ਼ਿੰਮੇਵਾਰੀਆਂ ਅਤੇ ਸਮਾਗਮ ਨਾਲ ਸਬੰਧਤ ਵੱਖ-ਵੱਖ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਕਰਨਾਲ ਦੇ ਵਿਧਾਇਕ ਸ਼੍ਰੀ ਜਗਮੋਹਨ ਆਨੰਦ ਇਸ ਪਦਯਾਤਰਾ ਦੇ ਕਨਵੀਨਰ ਹੋਣਗੇ।

ਡਾ. ਅਰਚਨਾ ਗੁਪਤਾ ਨੇ ਮੀਟਿੰਗ ਦੌਰਾਨ ਕਿਹਾ ਕਿ 5 ਨਵੰਬਰ ਦਾ ਸਮਾਗਮ ਸਿਰਫ਼ ਇੱਕ ਪਦਯਾਤਰਾ ਨਹੀਂ, ਸਗੋਂ ਸੂਬੇ ਭਰ ਵਿੱਚ ਚਲਾਈ ਗਈ 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਮੁਹਿੰਮ ਦਾ ਮਹੱਤਵਪੂਰਨ ਸਮਾਪਤੀ ਸਮਾਗਮ ਹੋਵੇਗਾ।

ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੇ ਆਗਮਨ ਨੂੰ ਲੈ ਕੇ ਪਾਰਟੀ ਸੰਗਠਨ ਦੇ ਹਰ ਪੱਧਰ 'ਤੇ ਵਿਆਪਕ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਸਮਾਗਮ ਨੂੰ ਸੁਚਾਰੂ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੂਬਾ, ਜ਼ਿਲ੍ਹਾ, ਮੰਡਲ ਅਤੇ ਬੂਥ ਪੱਧਰ ਤੱਕ ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਵਿਚਕਾਰ ਪ੍ਰਭਾਵਸ਼ਾਲੀ ਤਾਲਮੇਲ ਯਕੀਨੀ ਬਣਾਇਆ ਜਾਵੇ।

ਸੂਬਾ ਪ੍ਰਧਾਨ ਨੇ ਪਾਰਟੀ ਅਹੁਦੇਦਾਰਾਂ ਨਾਲ ਸਮਾਗਮ ਦੀਆਂ ਤਿਆਰੀਆਂ ਨਾਲ ਜੁੜੇ ਹਰ ਮਹੱਤਵਪੂਰਨ ਪਹਿਲੂ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਪਦਯਾਤਰਾ ਦੇ ਨਿਰਧਾਰਤ ਰੂਟ, ਪਾਰਟੀ ਵਰਕਰਾਂ ਦੀ ਸ਼ਮੂਲੀਅਤ, ਸਵਾਗਤੀ ਪ੍ਰਬੰਧਾਂ, ਸਮਾਗਮ ਵਾਲੀ ਥਾਂ ਦੀਆਂ ਤਿਆਰੀਆਂ, ਵੱਖ-ਵੱਖ ਪ੍ਰਬੰਧਾਂ ਲਈ ਜ਼ਿੰਮੇਵਾਰ ਅਹੁਦੇਦਾਰਾਂ ਅਤੇ ਜਥੇਬੰਦਕ ਤਾਲਮੇਲ ਬਾਰੇ ਵਿਸਥਾਰ ਨਾਲ ਚਰਚਾ ਹੋਈ।

ਡਾ. ਗੁਪਤਾ ਨੇ ਸਾਰੇ ਅਹੁਦੇਦਾਰਾਂ ਨੂੰ ਆਪਣੀਆਂ-ਆਪਣੀਆਂ ਜ਼ਿੰਮੇਵਾਰੀਆਂ ਪੂਰੀ ਗੰਭੀਰਤਾ ਨਾਲ ਨਿਭਾਉਣ ਅਤੇ ਨਿਰਧਾਰਤ ਸਮੇਂ ਅੰਦਰ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

ਜਥੇਬੰਦਕ ਮੀਟਿੰਗ ਤੋਂ ਬਾਅਦ ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਅਹੁਦੇਦਾਰਾਂ ਨਾਲ ਸੈਕਟਰ-12 ਸਥਿਤ ਸਮਾਗਮ ਵਾਲੀ ਥਾਂ 'ਤੇ ਪਹੁੰਚੇ। ਇੱਥੇ ਉਨ੍ਹਾਂ ਨੇ ਸਟੇਜ ਅਤੇ ਸਮਾਗਮ ਵਾਲੀ ਥਾਂ ਦੇ ਪ੍ਰਬੰਧਾਂ ਦਾ ਨਿਰੀਖਣ ਕੀਤਾ।

ਇਸ ਦੌਰਾਨ ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਕੇਂਦਰੀ ਗ੍ਰਹਿ ਮੰਤਰੀ ਦੇ ਆਗਮਨ, ਸੁਰੱਖਿਆ ਪ੍ਰਬੰਧਾਂ, ਆਵਾਜਾਈ ਦੇ ਸੰਚਾਲਨ, ਪਾਰਕਿੰਗ, ਪਦਯਾਤਰਾ ਦੇ ਰੂਟ ਅਤੇ ਸਮਾਗਮ ਵਿੱਚ ਆਉਣ ਵਾਲੇ ਲੋਕਾਂ ਦੀਆਂ ਸਹੂਲਤਾਂ ਸਮੇਤ ਵੱਖ-ਵੱਖ ਵਿਸ਼ਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਨੇ ਸੈਕਟਰ-12 ਤੋਂ ਮਹਾਤਮਾ ਗਾਂਧੀ ਚੌਕ ਤੱਕ ਪ੍ਰਸਤਾਵਿਤ ਪਦਯਾਤਰਾ ਦੇ ਰੂਟ 'ਤੇ ਕੀਤੇ ਜਾ ਰਹੇ ਪ੍ਰਬੰਧਾਂ ਦੀ ਵੀ ਸਮੀਖਿਆ ਕੀਤੀ।

ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਦੇ ਆਗਮਨ ਨੂੰ ਧਿਆਨ ਵਿੱਚ ਰੱਖਦਿਆਂ ਸੁਰੱਖਿਆ ਅਤੇ ਆਵਾਜਾਈ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ, ਤਾਂ ਜੋ ਆਮ ਲੋਕਾਂ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਵੇ ਅਤੇ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਲਈ ਵੀ ਢੁਕਵੇਂ ਪ੍ਰਬੰਧ ਯਕੀਨੀ ਬਣਾਏ ਜਾ ਸਕਣ।ਸੂਬਾ ਪ੍ਰਧਾਨ ਨੇ ਪਾਰਟੀ ਸੰਗਠਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਕਾਰ ਬਿਹਤਰ ਤਾਲਮੇਲ ਬਣਾਈ ਰੱਖਣ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਮਾਗਮ ਨਾਲ ਸਬੰਧਤ ਸਾਰੀਆਂ ਤਿਆਰੀਆਂ ਦੀ ਲਗਾਤਾਰ ਸਮੀਖਿਆ ਕੀਤੀ ਜਾਵੇ ਅਤੇ ਕਿਸੇ ਵੀ ਪੱਧਰ 'ਤੇ ਕੋਈ ਕਮੀ ਨਾ ਰਹਿਣ ਦਿੱਤੀ ਜਾਵੇ।ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ 22 ਅਕਤੂਬਰ ਤੋਂ ਸੂਬੇ ਭਰ ਵਿੱਚ ਚਲਾਈ ਜਾ ਰਹੀ 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਮੁਹਿੰਮ 5 ਨਵੰਬਰ ਨੂੰ ਕਰਨਾਲ ਵਿੱਚ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਮੌਜੂਦਗੀ ਵਿੱਚ ਸਮਾਪਤ ਹੋਵੇਗੀ।

ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਸੂਬੇ ਦੇ ਵੱਖ-ਵੱਖ ਖੇਤਰਾਂ ਵਿੱਚ ਪਦਯਾਤਰਾਵਾਂ, ਜਨ-ਸੰਵਾਦ ਪ੍ਰੋਗਰਾਮਾਂ, ਪ੍ਰੈੱਸ ਕਾਨਫਰੰਸਾਂ ਅਤੇ ਹੋਰ ਜਥੇਬੰਦਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਭਾਜਪਾ ਇਸ ਮੁਹਿੰਮ ਰਾਹੀਂ ਲੋਕਤੰਤਰੀ ਸੰਸਥਾਵਾਂ ਪ੍ਰਤੀ ਸਤਿਕਾਰ, ਸੰਵਿਧਾਨਕ ਕਦਰਾਂ-ਕੀਮਤਾਂ ਦੀ ਰੱਖਿਆ ਅਤੇ ਲੋਕਤੰਤਰੀ ਪ੍ਰਕਿਰਿਆਵਾਂ ਵਿੱਚ ਜਨਤਾ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦੇ ਰਹੀ ਹੈ।ਡਾ. ਅਰਚਨਾ ਗੁਪਤਾ ਨੇ ਵਿਸ਼ਵਾਸ ਪ੍ਰਗਟਾਇਆ ਕਿ 5 ਨਵੰਬਰ ਨੂੰ ਸਵੇਰੇ 10 ਵਜੇ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਕਰਨਾਲ ਦੇ ਸੈਕਟਰ-12 ਤੋਂ ਮਹਾਤਮਾ ਗਾਂਧੀ ਚੌਕ ਤੱਕ ਕੱਢੀ ਜਾਣ ਵਾਲੀ ਪਦਯਾਤਰਾ ਇਤਿਹਾਸਕ ਹੋਵੇਗੀ।ਉਨ੍ਹਾਂ ਕਿਹਾ ਕਿ ਇਹ ਸਮਾਗਮ 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਮੁਹਿੰਮ ਦੇ ਸਮਾਪਨ ਦਾ ਇੱਕ ਮਹੱਤਵਪੂਰਨ ਮੌਕਾ ਹੋਵੇਗਾ ਅਤੇ ਲੋਕਤੰਤਰ ਦੀ ਰੱਖਿਆ ਅਤੇ ਅਰਾਜਕਤਾ ਦੇ ਵਿਰੁੱਧ ਜਨ-ਸੰਕਲਪ ਦਾ ਮਜ਼ਬੂਤ ਸੰਦੇਸ਼ ਦੇਵੇਗਾ।ਇਸ ਮੌਕੇ ਸੂਬਾ ਜਨਰਲ ਸਕੱਤਰ ਸ਼੍ਰੀ ਗੋਪਾਲ ਸ਼ਰਮਾ, ਸ਼੍ਰੀ ਸਤਿਆਪ੍ਰਕਾਸ਼ ਜਰਾਵਤਾ, ਸੂਬਾ ਮੀਤ ਪ੍ਰਧਾਨ ਸ਼੍ਰੀ ਅਸ਼ੋਕ ਗੁਰਜਰ, ਸੂਬਾ ਮੀਤ ਪ੍ਰਧਾਨ ਸ਼੍ਰੀ ਜਵਾਹਰ ਸੈਣੀ, ਸ਼੍ਰੀ ਲਕਸ਼ਮਣ ਯਾਦਵ, ਸ਼੍ਰੀਮਤੀ ਰੇਣੂ ਬਾਲਾ ਗੁਪਤਾ, ਪਦਯਾਤਰਾ ਦੇ ਕਨਵੀਨਰ ਅਤੇ ਕਰਨਾਲ ਦੇ ਵਿਧਾਇਕ ਸ਼੍ਰੀ ਜਗਮੋਹਨ ਆਨੰਦ, ਭਾਜਪਾ ਜ਼ਿਲ੍ਹਾ ਪ੍ਰਧਾਨ ਸ਼੍ਰੀ ਪ੍ਰਵੀਨ ਲਾਠਰ ਅਤੇ ਜ਼ਿਲ੍ਹਾ ਇੰਚਾਰਜ ਸ਼੍ਰੀ ਜਵਾਹਰ ਯਾਦਵ ਸਮੇਤ ਪਾਰਟੀ ਦੇ ਕਈ ਸੂਬਾ ਅਤੇ ਜ਼ਿਲ੍ਹਾ ਪੱਧਰੀ ਅਹੁਦੇਦਾਰ ਅਤੇ ਸੀਨੀਅਰ ਆਗੂ ਮੌਜੂਦ ਰਹੇ।

ਹਰਿਆਣਾ ਨੇ 60 ਸਾਲਾਂ ਵਿੱਚ ਤਰੱਕੀ ਦਾ ਲੰਮਾ ਸਫ਼ਰ ਤੈਅ ਕੀਤਾ, ਹੁਣ ਦੇਸ਼ ਦਾ ਪਹਿਲਾ ਵਿਕਸਤ ਸੂਬਾ ਬਣਾਉਣ ਦਾ ਸੰਕਲਪ : ਨਾਇਬ ਸਿੰਘ ਸੈਣੀ

ਚੰਡੀਗੜ੍ਹ, 3 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਨੇ ਆਪਣੇ ਗਠਨ ਦੇ 60 ਸਾਲਾਂ ਵਿੱਚ ਤਰੱਕੀ ਦਾ ਲੰਮਾ ਸਫ਼ਰ ਤੈਅ ਕੀਤਾ ਹੈ। ਮੌਜੂਦਾ ਸੂਬਾ ਸਰਕਾਰ ਨੇ ਹਰਿਆਣਾ ਨੂੰ ਦੇਸ਼ ਦਾ ਪਹਿਲਾ ਵਿਕਸਤ ਸੂਬਾ ਬਣਾਉਣ ਦਾ ਸੰਕਲਪ ਲਿਆ ਹੈ। ਇਸੇ ਉਦੇਸ਼ ਨਾਲ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ-2047 ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਹਰਿਆਣਾ ਮੋਹਰੀ ਭੂਮਿਕਾ ਨਿਭਾਏਗਾ।



ਮੁੱਖ ਮੰਤਰੀ ਐਤਵਾਰ ਨੂੰ ਕੁਰੂਕਸ਼ੇਤਰ ਯੂਨੀਵਰਸਿਟੀ, ਕੁਰੂਕਸ਼ੇਤਰ ਵਿਖੇ ਹਰਿਆਣਾ ਦਿਵਸ ਦੇ ਮੌਕੇ 'ਤੇ ਕਰਵਾਏ ਗਏ ਹੀਰਕ ਜੈਅੰਤੀ ਸਮਾਰੋਹ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਭਾਰਤ ਦੀ ਰਾਸ਼ਟਰਪਤੀ ਸ੍ਰੀਮਤੀ ਦ੍ਰੌਪਦੀ ਮੁਰਮੂ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਸਮਾਰੋਹ ਵਿੱਚ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਦੀ ਵੀ ਗਰਿਮਾਮਈ ਮੌਜੂਦਗੀ ਰਹੀ।

ਮੁੱਖ ਮੰਤਰੀ ਨੇ ਗੀਤਾ ਦੀ ਪਾਵਨ ਧਰਤੀ 'ਤੇ ਰਾਸ਼ਟਰਪਤੀ ਦਾ ਸਵਾਗਤ ਅਤੇ ਅਭਿਨੰਦਨ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਇਸ ਇਤਿਹਾਸਕ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਾ ਸੂਬਾ ਵਾਸੀਆਂ ਲਈ ਮਾਣ ਅਤੇ ਗੌਰਵ ਦਾ ਵਿਸ਼ਾ ਹੈ।

ਮੁੱਖ ਮੰਤਰੀ ਨੇ ਰਾਸ਼ਟਰਪਤੀ ਦੇ ਜੀਵਨ ਸਫ਼ਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਓਡੀਸ਼ਾ ਦੇ ਮਯੂਰਭੰਜ ਜ਼ਿਲ੍ਹੇ ਦੇ ਇੱਕ ਛੋਟੇ ਜਿਹੇ ਪਿੰਡ ਉਪਰਬੇੜਾ ਤੋਂ ਦੇਸ਼ ਦੇ ਸਰਵਉੱਚ ਸੰਵਿਧਾਨਕ ਅਹੁਦੇ ਤੱਕ ਪਹੁੰਚਣ ਦਾ ਉਨ੍ਹਾਂ ਦਾ ਸਫ਼ਰ ਭਾਰਤੀ ਲੋਕਤੰਤਰ ਦੀ ਤਾਕਤ ਅਤੇ ਸੰਵਿਧਾਨ ਦੀ ਮਰਿਆਦਾ ਦਾ ਪ੍ਰਤੀਕ ਹੈ। ਉਨ੍ਹਾਂ ਦੀ ਇਹ ਪ੍ਰੇਰਨਾਦਾਇਕ ਯਾਤਰਾ ਦੇਸ਼ ਦੀ ਹਰ ਧੀ, ਗਰੀਬ ਪਰਿਵਾਰ ਅਤੇ ਆਦਿਵਾਸੀ ਸਮਾਜ ਲਈ ਉਮੀਦ, ਆਤਮ-ਵਿਸ਼ਵਾਸ ਅਤੇ ਅੱਗੇ ਵਧਣ ਦੀ ਪ੍ਰੇਰਨਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਕੁਰੂਕਸ਼ੇਤਰ ਸਿਰਫ਼ ਇੱਕ ਸ਼ਹਿਰ ਨਹੀਂ, ਸਗੋਂ ਭਾਰਤ ਦੀ ਅਧਿਆਤਮਿਕ ਅਤੇ ਸੱਭਿਆਚਾਰਕ ਚੇਤਨਾ ਦਾ ਕੇਂਦਰ ਹੈ। ਇਸੇ ਪਾਵਨ ਧਰਤੀ 'ਤੇ ਭਗਵਾਨ ਸ੍ਰੀ ਕ੍ਰਿਸ਼ਨ ਨੇ ਅਰਜੁਨ ਨੂੰ ਗੀਤਾ ਰਾਹੀਂ ਫਰਜ਼, ਸਾਹਸ ਅਤੇ ਲੋਕ ਭਲਾਈ ਦਾ ਸੰਦੇਸ਼ ਦਿੱਤਾ ਸੀ। ਉਨ੍ਹਾਂ ਨੇ ਸਾਲ 2022 ਵਿੱਚ ਅੰਤਰਰਾਸ਼ਟਰੀ ਗੀਤਾ ਮਹੋਤਸਵ ਦੇ ਮੌਕੇ 'ਤੇ ਰਾਸ਼ਟਰਪਤੀ ਦੀ ਕੁਰੂਕਸ਼ੇਤਰ ਯਾਤਰਾ ਨੂੰ ਯਾਦ ਕਰਦਿਆਂ ਕਿਹਾ ਕਿ ਉਸ ਸਮੇਂ ਰਾਸ਼ਟਰਪਤੀ ਨੇ ਗੀਤਾ ਨੂੰ ਮਨੁੱਖਤਾ ਲਈ ਅਧਿਆਤਮਿਕ ਰੋਸ਼ਨੀ ਅਤੇ ਜੀਵਨ ਨੂੰ ਦਿਸ਼ਾ ਦੇਣ ਵਾਲਾ ਮਹਾਨ ਗ੍ਰੰਥ ਦੱਸਿਆ ਸੀ। ਅੱਜ ਉਨ੍ਹਾਂ ਦੀ ਮੁੜ ਹਾਜ਼ਰੀ ਇਸ ਪਾਵਨ ਧਰਤੀ ਲਈ ਵਿਸ਼ੇਸ਼ ਮਾਣ ਦਾ ਮੌਕਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ 1 ਨਵੰਬਰ, 1966 ਨੂੰ ਹਰਿਆਣਾ ਦਾ ਗਠਨ ਹੋਇਆ ਸੀ। ਉਸ ਸਮੇਂ ਸੂਬੇ ਨੂੰ ਪਛੜੇ ਖੇਤਰ ਵਜੋਂ ਦੇਖਿਆ ਜਾਂਦਾ ਸੀ, ਪਰ ਅੱਜ ਹਰਿਆਣਾ ਦੇਸ਼ ਦੇ ਮੋਹਰੀ ਅਤੇ ਤੇਜ਼ੀ ਨਾਲ ਵਿਕਾਸ ਕਰਨ ਵਾਲੇ ਸੂਬਿਆਂ ਵਿੱਚ ਸ਼ਾਮਲ ਹੈ। ਇਹ ਉਪਲਬਧੀ ਸੂਬੇ ਦੇ ਕਿਸਾਨਾਂ, ਮਜ਼ਦੂਰਾਂ, ਉਦਯੋਗਪਤੀਆਂ, ਵਪਾਰੀਆਂ, ਖਿਡਾਰੀਆਂ ਅਤੇ ਮਾਵਾਂ-ਭੈਣਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ।

ਉਨ੍ਹਾਂ ਕਿਹਾ ਕਿ ਹਰਿਆਣਾ ਦੀ ਪਛਾਣ ਮਿਹਨਤੀ ਕਿਸਾਨਾਂ, ਬਹਾਦਰ ਜਵਾਨਾਂ, ਧਾਕੜ ਖਿਡਾਰੀਆਂ ਅਤੇ ਸਸ਼ਕਤ ਨਾਰੀ ਤੋਂ ਹੈ। ਸੂਬੇ ਦੀਆਂ ਧੀਆਂ ਅੱਜ ਖੇਤਾਂ ਤੋਂ ਲੈ ਕੇ ਖੇਡ ਦੇ ਮੈਦਾਨਾਂ ਤੱਕ, ਫੌਜ ਤੋਂ ਲੈ ਕੇ ਸਟਾਰਟਅੱਪ ਤੱਕ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੀਆਂ ਹਨ ਅਤੇ ਸੂਬੇ ਦਾ ਮਾਣ ਵਧਾ ਰਹੀਆਂ ਹਨ।ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇ ਕਿਸਾਨਾਂ ਨੇ ਦੇਸ਼ ਦੇ ਅੰਨ ਭੰਡਾਰ ਭਰਨ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉੱਥੇ ਹੀ ਪਸ਼ੂ ਪਾਲਕਾਂ ਨੇ ਦੁੱਧ ਉਤਪਾਦਨ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਦੇ ਕੇ 'ਦੇਸ਼ਾਂ ਵਿੱਚ ਦੇਸ਼ ਹਰਿਆਣਾ, ਜਿੱਥੇ ਦੁੱਧ-ਦਹੀਂ ਦਾ ਖਾਣਾ' ਦੀ ਕਹਾਵਤ ਨੂੰ ਸਾਰਥਕ ਕੀਤਾ ਹੈ। ਸੂਬੇ ਦੇ ਜਵਾਨਾਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰਦਿਆਂ ਹਮੇਸ਼ਾ ਅਦੁੱਤੀ ਸਾਹਸ ਅਤੇ ਕੁਰਬਾਨੀ ਦਾ ਪ੍ਰਦਰਸ਼ਨ ਕੀਤਾ ਹੈ।

ਉਨ੍ਹਾਂ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਵੀ ਹਰਿਆਣਾ ਨੇ ਆਪਣੀ ਵਿਸ਼ੇਸ਼ ਪਛਾਣ ਬਣਾਈ ਹੈ। ਕਾਮਨਵੈਲਥ ਖੇਡਾਂ ਵਿੱਚ ਸੂਬੇ ਦੇ ਖਿਡਾਰੀਆਂ ਨੇ 11 ਤਗਮੇ ਅਤੇ ਏਸ਼ਿਆਈ ਖੇਡਾਂ ਵਿੱਚ 32 ਤਗਮੇ ਜਿੱਤ ਕੇ ਦੇਸ਼ ਦਾ ਮਾਣ ਵਧਾਇਆ ਹੈ। ਜਦੋਂ ਵੀ ਅੰਤਰਰਾਸ਼ਟਰੀ ਮੰਚ 'ਤੇ ਤਿਰੰਗਾ ਉੱਚਾ ਲਹਿਰਾਉਂਦਾ ਹੈ, ਉਸ ਵਿੱਚ ਹਰਿਆਣਾ ਦੀ ਮਿੱਟੀ ਦੀ ਮਿਹਨਤ ਅਤੇ ਪ੍ਰਤਿਭਾ ਦੀ ਮਹਿਕ ਹੁੰਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਖੇਤਰਫਲ ਦੇ ਲਿਹਾਜ਼ ਨਾਲ ਦੇਸ਼ ਦਾ ਛੋਟਾ ਸੂਬਾ ਹੈ, ਪਰ ਆਰਥਿਕ ਸਮਰੱਥਾ ਅਤੇ ਉਪਲਬਧੀਆਂ ਦੇ ਮਾਮਲੇ ਵਿੱਚ ਇਸ ਦੀ ਪਛਾਣ ਬਹੁਤ ਵੱਡੀ ਹੈ। ਦੇਸ਼ ਦੇ ਕੁੱਲ ਭੂਗੋਲਿਕ ਖੇਤਰਫਲ ਵਿੱਚ ਹਰਿਆਣਾ ਦੀ ਹਿੱਸੇਦਾਰੀ ਸਿਰਫ਼ 1.34 ਫੀਸਦੀ ਹੈ, ਜਦਕਿ ਦੇਸ਼ ਦੀ ਜੀਡੀਪੀ ਵਿੱਚ ਸੂਬੇ ਦਾ ਯੋਗਦਾਨ ਲਗਭਗ 3.6 ਫੀਸਦੀ ਹੈ। ਵੱਡੇ ਸੂਬਿਆਂ ਵਿੱਚ ਹਰਿਆਣਾ ਦੀ ਪ੍ਰਤੀ ਵਿਅਕਤੀ ਆਮਦਨ ਸਭ ਤੋਂ ਵੱਧ ਹੈ।

ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਬਣਨ ਵਾਲੀਆਂ ਹਰ ਤਿੰਨ ਵਿੱਚੋਂ ਦੋ ਯਾਤਰੀ ਕਾਰਾਂ ਦਾ ਉਤਪਾਦਨ ਹਰਿਆਣਾ ਵਿੱਚ ਹੁੰਦਾ ਹੈ। ਦੇਸ਼ ਦਾ ਹਰ ਦੂਜਾ ਟਰੈਕਟਰ ਅਤੇ ਹਰ 10 ਵਿੱਚੋਂ ਛੇ ਮੋਟਰਸਾਈਕਲਾਂ ਵੀ ਹਰਿਆਣਾ ਵਿੱਚ ਬਣਦੀਆਂ ਹਨ। ਇਸੇ ਤਰ੍ਹਾਂ ਭਾਰਤ ਦੇ ਬਾਸਮਤੀ ਚੌਲਾਂ ਦੇ ਨਿਰਯਾਤ ਵਿੱਚ ਹਰਿਆਣਾ ਦਾ ਯੋਗਦਾਨ 60 ਫੀਸਦੀ ਤੋਂ ਵੱਧ ਹੈ। ਇਹ ਉਪਲਬਧੀਆਂ ਦਰਸਾਉਂਦੀਆਂ ਹਨ ਕਿ ਉਦਯੋਗਿਕ ਉਤਪਾਦਨ ਤੋਂ ਲੈ ਕੇ ਖੇਤੀਬਾੜੀ ਨਿਰਯਾਤ ਤੱਕ ਹਰਿਆਣਾ ਦੇਸ਼ ਦੀ ਅਰਥਵਿਵਸਥਾ ਨੂੰ ਮਜ਼ਬੂਤੀ ਪ੍ਰਦਾਨ ਕਰ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਵੀਨਤਾ ਅਤੇ ਲੋਕ ਭਲਾਈ ਦੀਆਂ ਪਹਿਲਕਦਮੀਆਂ ਨੂੰ ਲਾਗੂ ਕਰਨ ਵਿੱਚ ਵੀ ਹਰਿਆਣਾ ਨੇ ਦੇਸ਼ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ। ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਹੈ, ਜਿੱਥੇ ਸਾਰੀਆਂ ਫ਼ਸਲਾਂ ਦੀ ਖਰੀਦ ਘੱਟੋ-ਘੱਟ ਸਮਰਥਨ ਮੁੱਲ ਤੇ ਕੀਤੀ ਜਾ ਰਹੀ ਹੈ। ਪਿੰਡਾਂ ਨੂੰ ਲਾਲ ਡੋਰਾ ਮੁਕਤ ਕਰਨ ਅਤੇ ਪੜ੍ਹੀਆਂ-ਲਿਖੀਆਂ ਪੰਚਾਇਤਾਂ ਦੇ ਗਠਨ ਦੀ ਪਹਿਲ ਵੀ ਸਭ ਤੋਂ ਪਹਿਲਾਂ ਹਰਿਆਣਾ ਨੇ ਕੀਤੀ। ਇਸ ਤੋਂ ਇਲਾਵਾ, ਦੇਸ਼ ਦੀ ਪਹਿਲੀ ਹਾਈਡ੍ਰੋਜਨ ਰੇਲਗੱਡੀ ਦਾ ਸੰਚਾਲਨ ਜੀਂਦ-ਸੋਨੀਪਤ ਵਿਚਕਾਰ ਹਰਿਆਣਾ ਵਿੱਚ ਹੋਇਆ ਹੈ। ਉੱਥੇ ਹੀ ਰੋਹਤਕ ਅਤੇ ਕੁਰੂਕਸ਼ੇਤਰ ਵਿੱਚ ਦੇਸ਼ ਦੇ ਪਹਿਲੇ ਐਲੀਵੇਟਿਡ ਰੇਲਵੇ ਟਰੈਕਾਂ ਦਾ ਨਿਰਮਾਣ ਕਰਕੇ ਸੂਬੇ ਨੇ ਆਧੁਨਿਕ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਵੀ ਨਵੀਂ ਮਿਸਾਲ ਕਾਇਮ ਕੀਤੀ ਹੈ।

ਮੁੱਖ ਮੰਤਰੀ ਨੇ ਆਧੁਨਿਕ ਹਰਿਆਣਾ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਵਾਲੀਆਂ ਸਾਰੀਆਂ ਮਹਾਨ ਸ਼ਖ਼ਸੀਅਤਾਂ ਅਤੇ ਸੂਬਾ ਵਾਸੀਆਂ ਦੀ ਮਿਹਨਤ ਨੂੰ ਨਮਨ ਕਰਦਿਆਂ ਕਿਹਾ ਕਿ ਪਿਛਲੇ 60 ਸਾਲਾਂ ਵਿੱਚ ਹਰਿਆਣਾ ਨੇ ਵਿਕਾਸ ਦੀ ਲੰਮੀ ਯਾਤਰਾ ਤੈਅ ਕੀਤੀ ਹੈ। ਹੁਣ ਸਮਾਂ ਹੈ ਕਿ ਇਸ ਤਰੱਕੀ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਜਾਵੇ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ-2047 ਦੇ ਸੰਕਲਪ ਨੂੰ ਪੂਰਾ ਕਰਨ ਵਿੱਚ ਹਰਿਆਣਾ ਆਪਣੀ ਮੋਹਰੀ ਭੂਮਿਕਾ ਨਿਭਾਏਗਾ ਅਤੇ ਦੇਸ਼ ਦਾ ਪਹਿਲਾ ਵਿਕਸਤ ਸੂਬਾ ਬਣਨ ਦੀ ਦਿਸ਼ਾ ਵਿੱਚ ਅੱਗੇ ਵਧੇਗਾ।

ਜ਼ਮੀਨ ਮਾਲਕਾਂ ਨੂੰ ਮਿਲੇਗਾ ਵਿਕਸਿਤ ਖੇਤਰ ਦਾ 50 ਪ੍ਰਤੀਸ਼ਤ ਹਿੱਸਾ; ਚਾਰ ਸਾਲਾਂ ਤੱਕ ਮਿਲੇਗੀ ਪ੍ਰਤੀ ਸਾਲ ਪ੍ਰਤੀ ਏਕੜ 1 ਲੱਖ ਰੁਪਏ ਦੀ ਅੰਤਰਿਮ ਵਿੱਤੀ ਸਹਾਇਤਾ



ਚੰਡੀਗੜ੍ਹ, 3 ਨਵੰਬਰ
-ਸੰਜੀਵ ਸ਼ਰਮਾ-

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਹੋਈ ਹਰਿਆਣਾ ਮੰਤਰੀ ਮੰਡਲ ਦੀ ਮੀਟਿੰਗ ਵਿੱਚ 'ਲੈਂਡ ਪੂਲਿੰਗ ਪਾਲਿਸੀ-2026' ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ। ਇਹ ਨੀਤੀ ਮੌਜੂਦਾ 'ਲੈਂਡ ਪੂਲਿੰਗ ਪਾਲਿਸੀ-2022' ਦੀ ਥਾਂ ਲਵੇਗੀ। ਨਵੀਂ ਨੀਤੀ ਦਾ ਉਦੇਸ਼ ਵਿਕਾਸ ਪ੍ਰੋਜੈਕਟਾਂ ਵਿੱਚ ਜ਼ਮੀਨ ਮਾਲਕਾਂ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਨਵੀਂ ਨੀਤੀ ਦੇ ਤਹਿਤ, ਜ਼ਮੀਨ ਮਾਲਕਾਂ ਨੂੰ ਮਨਜ਼ੂਰਸ਼ੁਦਾ ਲੇਆਉਟ ਪਲਾਨ ਅਨੁਸਾਰ ਪ੍ਰੋਜੈਕਟ ਦੇ ਕੁੱਲ ਵਿਕਰੀ ਯੋਗ ਖੇਤਰ ਦਾ 50 ਪ੍ਰਤੀਸ਼ਤ ਹਿੱਸਾ ਦਿੱਤਾ ਜਾਵੇਗਾ, ਜਦੋਂ ਕਿ ਬਾਕੀ 50 ਪ੍ਰਤੀਸ਼ਤ ਹਿੱਸਾ ਵਿਕਾਸ ਏਜੰਸੀ ਕੋਲ ਰਹੇਗਾ। ਜ਼ਮੀਨ ਮਾਲਕਾਂ ਦੇ ਹਿੱਸੇ ਦਾ ਨਿਰਧਾਰਨ ਬਾਜ਼ਾਰ ਮੁੱਲ ਨਾਲ ਜੋੜਨ ਸੰਬੰਧੀ ਪਹਿਲਾਂ ਵਾਲੇ ਨਿਯਮਾਂ ਨੂੰ ਹਟਾ ਦਿੱਤਾ ਗਿਆ ਹੈ।

ਜ਼ਮੀਨ ਮਾਲਕਾਂ ਨੂੰ ਮਿਲਣ ਵਾਲੇ 50 ਪ੍ਰਤੀਸ਼ਤ ਹਿੱਸੇ ਵਿੱਚ ਨਿਰਧਾਰਿਤ ਯੋਗਤਾ ਅਨੁਸਾਰ ਵਪਾਰਕ ਸਥਾਨ ਵੀ ਉਪਲਬਧ ਕਰਵਾਏ ਜਾਣਗੇ। ਬਾਕੀ ਖੇਤਰ ਪ੍ਰੋਜੈਕਟ ਦੇ ਉਦੇਸ਼ ਅਨੁਸਾਰ ਰਿਹਾਇਸ਼ੀ, ਉਦਯੋਗਿਕ ਜਾਂ ਸੰਸਥਾਗਤ ਪਲਾਟਾਂ ਦੇ ਰੂਪ ਵਿੱਚ ਅਲਾਟ ਕੀਤਾ ਜਾਵੇਗਾ। ਨੀਤੀ ਦੇ ਤਹਿਤ ਜ਼ਮੀਨ ਮਾਲਕਾਂ ਨੂੰ ਉਨ੍ਹਾਂ ਦੁਆਰਾ ਦਿੱਤੀ ਗਈ ਜ਼ਮੀਨ ਦੇ ਅਨੁਪਾਤ ਵਿੱਚ, ਵਿਕਰੀ ਡੀਡ ਦੀ ਰਜਿਸਟ੍ਰੇਸ਼ਨ ਦੀ ਮਿਤੀ ਤੋਂ ਚਾਰ ਸਾਲਾਂ ਤੱਕ ਪ੍ਰਤੀ ਸਾਲ ਪ੍ਰਤੀ ਏਕੜ 1 ਲੱਖ ਰੁਪਏ ਦੀ ਅੰਤਰਿਮ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਜੇਕਰ ਸੇਲ ਡੀਡ ਦੇ 15 ਦਿਨਾਂ ਦੇ ਅੰਦਰ ਇਹ ਰਾਸ਼ੀ ਟਰਾਂਸਫਰ ਨਹੀਂ ਕੀਤੀ ਜਾਂਦੀ, ਤਾਂ ਜ਼ਮੀਨ ਮਾਲਕ ਦੇਰੀ ਦੀ ਮਿਆਦ ਲਈ 9 ਪ੍ਰਤੀਸ਼ਤ ਸਾਲਾਨਾ ਸਾਧਾਰਨ ਵਿਆਜ ਪ੍ਰਾਪਤ ਕਰਨ ਦੇ ਹੱਕਦਾਰ ਹੋਣਗੇ।

ਪਰਿਯੋਜਨਾ ਨੂੰ ਪੂਰਾ ਕਰਨ ਦੀ ਸਮਾਂ-ਸੀਮਾ ਪੰਜ ਸਾਲ ਤੋਂ ਘਟਾ ਕੇ ਚਾਰ ਸਾਲ ਕਰ ਦਿੱਤੀ ਗਈ ਹੈ। ਵਿਕਾਸ ਏਜੰਸੀ ਨੂੰ ਪ੍ਰੋਜੈਕਟ ਦੀ ਅੰਤਿਮ ਪ੍ਰਵਾਨਗੀ ਦੀ ਮਿਤੀ ਤੋਂ ਚਾਰ ਸਾਲਾਂ ਦੇ ਅੰਦਰ ਸਾਰੀਆਂ ਜ਼ਰੂਰੀ ਬੁਨਿਆਦੀ ਸਹੂਲਤਾਂ ਦਾ ਵਿਕਾਸ ਪੂਰਾ ਕਰਨਾ ਹੋਵੇਗਾ। ਨਿਰਧਾਰਿਤ ਸਮਾਂ-ਸੀਮਾ ਵਿੱਚ ਕੰਮ ਪੂਰਾ ਨਾ ਹੋਣ ਦੀ ਸੂਰਤ ਵਿੱਚ ਜ਼ਮੀਨ ਮਾਲਕਾਂ ਨੂੰ ਜ਼ਮੀਨ ਵਾਪਸ ਕਰ ਦਿੱਤੀ ਜਾਵੇਗੀ।

ਜ਼ਮੀਨ ਮਾਲਕਾਂ ਨੂੰ ਅਲਾਟ ਕੀਤੇ ਜਾਣ ਵਾਲੇ ਵਿਕਸਿਤ ਪਲਾਟਾਂ ਦਾ ਘੱਟੋ-ਘੱਟ ਆਕਾਰ ਵੀ ਨਿਰਧਾਰਿਤ ਕੀਤਾ ਗਿਆ ਹੈ। ਇਸ ਦੇ ਤਹਿਤ ਰਿਹਾਇਸ਼ੀ ਪਲਾਟ 100 ਵਰਗ ਮੀਟਰ, ਉਦਯੋਗਿਕ ਪਲਾਟ 250 ਵਰਗ ਮੀਟਰ ਅਤੇ ਸੰਸਥਾਗਤ ਪਲਾਟ 500 ਵਰਗ ਮੀਟਰ ਦੇ ਹੋਣਗੇ। ਅਸਲ ਅਲਾਟ ਕੀਤਾ ਗਿਆ ਖੇਤਰ ਜ਼ਮੀਨ ਦੇ ਯੋਗਦਾਨ ਦੇ ਅਨੁਪਾਤ ਵਿੱਚ ਨਿਰਧਾਰਿਤ ਕੀਤਾ ਜਾਵੇਗਾ। ਜਿਨ੍ਹਾਂ ਜ਼ਮੀਨ ਮਾਲਕਾਂ ਦਾ ਜ਼ਮੀਨ ਯੋਗਦਾਨ 2,000 ਵਰਗ ਮੀਟਰ ਤੋਂ ਵੱਧ ਹੋਵੇਗਾ, ਉਨ੍ਹਾਂ ਨੂੰ ਯੋਗਤਾ ਅਨੁਸਾਰ ਕਿਓਸਕ ਜਾਂ ਬੂਥ ਦੇ ਰੂਪ ਵਿੱਚ ਵਪਾਰਕ ਪਲਾਟ ਅਲਾਟ ਕੀਤੇ ਜਾਣਗੇ।

999 ਵਰਗ ਮੀਟਰ ਤੋਂ ਘੱਟ ਜ਼ਮੀਨ ਦਾ ਯੋਗਦਾਨ ਪਾਉਣ ਵਾਲੇ ਜ਼ਮੀਨ ਮਾਲਕਾਂ ਨੂੰ 'ਜ਼ਮੀਨ ਐਕੁਆਇਰ, ਮੁੜ-ਵਸੇਬਾ ਅਤੇ ਮੁੜ-ਸਥਾਪਨਾ ਵਿੱਚ ਵਾਜਬ ਮੁਆਵਜ਼ਾ ਅਤੇ ਪਾਰਦਰਸ਼ਤਾ ਦਾ ਅਧਿਕਾਰ ਐਕਟ, 2013' ਦੇ ਤਹਿਤ ਜਾਂ ਪਲਾਟ ਦੇ ਰਾਖਵੇਂ ਮੁੱਲ ਅਨੁਸਾਰ ਮੁਆਵਜ਼ਾ ਰਾਸ਼ੀ ਦਿੱਤੀ ਜਾਵੇਗੀ। ਇਨ੍ਹਾਂ ਵਿੱਚੋਂ ਜੋ ਵੀ ਰਾਸ਼ੀ ਵੱਧ ਹੋਵੇਗੀ, ਉਹ ਜ਼ਮੀਨ ਮਾਲਕ ਨੂੰ ਪ੍ਰਦਾਨ ਕੀਤੀ ਜਾਵੇਗੀ।

ਜ਼ਮੀਨ ਯੋਗਤਾ ਸਰਟੀਫਿਕੇਟ (Land Entitlement Certificate) ਧਾਰਕ ਆਪਣੇ ਸਰਟੀਫਿਕੇਟਾਂ ਨੂੰ ਇੱਕ ਨਾਲ ਜੋੜ ਕੇ ਵੱਡੇ ਆਕਾਰ ਦੇ ਵਿਕਸਿਤ ਪਲਾਟਾਂ ਲਈ ਸਾਂਝੇ ਤੌਰ 'ਤੇ ਅਰਜ਼ੀ ਦੇ ਸਕਣਗੇ। ਇਸ ਤੋਂ ਇਲਾਵਾ, ਵਿਕਾਸ ਏਜੰਸੀ ਦੁਆਰਾ ਅਲਾਟ ਕੀਤੇ ਪਲਾਟਾਂ ਨੂੰ ਵਾਪਸ ਖਰੀਦਣ ਦੀ ਮਿਆਦ ਇੱਕ ਸਾਲ ਤੋਂ ਵਧਾ ਕੇ ਤਿੰਨ ਸਾਲ ਕਰ ਦਿੱਤੀ ਗਈ ਹੈ।

ਨੀਤੀ ਵਿੱਚ ਲੈਂਡ ਐਗਰੀਗੇਟਰ ਦਾ ਮਿਹਨਤਾਨਾ ਸੰਬੰਧਿਤ ਮਾਲੀਆ ਸੰਪਤੀ ਵਿੱਚ ਖੇਤੀਬਾੜੀ ਜ਼ਮੀਨ ਦੇ ਕਲੈਕਟਰ ਰੇਟ ਦਾ 0.5 ਪ੍ਰਤੀਸ਼ਤ ਨਿਰਧਾਰਿਤ ਕੀਤਾ ਗਿਆ ਹੈ। ਇਹ ਰਾਸ਼ੀ ਵਿਕਾਸ ਏਜੰਸੀ ਦੁਆਰਾ ਬਰਦਾਸ਼ਤ ਕੀਤੀ ਜਾਵੇਗੀ ਅਤੇ ਪ੍ਰੋਜੈਕਟ ਦੀ ਸੇਲ ਡੀਡ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਭੁਗਤਾਨ ਕੀਤਾ ਜਾਵੇਗਾ। ਨਵੀਂ ਨੀਤੀ ਵਿੱਚ 'ਈ-ਭੂਮੀ' ਦੇ ਮਾਧਿਅਮ ਨਾਲ ਲੈਂਡ ਪੂਲਿੰਗ ਨੂੰ ਸ਼ਾਮਲ ਨਹੀਂ ਕੀਤਾ ਗਿਆ ਹੈ।



